ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 131
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 13 May, 2026) ਬੁੱਧਵਾਰ, 13 ਮਈ, 2026, 30 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਜੀ.ਡੀ.ਪੀ. ਦੇ ਅੰਕੜੇ ਹੁਣ ਹਰ ਸਾਲ ਸੱਤ ਜੂਨ ਨੂੰ ਜਾਰੀ ਹੋਣਗੇ

ਨਵੀਂ ਦਿੱਲੀ,12 ਮਈ (ਚ.ਨ.ਸ.):ਕੌਮੀ ਅੰਕੜਾ ਦਫ਼ਤਰ ਨੇ ਪਿਛਲੇ ਵਿੱਤੀ ਸਾਲ ਅਤੇ ਮਾਰਚ ਤਿਮਾਹੀ ਦੇ ਕੁੱਲ ਘਰੇਲੂ ਉਤਪਾਦ (ਜੀ.ਡੀ.ਪੀ.) ਦੇ ਅੰਕੜਿਆਂ ਦੀ ਪ੍ਰਕਾਸ਼ਨ ਮਿਤੀ ਨੂੰ ਮਈ ਦੇ ਆਖਰੀ ਕੰਮਕਾਜੀ ਦਿਨ ਤੋਂ ਸੋਧ ਕੇ ਸੱਤ ਜੂਨ ਕਰ ਦਿੱਤਾ ਹੈ। ਅੰਕੜਾ ਅਤੇ ਪ੍ਰੋਗਰਾਮ ਲਾਗੂਕਰਨ ਮੰਤਰਾਲੇ ਦੇ ਬਿਆਨ ਅਨੁਸਾਰ, ਜੇ ਸੱਤ ਜੂਨ ਨੂੰ ਛੁੱਟੀ ਹੁੰਦੀ ਹੈ, ਤਾਂ ਅੰਕੜੇ ਉਸ ਤੋਂ ਪਹਿਲਾਂ ਵਾਲੇ ਕੰਮਕਾਜੀ ਦਿਨ 'ਤੇ ਜਾਰੀ ਕੀਤੇ ਜਾਣਗੇ। ਨਤੀਜੇ ਵਜੋਂ ਵਿੱਤੀ ਸਾਲ 2025-26 ਅਤੇ ਮਾਰਚ ਤਿਮਾਹੀ ਦੇ ਜੀ.ਡੀ.ਪੀ. ਅੰਕੜੇ (ਬਾਕੀ ਸਫਾ 2 'ਤੇ)

ਸੰਜੀਵ ਅਰੋੜਾ ਮਾਮਲਾ ਹਾਈ ਕੋਰਟ ਪੁੱਜਾ

ਸੁਣਵਾਈ ਦੌਰਾਨ ਈ.ਡੀ. ਦੀ ਕਾਰਵਾਈ 'ਤੇ ਉੱਠੇ ਸਵਾਲ, ਅਗਲੀ ਸੁਣਵਾਈ 14 ਨੂੰ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 12 ਮਈ : ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਈ.ਡੀ. ਦੀ ਗ੍ਰਿਫ਼ਤਾਰੀ ਵਿਰੁੱਧ ਦਾਇਰ ਪਟੀਸ਼ਨ 'ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਹਿਮ ਸੁਣਵਾਈ ਹੋਈ। ਅਰੋੜਾ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਪੁਨੀਤ ਬਾਲੀ ਨੇ ਅਦਾਲਤ ਵਿੱਚ ਈ.ਡੀ. ਦੀ ਕਾਰਜਪ੍ਰਣਾਲੀ ਅਤੇ ਗ੍ਰਿਫ਼ਤਾਰੀ ਦੀ ਪ੍ਰਕਿਰਿਆ ਨੂੰ ਲੈ ਕੇ ਕਈ ਗੰਭੀਰ ਨੁਕਤੇ ਚੁੱਕੇ।

ਐਫ.ਆਈ.ਆਰ. ਨੂੰ ਗੁਪਤ ਰੱਖਣ ਦਾ ਦੋਸ਼: ਐਡਵੋਕੇਟ ਪੁਨੀਤ ਬਾਲੀ ਨੇ ਅਦਾਲਤ ਨੂੰ ਦੱਸਿਆ ਕਿ ਸੰਜੀਵ ਅਰੋੜਾ ਵਿਰੁੱਧ 19 ਅਪ੍ਰੈਲ ਨੂੰ ਐਫ.ਆਈ.ਆਰ. ਦਰਜ ਕੀਤੀ ਗਈ ਸੀ ਪਰ ਇਸ ਨੂੰ 11 ਮਈ ਤੱਕ ਜਨਤਕ ਨਹੀਂ ਕੀਤਾ ਗਿਆ ਸੀ। ਪਟੀਸ਼ਨ ਵਿੱਚ ਪਹਿਲਾਂ ਹੀ ਕਿਹਾ ਗਿਆ ਸੀ ਕਿ ਐਫ.ਆਈ.ਆਰ. ਦੀ ਕਾਪੀ ਪਟੀਸ਼ਨਰ ਨੂੰ ਮੁਹੱਈਆ ਨਹੀਂ ਕਰਵਾਈ ਗਈ। ਬਚਾਅ ਪੱਖ ਨੇ ਦਲੀਲ ਦਿੱਤੀ ਕਿ ਇਸ ਮਾਮਲੇ ਵਿੱਚ ਈ.ਡੀ. ਹੀ ਸ਼ਿਕਾਇਤਕਰਤਾ ਹੈ ਅਤੇ ਈ.ਡੀ. ਹੀ ਖ਼ੁਦ ਜਾਂਚ ਕਰ ਰਹੀ ਹੈ, ਜੋ ਕਿ ਨਿਰਪੱਖ ਜਾਂਚ ਦੇ ਸਿਧਾਂਤਾਂ ਦੇ ਵਿਰੁੱਧ ਹੈ। ਅਦਾਲਤ ਨੂੰ ਜਾਣੂ ਕਰਵਾਇਆ ਗਿਆ ਕਿ ਹਿਰਾਸਤ ਦੌਰਾਨ ਪਟੀਸ਼ਨਰ ਨੂੰ ਪਾਵਰ ਆਫ਼ ਅਟਾਰਨੀ ਅਤੇ ਵਕਾਲਤਨਾਮੇ 'ਤੇ ਦਸਤਖਤ ਕਰਨ ਦੀ ਇਜਾਜ਼ਤ ਵੀ ਨਹੀਂ ਦਿੱਤੀ ਗਈ। ਇਸੇ ਕਾਰਨ ਇਹ (ਬਾਕੀ ਸਫਾ 2 'ਤੇ)

ਈ.ਡੀ. ਦੀ ਜਾਂਚ 'ਚ ਵੱਡਾ ਖੁਲਾਸਾ

ਕਰੋੜਾਂ ਦੀ ਫ਼ਰਮ ਦਾ ਮਾਲਕ ਨਿਕਲਿਆ ਦਿਹਾੜੀਦਾਰ ਮਜ਼ਦੂਰ!

ਚੰਡੀਗੜ੍ਹ, 12 ਮਈ (ਚ.ਨ.ਸ.): ਜਦੋਂ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਖਾਤਿਆਂ ਦੀ ਫਰੋਲਾ ਫਰਾਲੀ ਕੀਤੀ ਤਾਂ ਇੱਕ ਦਿਹਾੜੀਦਾਰ ਮਜ਼ਦੂਰ ਕਮਲ ਅਹਿਮਦ ਕਰੋੜਪਤੀ ਫ਼ਰਮ ਦਾ ਮਾਲਕ ਨਿਕਲਿਆ। ਈ.ਡੀ. ਨੇ ਲੰਘੇ ਕੱਲ੍ਹ ਗੁਰੂ ਗਰਾਮ ਦੀ ਪੀ.ਐੱਮ.ਐੱਲ.ਏ. ਵਿਸ਼ੇਸ਼ ਅਦਾਲਤ 'ਚ ਸੁਣਵਾਈ ਦੌਰਾਨ ਇਹ ਤੱਥ ਰੱਖੇ ਹਨ। ਈ.ਡੀ. ਅਨੁਸਾਰ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਕੰਪਨੀ ਹੈਮਪਟਨ (ਬਾਕੀ ਸਫਾ 2 'ਤੇ)

ਨੀਟ-ਯੂਜੀ 2026 ਦੀ 3 ਮਈ ਨੂੰ ਹੋਈ ਪ੍ਰੀਖਿਆ ਲੀਕ ਹੋਣ ਕਾਰਨ ਰੱਦ

ਹੁਣ ਸੀ.ਬੀ.ਆਈ. ਕਰੇਗੀ ਜਾਂਚ

ਨਵੀਂ ਦਿੱਲੀ, 12 ਮਈ (ਚ.ਨ.ਸ.): ਪੇਪਰ ਲੀਕ ਹੋਣ ਦੇ ਵਧਦੇ ਦੋਸ਼ਾਂ ਅਤੇ ਪ੍ਰੀਖਿਆ ਵਿੱਚ ਵੱਡੇ ਪੱਧਰ 'ਤੇ ਹੋਈਆਂ ਬੇਨਿਯਮੀਆਂ ਦੇ ਵਿਚਕਾਰ, ਕੇਂਦਰ ਸਰਕਾਰ ਨੇ ਮੰਗਲਵਾਰ ਨੂੰ 3 ਮਈ ਨੂੰ ਕਰਵਾਈ ਗਈ ਨੀਟ-ਯੂਜੀ 2026 ਦੀ ਪ੍ਰੀਖਿਆ ਨੂੰ ਰੱਦ ਕਰ ਦਿੱਤਾ ਹੈ। ਸਰਕਾਰ ਨੇ ਐਲਾਨ ਕੀਤਾ ਹੈ ਕਿ ਦੇਸ਼ ਦੇ ਇਸ ਸਭ ਤੋਂ ਵੱਡੇ ਮੈਡੀਕਲ ਐਂਟਰੈਂਸ ਟੈਸਟ ਨੂੰ ਦੁਬਾਰਾ ਕਰਵਾਇਆ ਜਾਵੇਗਾ, ਜਿਸ ਦੀਆਂ ਤਰੀਕਾਂ ਬਾਰੇ ਬਾਅਦ ਵਿੱਚ ਵੱਖਰੇ ਤੌਰ 'ਤੇ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ, ਸਰਕਾਰ ਨੇ ਇਨ੍ਹਾਂ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਮਾਮਲਾ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਸੌਂਪ ਦਿੱਤਾ ਹੈ।ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਨੇ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਕਿ ਇਹ ਫੈਸਲਾ ਕੇਂਦਰੀ ਏਜੰਸੀਆਂ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਮਿਲੀਆਂ ਜਾਂਚ ਰਿਪੋਰਟਾਂ ਦੇ ਆਧਾਰ 'ਤੇ ਲਿਆ (ਬਾਕੀ ਸਫਾ 2 'ਤੇ)

ਰਿਸ਼ਵਤਖੋਰੀ ਮਾਮਲੇ 'ਚ ਸੀ.ਬੀ.ਆਈ. ਵੱਲੋਂ ਤਿੰਨ ਮੁਲਜ਼ਮ ਗ੍ਰਿਫ਼ਤਾਰ

ਵਿਜੀਲੈਂਸ ਬਿਊਰੋ ਦੇ ਉੱਚ ਅਧਿਕਾਰੀਆਂ ਦੇ ਨਾਮ 'ਤੇ ਰਿਸ਼ਵਤ ਮੰਗਣ ਅਤੇ ਸਵੀਕਾਰ ਕਰਨ ਦਾ ਦੋਸ਼

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 12 ਮਈ :ਪੰਜਾਬ ਵਿਜੀਲੈਂਸ ਬਿਊਰੋ ਦੇ ਉੱਚ ਅਧਿਕਾਰੀਆਂ ਦੇ ਨਾਮ 'ਤੇ ਰਿਸ਼ਵਤ ਮੰਗਣ ਅਤੇ ਸਵੀਕਾਰ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਮੁਲਜ਼ਮਾਂ ਨੂੰ ਅੱਜ ਸੀ.ਬੀ.ਆਈ. ਵੱਲੋਂ ਚੰਡੀਗੜ੍ਹ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਨੇ ਉਨ੍ਹਾਂ ਨੂੰ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਦੋ ਵਿਚੋਲੇ ਵਿਕਾਸ ਉਰਫ਼ ਵਿੱਕੀ ਗੋਇਲ, ਰਾਘਵ ਗੋਇਲ ਅਤੇ ਉਨ੍ਹਾਂ ਦਾ ਸਾਥੀ ਅੰਕਿਤ ਵਧਵਾ ਸ਼ਾਮਲ ਹਨ। ਦੱਸ ਦਈਏ ਕੀ ਦੋ ਮੁਲਜ਼ਮ ਰਾਘਵ ਅਤੇ ਵਿਕਾਸ ਨੂੰ ਤਿੰਨ ਦਿਨਾਂ ਦੇ ਰਿਮਾਂਡ ਤੇ ਭੇਜਿਆ ਗਿਆ ਹੈ ਅਤੇ ਅੰਕਿਤ ਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਚ ਭੇਜਿਆ ਹੈ। ਇਹ ਕਾਰਵਾਈ ਪੰਜਾਬ ਦੇ ਇੱਕ ਟੈਕਸ ਅਧਿਕਾਰੀ ਦੀ ਸ਼ਿਕਾਇਤ 'ਤੇ ਕੀਤੀ ਗਈ ਹੈ। ਸ਼ਿਕਾਇਤਕਰਤਾ ਅਨੁਸਾਰ, ਉਸ ਵਿਰੁੱਧ ਵਿਜੀਲੈਂਸ ਵਿਭਾਗ ਵਿੱਚ ਚੱਲ ਰਹੀ ਇੱਕ ਸ਼ਿਕਾਇਤ ਨੂੰ ਖ਼ਤਮ ਕਰਵਾਉਣ ਬਦਲੇ ਮੁਲਜ਼ਮਾਂ ਨੇ 20 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਬਾਅਦ ਵਿੱਚ ਇਹ ਸੌਦਾ 13 ਲੱਖ ਰੁਪਏ ਅਤੇ ਇੱਕ ਮਹਿੰਗੇ 'ਸੈਮਸੰਗ ਗਲੈਕਸੀ ਜ਼ੈੱਡ ਫੋਲਡ-7' ਮੋਬਾਈਲ ਫ਼ੋਨ ਵਿੱਚ ਤੈਅ ਹੋਇਆ। ਸੀ.ਬੀ.ਆਈ. ਨੇ ਜਾਲ ਵਿਛਾ ਕੇ ਅੰਕਿਤ ਵਧਵਾ ਨੂੰ 13 ਲੱਖ ਰੁਪਏ ਦੀ ਨਕਦੀ ਅਤੇ ਮੋਬਾਈਲ ਫ਼ੋਨ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ। ਜਾਂਚ ਦੌਰਾਨ ਮੁਲਜ਼ਮਾਂ ਦੇ ਟਿਕਾਣਿਆਂ ਤੋਂ 9 ਲੱਖ ਰੁਪਏ ਦੀ ਹੋਰ ਨਕਦੀ ਅਤੇ ਕਈ ਅਹਿਮ ਦਸਤਾਵੇਜ਼ ਵੀ ਬਰਾਮਦ ਕੀਤੇ ਗਏ ਹਨ। ਇਸ ਮਾਮਲੇ ਵਿੱਚ ਡੀ.ਜੀ.ਪੀ. ਵਿਜੀਲੈਂਸ ਦੇ ਰੀਡਰ ਓ. ਪੀ. ਰਾਣਾ ਦੀ ਸਰਗਰਮ ਭੂਮਿਕਾ ਸਾਹਮਣੇ ਆਈ ਹੈ, ਜੋ ਫਿਲਹਾਲ ਫ਼ਰਾਰ ਹੈ। ਸੀ.ਬੀ.ਆਈ. ਉਸ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀ ਹੈ। ਇਸ ਤੋਂ ਇਲਾਵਾ, ਨਿੱਜੀ ਵਿਅਕਤੀਆਂ ਨੂੰ ਦਿੱਤੇ ਗਏ ਪੰਜਾਬ ਪੁਲਿਸ ਦੇ ਸਰਕਾਰੀ ਗੰਨਮੈਨਾਂ ਦੀ ਭੂਮਿਕਾ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਹਸਪਤਾਲ 'ਚ ਕੈਪਟਨ ਅਮਰਿੰਦਰ ਸਿੰਘ ਨੂੰ ਮਿਲਣ ਪੁੱਜੇ ਸੁਨੀਲ ਜਾਖੜ

ਚੰਡੀਗੜ੍ਹ, 12 ਮਈ (ਚ.ਨ.ਸ.):ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਉਹਨਾਂ ਦੀ ਬੇਟੀ ਜੈ ਇੰਦਰ ਕੌਰ (ਪ੍ਰਧਾਨ, ਭਾਜਪਾ ਮਹਿਲਾ ਵਿੰਗ) ਅਤੇ ਸੂਬਾ ਭਾਜਪਾ ਪ੍ਰਧਾਨ ਸੁਨੀਲ ਜਾਖੜ ਮੰਗਲਵਾਰ ਨੂੰ ਮੋਹਾਲੀ ਦੇ ਹਸਪਤਾਲ ਵਿੱਚ ਇਕੱਠੇ ਨਜ਼ਰ ਆਏ। ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਿਚਕਾਰ ਹੋਈ ਮੁਲਾਕਾਤ ਨੇ ਸਿਆਸੀ ਹਲਚਲ ਤੇਜ਼ ਕਰ ਦਿੱਤੀ ਹੈ। ਜਾਖੜ ਨੇ ਅੱਜ (ਬਾਕੀ ਸਫਾ 2 'ਤੇ)

ਕੇਂਦਰੀ ਮੰਤਰੀ ਨੇ ਅਫ਼ਵਾਹਾਂ 'ਤੇ ਤੋੜੀ ਚੁੱਪੀ

ਲਾਕਡਾਊਨ ਦੀ ਗੱਲ ਝੂਠੀ, ਦੇਸ਼ ਕੋਲ ਬਾਲਣ ਦੀ ਪੂਰੀ ਸਪਲਾਈ: ਪੁਰੀ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 12 ਮਈ :ਪ੍ਰਧਾਨ ਮੰਤਰੀ ਮੋਦੀ ਦੇ ਤਾਜ਼ਾ ਬਿਆਨਾਂ ਤੋਂ ਬਾਅਦ ਦੇਸ਼ ਵਿੱਚ ਲਾਕਡਾਊਨ ਨੂੰ ਲੈ ਕੇ ਵੱਖ-ਵੱਖ ਤਰ੍ਹਾਂ ਦੀਆਂ ਅਫ਼ਵਾਹਾਂ ਸਾਹਮਣੇ ਆ ਰਹੀਆਂ ਸਨ। ਹਾਲਾਂਕਿ ਇਸ ਸਬੰਧ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਮੰਗਲਵਾਰ ਨੂੰ ਤਾਜ਼ਾ ਬਿਆਨ ਦਿੱਤਾ ਹੈ। ਉਹ ਇੱਥੇ ਇੱਕ ਪ੍ਰੋਗਰਾਮ ਵਿੱਚ ਪੁੱਜੇ ਹੋਏ ਸਨ।

ਇਸ ਦੌਰਾਨ ਸੰਬੋਧਨ ਕਰਦਿਆਂ ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਲਾਕਡਾਊਨ ਦੀ ਗੱਲ ਨੂੰ ਪੂਰੀ ਤਰ੍ਹਾਂ ਝੂਠੀ ਅਤੇ ਇੱਕ ਅਫਵਾਹ ਕਰਾਰ ਦਿੱਤਾ ਅਤੇ ਕਿਹਾ ਕਿ ਭਾਰਤ ਕੋਲ ਬਾਲਣ ਦੀ ਪੂਰੀ ਸਪਲਾਈ ਹੈ।ਪੁਰੀ ਨੇ ਇੱਕ ਸੀਆਈਆਈ ਪ੍ਰੋਗਰਾਮ ਵਿੱਚ ਕਿਹਾ ਦੇਸ਼ ਵਿੱਚ ਕਿਸੇ ਵੀ ਪੈਟਰੋਲੀਅਮ ਉਤਪਾਦ ਦੀ ਕੋਈ ਕਮੀ ਨਹੀਂ ਹੈ। ਭਾਰਤ ਕੋਲ 60 ਦਿਨਾਂ ਦਾ ਕੱਚਾ ਤੇਲ, 60 ਦਿਨਾਂ ਦੀ ਐੱਲਐੱਨਜੀ ਅਤੇ 45 ਦਿਨਾਂ ਦੇ ਐੱਲਪੀਜੀ ਭੰਡਾਰ ਉਪਲਬਧ ਹਨ। ਪੱਛਮੀ ਏਸ਼ੀਆ ਵਿੱਚ ਤਣਾਅ ਦੇ ਵਿਚਕਾਰ, ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ, ਭਾਰਤ ਨੇ ਬੇਮਿਸਾਲ ਤਰੀਕੇ ਨਾਲ ਆਪਣੇ ਰੋਜ਼ਾਨਾ ਐੱਲਪੀਜੀ ਉਤਪਾਦਨ (35,000 ਟਨ ਤੋਂ ਵਧਾ ਕੇ 54,000 ਟਨ) ਵਿੱਚ ਵਾਧਾ ਕੀਤਾ ਹੈ।'' ਉਨ੍ਹਾਂ ਕਿਹਾ ਕਿ ਸੰਕਟ ਦੇ ਸਮੇਂ ਦੌਰਾਨ ਕਈ ਦੇਸ਼ਾਂ ਨੇ ਤੇਲ ਦੀਆਂ ਕੀਮਤਾਂ ਅਤੇ ਉਪਲਬਧਤਾ ਵਿੱਚ ਉਤਰਾਅ-ਚੜ੍ਹਾਅ ਦਾ ਸਾਹਮਣਾ ਕੀਤਾ, ਪਰ ਭਾਰਤ 'ਤੇ (ਬਾਕੀ ਸਫਾ 2 'ਤੇ)

ਮਾਨ ਸਰਕਾਰ ਵੱਲੋਂ ਸਰਕਾਰੀ ਨੌਕਰੀਆਂ 'ਚ ਅਗਨੀਵੀਰਾਂ ਲਈ ਰਾਖਵਾਂਕਰਨ ਨੂੰ ਅੰਤਿਮ ਰੂਪ ਦੇਣ ਲਈ ਉੱਚ-ਤਾਕਤੀ ਕਮੇਟੀ ਗਠਿਤ

ਪੰਜਾਬ ਦੇ ਨੌਜਵਾਨਾਂ ਦਾ ਬਹਾਦਰੀ ਤੇ ਕੁਰਬਾਨੀ ਦੇ ਜਜ਼ਬੇ ਨਾਲ ਦੇਸ਼ ਦੀ ਸੇਵਾ ਕਰਨ ਦਾ ਗੌਰਵਸ਼ਾਲੀ ਇਤਿਹਾਸ ਹੈ: ਮਾਨ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 12 ਮਈ :ਅਗਨੀਪੱਥ ਸਕੀਮ ਤਹਿਤ ਫੌਜ ਵਿੱਚ ਅਗਨੀਵੀਰ ਵਜੋਂ ਆਪਣਾ ਸੇਵਾਕਾਲ ਪੂਰਾ ਕਰਨ ਤੋਂ ਬਾਅਦ ਉਨ੍ਹਾਂ ਦੇ ਮੁੜ ਵਸੇਬੇ ਲਈ ਵੱਡਾ ਫੈਸਲਾ ਲੈਂਦਿਆਂ ਪੰਜਾਬ ਸਰਕਾਰ ਨੇ ਅਗਨੀਵੀਰਾਂ ਲਈ ਰਾਖਵਾਂਕਰਨ ਨੀਤੀ ਤਿਆਰ ਕਰਨ ਦਾ ਫੈਸਲਾ ਕੀਤਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਉਚ-ਤਾਕਤੀ ਕਮੇਟੀ ਦਾ ਗਠਨ ਕੀਤਾ ਹੈ ਜੋ ਸਰਕਾਰੀ ਸੇਵਾਵਾਂ ਵਿੱਚ ਅਗਨੀਵੀਰਾਂ ਨੂੰ ਰਾਖਵੇਂਕਰਨ ਦੇ ਲਾਭ ਦੇਣ ਲਈ ਰੂਪ-ਰੇਖਾ ਉਲੀਕੇਗੀ।

ਅੱਜ ਇੱਥੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰੀ ਨੌਕਰੀਆਂ ਵਿੱਚ ਅਗਨੀਵੀਰਾਂ ਨੂੰ ਰਾਖਵਾਂਕਰਨ ਦੇਣ ਲਈ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਨੀਤੀ ਨੂੰ ਤੈਅ ਸਮੇਂ ਵਿੱਚ ਅੰਤਿਮ ਰੂਪ ਵਿੱਚ ਜਾਣਾ ਚਾਹੀਦਾ ਹੈ ਤਾਂ ਕਿ ਸਿਖਲਾਈਯਾਫਤਾ ਤੇ ਅਨੁਸ਼ਾਸਨਬੱਧ ਨੌਜਵਾਨ ਪੰਜਾਬ ਦੇ ਸਮਾਜਿਕ ਤੇ ਆਰਥਿਕ ਵਿਕਾਸ ਦਾ ਅਟੁੱਟ ਹਿੱਸਾ ਬਣ ਸਕਣ।

ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਾਖਵਾਂਕਰਨ ਨੀਤੀ ਦੀ ਰੂਪ-ਰੇਖਾ ਨੂੰ ਵਿਆਪਕ ਢੰਗ ਨਾਲ ਉਲੀਕਣ ਦੀ ਲੋੜ ਹੈ ਤਾਂ ਜੋ ਦੇਸ਼ ਦੀ ਸੇਵਾ ਕਰਨ ਤੋਂ ਬਾਅਦ ਵਾਪਸ ਆਉਣ ਵਾਲੇ ਅਗਨੀਵੀਰਾਂ ਦਾ ਚੰਗੇ ਢੰਗ ਨਾਲ ਪੁਨਰਵਾਸ ਕੀਤਾ ਜਾ ਸਕੇ ਅਤੇ ਉਨ੍ਹਾਂ ਦੇ ਹੁਨਰ ਨੂੰ ਪੰਜਾਬ ਦੀ ਤਰੱਕੀ ਲਈ ਵਰਤਿਆ (ਬਾਕੀ ਸਫਾ 2 'ਤੇ)

ਹੇਮੰਤ ਬਿਸਵਾ ਸਰਮਾ ਨੇ ਲਗਾਤਾਰ ਦੂਜੀ ਵਾਰ ਆਸਾਮ ਦੇ ਮੁੱਖ ਮੰਤਰੀ ਵਜੋਂ ਚੁੱਕੀ ਸਹੁੰ

ਸਮਾਗਮ 'ਚ ਮੋਦੀ ਤੇ ਸ਼ਾਹ ਸਮੇਤ ਕਈ ਆਗੂ ਰਹੇ ਮੌਜੂਦ

ਚੜ੍ਹਦੀਕਲਾ ਬਿਊਰੋ

ਗੁਹਾਟੀ,12 ਮਈ : ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਹੇਮੰਤ ਬਿਸਵਾ ਸਰਮਾ ਨੇ ਅੱਜ ਲਗਾਤਾਰ ਦੂਜੀ ਵਾਰ ਆਸਾਮ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਲਈ ਹੈ। ਗੁਹਾਟੀ ਦੇ ਖਾਨਾਪਾਰਾ ਸਥਿਤ ਵੈਟਰਨਰੀ ਗਰਾਊਂਡ ਵਿੱਚ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਰਾਜਪਾਲ ਲਕਸ਼ਮਣ ਪ੍ਰਸਾਦ ਅਚਾਰੀਆ ਨੇ ਉਨ੍ਹਾਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਇਸ ਦੇ ਨਾਲ ਹੀ ਸੂਬੇ ਵਿੱਚ ਲਗਾਤਾਰ ਤੀਜੀ ਵਾਰ ਐੱਨ.ਡੀ.ਏ. ਸਰਕਾਰ ਦੇ ਗਠਨ ਦਾ ਰਾਹ ਪੱਧਰਾ ਹੋ ਗਿਆ ਹੈ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਨਿਤਿਨ ਗਡਕਰੀ ਅਤੇ ਸਰਬਾਨੰਦ ਸੋਨੋਵਾਲ ਵਿਸ ਤੌਰ 'ਤੇ ਹਾਜ਼ਰ ਰਹੇ। ਇਨ੍ਹਾਂ ਤੋਂ ਇਲਾਵਾ ਭਾਜਪਾ ਸ਼ਾਸਿਤ ਰਾਜਾਂ ਦੇ ਮੁੱਖ ਮੰਤਰੀ, ਉਪ ਮੁੱਖ ਮੰਤਰੀ ਅਤੇ ਭਾਜਪਾ (ਬਾਕੀ ਸਫਾ 2 'ਤੇ)

ਹੁਣ ਹਰ ਸਾਲ ਸੱਤ ਜੂਨ ਨੂੰ ਜਾਰੀ

ਹੁਣ ਪੰਜ ਜੂਨ ਨੂੰ ਜਾਰੀ ਕੀਤੇ ਜਾਣਗੇ, ਕਿਉਂਕਿ ਸੱਤ ਜੂਨ ਨੂੰ ਐਤਵਾਰ ਦੀ ਛੁੱਟੀ ਹੈ। ਅੰਕੜਿਆਂ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਰਾਸ਼ਟਰੀ ਲੇਖਾ ਅੰਕੜਾ ਸਲਾਹਕਾਰ ਕਮੇਟੀ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਇਹ ਸੋਧ ਕੀਤੀ ਗਈ ਹੈ। ਬਿਆਨ ਅਨੁਸਾਰ, ''ਕੌਮੀ ਅੰਕੜਾ ਦਫ਼ਤਰ ਨੇ ਸਾਲਾਨਾ ਕੁੱਲ ਘਰੇਲੂ ਉਤਪਾਦ ਦੇ ਅਸਥਾਈ ਅਨੁਮਾਨਾਂ ਅਤੇ ਚੌਥੀ ਤਿਮਾਹੀ ਦੇ ਜੀਡੀਪੀ ਦੇ ਤਿਮਾਹੀ ਅਨੁਮਾਨਾਂ ਦੀ ਪ੍ਰਕਾਸ਼ਨ ਮਿਤੀ ਨੂੰ ਮਈ ਦੇ ਆਖਰੀ ਕੰਮਕਾਜੀ ਦਿਨ ਤੋਂ ਸੋਧ ਕੇ ਸੱਤ ਜੂਨ ਕਰ ਦਿੱਤਾ ਹੈ। ਸੱਤ ਜੂਨ ਨੂੰ ਛੁੱਟੀ ਹੋਣ ਦੀ ਸਥਿਤੀ ਵਿੱਚ ਉਸ ਤੋਂ ਪਹਿਲਾਂ ਵਾਲੇ ਕੰਮਕਾਜੀ ਦਿਨ ਨੂੰ ਅੰਕੜੇ ਜਾਰੀ ਕੀਤੇ ਜਾਣਗੇ।'' ਕੁਝ ਮਹੱਤਵਪੂਰਨ ਅੰਕੜੇ ਦੋ ਮਹੀਨਿਆਂ ਤੱਕ ਦੀ ਦੇਰੀ ਨਾਲ ਉਪਲੱਬਧ ਹੁੰਦੇ ਹਨ, ਇਸ ਲਈ ਪ੍ਰਕਾਸ਼ਨ ਮਿਤੀ ਵਿੱਚ ਸੋਧ ਦੀ ਲੋੜ ਪੈਦਾ ਹੋਈ ਹੈ। ਵਿਸ਼ੇਸ਼ ਤੌਰ 'ਤੇ, ਸੂਚੀਬੱਧ ਕੰਪਨੀਆਂ ਲਈ ਚੌਥੀ ਤਿਮਾਹੀ ਅਤੇ ਸਾਲਾਨਾ ਵਿੱਤੀ ਨਤੀਜੇ ਦਾਖਲ ਕਰਨ ਦੀ ਕਾਨੂੰਨੀ ਸਮਾਂ ਸੀਮਾ ਵਿੱਤੀ ਸਾਲ ਦੀ ਸਮਾਪਤੀ ਤੋਂ 60 ਦਿਨ ਹੈ। ਇਸ ਦੇ ਨਤੀਜੇ ਵਜੋਂ ਵੱਡੀ ਗਿਣਤੀ ਵਿੱਚ ਕੰਪਨੀਆਂ 31 ਮਈ ਦੀ ਸਮਾਂ ਸੀਮਾ ਦੇ ਨੇੜੇ ਆਪਣੇ ਵਿੱਤੀ ਵੇਰਵੇ ਦਿੰਦੀਆਂ ਹਨ। ਇਸ ਤੋਂ ਇਲਾਵਾ, ਕੇਂਦਰੀ ਸਰਕਾਰੀ ਖਾਤਿਆਂ ਦੇ ਸਬੰਧ ਵਿੱਚ, ਮਾਰਚ ਮਹੀਨੇ ਦੇ ਮਾਲੀਆ ਖਰਚੇ, ਪੂੰਜੀਗਤ ਖਰਚੇ, ਟੈਕਸ, ਸਬਸਿਡੀ ਅਤੇ ਵਿਆਜ ਦੇ ਭੁਗਤਾਨ ਨਾਲ ਸਬੰਧਤ ਪ੍ਰਮੁੱਖ ਅੰਕੜਿਆਂ ਨੂੰ ਅੰਤਿਮ ਰੂਪ ਦਿੱਤਾ ਜਾਂਦਾ ਹੈ ਅਤੇ ਇਹ ਦੋ ਮਹੀਨਿਆਂ ਦੀ ਦੇਰੀ ਨਾਲ ਹੀ ਉਪਲੱਬਧ ਹੁੰਦਾ ਹੈ। ਇਹ ਸੋਧ ਕੌਮੀ ਲੇਖਾ ਸੰਕਲਨ ਵਿੱਚ ਵਰਤੇ ਜਾਣ ਵਾਲੇ ਅੰਕੜਿਆਂ ਦੀ ਗੁਣਵੱਤਾ ਵਿੱਚ ਸੁਧਾਰ ਲਈ ਮੰਤਰਾਲੇ ਦੇ ਨਿਰੰਤਰ ਯਤਨਾਂ ਦਾ ਹਿੱਸਾ ਹੈ। ਨਾਲ ਹੀ ਇਹ ਦੁਨੀਆਂ ਦੇ ਹੋਰ ਦੇਸ਼ਾਂ ਵਿੱਚ ਪ੍ਰਚੱਲਿਤ ਗਤੀਵਿਧੀਆਂ ਦੇ ਅਨੁਸਾਰ ਵੀ ਹੈ।

ਸੁਣਵਾਈ ਦੌਰਾਨ ਈ.ਡੀ. ਦੀ ਕਾਰਵਾਈ

ਪਟੀਸ਼ਨ ਉਨ੍ਹਾਂ ਦੇ ਪੁੱਤਰ ਕਾਵਿਆ ਅਰੋੜਾ ਰਾਹੀਂ ਦਾਇਰ ਕਰਨੀ ਪਈ। ਵਕੀਲ ਨੇ ਸਪੱਸ਼ਟ ਕੀਤਾ ਕਿ ਅਰੋੜਾ ਦੀ ਫਰਮ (ਐਚ.ਐਸ.ਆਰ.ਐਲ.) ਨੇ ਮੋਬਾਈਲ ਫੋਨਾਂ ਦੀ ਖਰੀਦ ਦੀ ਸਾਰੀ ਅਦਾਇਗੀ ਚੈੱਕਾਂ ਰਾਹੀਂ ਕੀਤੀ ਸੀ ਅਤੇ ਨਿਯਮਾਂ ਮੁਤਾਬਕ ਜੀ.ਐਸ.ਟੀ. ਦਾ ਭੁਗਤਾਨ ਵੀ ਕੀਤਾ ਗਿਆ ਸੀ।

ਪਟੀਸ਼ਨ ਵਿੱਚ ਪਹਿਲਾਂ ਹੀ ਇਹ ਦਾਅਵਾ ਕੀਤਾ ਗਿਆ ਹੈ ਕਿ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਪਹਿਲਾਂ ਤੋਂ ਤੈਅ ਸੀ। ਦਸਤਾਵੇਜ਼ਾਂ ਮੁਤਾਬਕ, ਜਾਂਚ ਅਧਿਕਾਰੀ ਨੇ ਦੁਪਹਿਰ 3:25 ਵਜੇ ਅਰੋੜਾ ਦਾ ਬਿਆਨ ਪੜ੍ਹਨਾ ਸ਼ੁਰੂ ਕੀਤਾ ਅਤੇ ਸਿਰਫ਼ 35 ਮਿੰਟਾਂ ਬਾਅਦ ਸ਼ਾਮ 4:00 ਵਜੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਬਚਾਅ ਪੱਖ ਦਾ ਕਹਿਣਾ ਹੈ ਕਿ ਇੰਨੇ ਥੋੜ੍ਹੇ ਸਮੇਂ ਵਿੱਚ 17 ਪੰਨਿਆਂ ਦੇ ਗੁੰਝਲਦਾਰ 'ਗ੍ਰਿਫ਼ਤਾਰੀ ਦੇ ਆਧਾਰ' ਤਿਆਰ ਕਰਨਾ ਸੰਭਵ ਨਹੀਂ ਹੈ। ਅਦਾਲਤ ਨੇ ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਮਾਮਲੇ ਦੀ ਅਗਲੀ ਸੁਣਵਾਈ 14 ਮਈ ਨੂੰ ਦੁਪਹਿਰ 2 ਵਜੇ ਲਈ ਤੈਅ ਕੀਤੀ ਹੈ। ਸੰਜੀਵ ਅਰੋੜਾ ਫਿਲਹਾਲ 16 ਮਈ ਤੱਕ ਈ.ਡੀ. ਦੀ ਹਿਰਾਸਤ ਵਿੱਚ ਹਨ। ਪਿਛਲੇ ਦਿਨੀ ਈ.ਡੀ. ਨੇ ਸੰਜੀਵ ਅਰੋੜਾ ਦੇ ਚੰਡੀਗੜ੍ਹ ਸਥਿਤ ਸਰਕਾਰੀ ਰਿਹਾਇਸ਼ 'ਤੇ ਛਾਪਾ ਮਾਰਿਆ ਅਤੇ ਸ਼ਾਮ ਨੂੰ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ, ਉਨ੍ਹਾਂ ਨੂੰ ਦੇਰ ਰਾਤ ਗੁਰੂਗ੍ਰਾਮ ਦੀ ਇੱਕ ਵਿਸ਼ੇਸ਼ ਪੀ.ਐਮ.ਐਲ.ਏ. ਅਦਾਲਤ ਵਿੱਚ ਪੇਸ਼ ਕੀਤਾ ਗਿਆ। ਈ.ਡੀ. ਦੀਆਂ ਦਲੀਲਾਂ ਸੁਣਨ ਤੋਂ ਬਾਅਦ, ਅਦਾਲਤ ਨੇ ਅਰੋੜਾ ਨੂੰ ਸੱਤ ਦਿਨਾਂ ਦੇ ਰਿਮਾਂਡ 'ਤੇ ਭੇਜ ਦਿੱਤਾ।

ਦੱਸ ਦੇਈਏ ਕਿ ਸੰਜੀਵ ਅਰੋੜਾ ਲੁਧਿਆਣਾ ਪੱਛਮੀ ਤੋਂ ਵਿਧਾਇਕ ਹਨ ਅਤੇ ਪੰਜਾਬ ਦੇ ਸਭ ਤੋਂ ਸ਼ਕਤੀਸ਼ਾਲੀ ਮੰਤਰੀ ਸਨ। ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਵਿਭਾਗ ਹੁਣ ਤਿੰਨ ਮੰਤਰੀਆਂ 'ਚ ਵੰਡ ਕਰ ਦਿੱਤੀ ਗਈ ਹੈ। ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਤਰੁਣਪ੍ਰੀਤ ਸੌਂਦ ਨੂੰ ਬਿਜਲੀ ਮੰਤਰਾਲਾ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਸਥਾਨਕ ਸਰਕਾਰਾਂ ਮੰਤਰਾਲਾ ਅਤੇ ਰਿਹਾਇਸ਼ ਅਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਨੂੰ ਉਦਯੋਗ ਮੰਤਰਾਲਾ ਦਿੱਤਾ ਗਿਆ ਹੈ। ਅਮਨ ਅਰੋੜਾ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਵੀ ਹਨ।

ਕਰੋੜਾਂ ਦੀ ਫ਼ਰਮ ਦਾ ਮਾਲਕ ਨਿੱਕਲਿਆ

ਸਕਾਈ ਰਿਐਲਟੀ ਲਿਮਟਿਡ ਨੇ 27.73 ਕਰੋੜ ਦੀ ਟਰਾਂਸਫ਼ਰ ਦਿੱਲੀ ਦੀ ਇੱਕ ਅਜਿਹੀ ਫ਼ਰਮ ਨੂੰ ਕੀਤੀ ਹੈ, ਜਿਸ ਦਾ ਮਾਲਕ ਦਿਹਾੜੀਦਾਰ ਮਜ਼ਦੂਰ ਹੈ। ਦਿਹਾੜੀਦਾਰ ਮਜ਼ਦੂਰ ਕਮਲ ਅਹਿਮਦ ਦਿੱਲੀ ਦੇ ਉੱਤਰੀ ਘੋਂਡਾ ਦਾ ਰਹਿਣ ਵਾਲਾ ਹੈ, ਜਿਸ ਨੇ ਈ.ਡੀ. ਕੋਲ ਬਿਆਨ ਦਰਜ ਕਰਾਏ ਹਨ ਕਿ ਉਹ ਤਾਂ ਬਹੁਤਾ ਪੜ੍ਹਿਆ ਲਿਖਿਆ ਨਹੀਂ ਹੈ ਅਤੇ ਨਾ ਹੀ ਉਸ ਨੂੰ ਕੰਪਨੀ ਆਦਿ ਬਾਰੇ ਕੋਈ ਗਿਆਨ ਹੀ ਹੈ। ਮਜ਼ਦੂਰ ਕਮਲ ਅਹਿਮਦ ਨੇ ਬਿਆਨ ਦਰਜ ਕਰਾਏ ਕਿ ਅਜ਼ਹਰ ਹੈਦਰ ਉਰਫ਼ ਮੋਟੀ ਨਾਮ ਦੇ ਵਿਅਕਤੀ ਨੇ ਉਸ ਦਾ ਆਧਾਰ ਅਤੇ ਪੈਨ ਕਾਰਡ ਲੈਣ ਤੋਂ ਇਲਾਵਾ ਕਾਗ਼ਜ਼ਾਂ 'ਤੇ ਦਸਤਖ਼ਤ ਲਏ ਸਨ। ਹੈਦਰ ਨੇ ਖ਼ੁਦ ਵੀ ਮੰਨਿਆ ਹੈ ਕਿ ਉਸ ਨੇ ਡੇਢ ਦੋ ਫ਼ੀਸਦੀ ਕਮਿਸ਼ਨ ਦੇ ਅਧਾਰ 'ਤੇ ਇਹ ਕੰਮ ਕੀਤਾ ਹੈ। ਸੰਜੀਵ ਅਰੋੜਾ ਦੀ ਫ਼ਰਮ ਨੇ ਅਗਸਤ, 2023 ਤੋਂ ਜਨਵਰੀ, 2024 ਦੇ ਦਰਮਿਆਨ ਕਥਿਤ ਤੌਰ 'ਤੇ ਐੱਸ ਕੇ ਐਂਟਰਪ੍ਰਾਈਜ਼ਿਜ਼ ਦੇ ਕਈ ਬੈਂਕ ਖਾਤਿਆਂ 'ਚ 41 ਆਰ ਟੀ ਜੀ ਐੱਸ ਭੁਗਤਾਨਾਂ ਜ਼ਰੀਏ 27.73 ਕਰੋੜ ਰੁਪਏ ਟਰਾਂਸਫ਼ਰ ਕੀਤੇ, ਜਿਸ ਫ਼ਰਮ ਦਾ ਮਾਲਕ ਦਿਹਾੜੀਦਾਰ ਮਜ਼ਦੂਰ ਹੈ। ਅਰੋੜਾ ਪਰਿਵਾਰ ਦੀਆਂ ਫ਼ਰਮਾਂ ਨੇ 157.12 ਕਰੋੜ ਦੇ ਮੋਬਾਈਲ ਫੋਨਾਂ ਦੀ ਵਿੱਕਰੀ ਸਥਾਨਿਕ ਅਤੇ ਵਿਦੇਸ਼ੀ ਕੰਪਨੀਆਂ ਨੂੰ ਦਿਖਾਈ ਹੈ। ਸੰਜੀਵ ਅਰੋੜਾ ਇਸ ਵੇਲੇ ਈ ਡੀ ਕੋਲ ਰਿਮਾਂਡ 'ਤੇ ਚੱਲ ਰਹੇ ਹਨ ਅਤੇ ਅਰੋੜਾ ਨੇ ਇਸ ਗ੍ਰਿਫ਼ਤਾਰੀ ਦੇ ਖ਼ਿਲਾਫ਼ ਪੰਜਾਬ ਤੇ ਹਰਿਆਣਾ ਹਾਈ ਕੋਰਟ ਤੱਕ ਵੀ ਪਹੁੰਚ ਕੀਤੀ ਹੈ।

ਨੀਟ-ਯੂਜੀ 2026 ਦੀ 3 ਮਈ ਨੂੰ ਹੋਈ

ਗਿਆ ਹੈ, ਜਿਨ੍ਹਾਂ ਨੇ ਪ੍ਰੀਖਿਆ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸਵਾਲ ਖੜ੍ਹੇ ਕੀਤੇ ਸਨ।ਏਜੰਸੀ ਨੇ ਸਪੱਸ਼ਟ ਕੀਤਾ ਕਿ ਪ੍ਰਣਾਲੀ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਦੀ ਮਨਜ਼ੂਰੀ ਨਾਲ 3 ਮਈ 2026 ਨੂੰ ਹੋਈ ਪ੍ਰੀਖਿਆ ਰੱਦ ਕਰਨ ਦਾ ਫੈਸਲਾ ਲਿਆ ਗਿਆ ਹੈ। ਐਨ.ਟੀ.ਏ. ਨੇ ਕਿਹਾ ਕਿ ਮੌਜੂਦਾ ਪ੍ਰੀਖਿਆ ਪ੍ਰਕਿਰਿਆ ਨੂੰ ਬਰਕਰਾਰ ਰੱਖਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਸੀ।

ਲਾਕਡਾਊਨ ਦੀ ਗੱਲ

ਇਸ ਦਾ ਕੋਈ ਅਸਰ ਨਹੀਂ ਪਿਆ।

ਮੰਤਰੀ ਨੇ ਕਿਹਾ, ਕੁਝ ਲੋਕਾਂ ਨੇ ਜਮ੍ਹਾਂਖੋਰੀ ਕਰਨ ਅਤੇ ਅਫਵਾਹਾਂ ਫੈਲਾਉਣ ਦੀ ਪੂਰੀ ਕੋਸ਼ਿਸ਼ ਕੀਤੀ, ਪਰ ਸਾਡੀਆਂ ਕੋਸ਼ਿਸ਼ਾਂ ਨੇ ਇਹ ਯਕੀਨੀ ਬਣਾਇਆ ਕਿ ਦੇਸ਼ ਵਿੱਚ ਕਿਤੇ ਵੀ ਪੈਟਰੋਲ, ਡੀਜ਼ਲ ਜਾਂ ਐਲਪੀਜੀ ਦੀ ਕੋਈ ਕਮੀ ਨਹੀਂ ਹੋਈ।

ਉਨ੍ਹਾਂ ਨੇ ਇਸ ਨੂੰ ਇੱਕ ਅਫ਼ਵਾਹ ਦੱਸਿਆ ਕਿ ਭਾਰਤ ਨੇ ਰੂਸ ਤੋਂ ਐੱਲਐੱਨਜੀ ਦਰਾਮਦ ਲੈਣ ਤੋਂ ਇਨਕਾਰ ਕਰ ਦਿੱਤਾ ਹੈ।

ਪੁਰੀ ਨੇ ਕਿਹਾ, ਸੱਚਾਈ ਇਹ ਹੈ ਕਿ ਭਾਰਤ ਨੇ ਕਦੇ ਵੀ ਰੂਸ ਤੋਂ ਐਲਐਨਜੀ ਦੀ ਦਰਾਮਦ ਨਹੀਂ ਕੀਤੀ ਹੈ। ਮਿੱਥ ਇਹ ਹੈ ਕਿ ਦੇਸ਼ ਵਿੱਚ ਇੱਕ ਵੱਡਾ ਲੌਕਡਾਊਨ ਆ ਰਿਹਾ ਹੈ। ਸੱਚਾਈ ਇਹ ਹੈ ਕਿ ਇਹ ਪੂਰੀ ਤਰ੍ਹਾਂ ਝੂਠ ਅਤੇ ਇੱਕ ਅਫਵਾਹ ਹੈ। ਭਾਵੇਂ ਕੋਰੋਨਾ ਕਾਲ ਹੋਵੇ ਜਾਂ ਕੁਝ ਹੋਰ, ਵਿਰੋਧੀ ਧਿਰ ਨੇ ਹਮੇਸ਼ਾ ਅਫਵਾਹਾਂ ਫੈਲਾਉਣ ਦੀ ਕੋਸ਼ਿਸ਼ ਕੀਤੀ ਹੈ ਅਤੇ ਲੋਕਾਂ ਨੂੰ ਭੜਕਾਉਣ ਵਿੱਚ ਕੋਈ ਕਸਰ ਨਹੀਂ ਛੱਡੀ।''

ਉਨ੍ਹਾਂ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਤਣਾਅ ਦੇ ਸਮੇਂ ਦੌਰਾਨ, ਦੇਸ਼ ਨੇ ਆਪਣੇ ਰੋਜ਼ਾਨਾ ਐੱਲਪੀਜੀ ਉਤਪਾਦਨ ਵਿੱਚ ਲੱਗਭੱਗ 55 ਫੀਸਦੀ ਵਾਧਾ ਕੀਤਾ ਹੈ।

ਮੰਤਰੀ ਨੇ ਕਿਹਾ, 'ਇਹ ਪ੍ਰਾਪਤੀ ਸੱਚਮੁੱਚ ਅਸਧਾਰਨ ਹੈ ਅਤੇ ਸੰਕਟ ਪ੍ਰਬੰਧਨ ਵਿੱਚ ਭਾਰਤ ਦੀ ਸਮਰੱਥਾ, ਸਵੈ-ਨਿਰਭਰਤਾ ਅਤੇ ਤਾਕਤ ਨੂੰ ਦਰਸਾਉਂਦੀ ਹੈ।'

ਹਾਲਾਂਕਿ ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਜੇ ਕੱਚੇ ਤੇਲ ਦੀਆਂ ਕੀਮਤਾਂ ਉੱਚੀਆਂ ਰਹਿੰਦੀਆਂ ਹਨ ਅਤੇ ਰਿਟੇਲ ਬਾਲਣ ਦੀਆਂ ਕੀਮਤਾਂ ਉਹੀ ਰਹਿੰਦੀਆਂ ਹਨ, ਤਾਂ ਸਰਕਾਰੀ ਤੇਲ ਮਾਰਕੀਟਿੰਗ ਕੰਪਨੀਆਂ ਨੂੰ ਇੱਕ ਤਿਮਾਹੀ ਵਿੱਚ 1 ਲੱਖ ਕਰੋੜ ਰੁਪਏ ਦਾ ਨੁਕਸਾਨ ਹੋ ਸਕਦਾ ਹੈ।

ਉਨ੍ਹਾਂ ਕਿਹਾ ਕਿ ਕਿਸੇ ਪੜਾਅ 'ਤੇ, ਇਸ ਗੱਲ ਦਾ ਮੁਲਾਂਕਣ ਕਰਨ ਦੀ ਲੋੜ ਹੈ ਕਿ ਰਿਟੇਲਰ ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਨੂੰ ਲਾਗਤ ਤੋਂ ਘੱਟ ਕੀਮਤ 'ਤੇ ਵੇਚ ਕੇ ਕਦੋਂ ਤੱਕ ਨੁਕਸਾਨ ਝੱਲ ਸਕਦੇ ਹਨ। ਹਾਲਾਂਕਿ ਮੰਤਰੀ ਨੇ ਇਸ ਬਾਰੇ ਅੰਦਾਜ਼ਾ ਲਗਾਉਣ ਤੋਂ ਇਨਕਾਰ ਕਰ ਦਿੱਤਾ ਕਿ ਕੀ ਰੇਟ ਜਲਦੀ ਹੀ ਵਧਾਏ ਜਾਣਗੇ।

ਉਨ੍ਹਾਂ ਨੇ ਇੱਥੇ ਸੀਆਈਆਈ ਦੇ ਸਲਾਨਾ ਬਿਜ਼ਨਸ ਸੰਮੇਲਨ ਵਿੱਚ ਕਿਹਾ, 'ਸਾਨੂੰ ਸਪਲਾਈ ਵਾਲੇ ਪਾਸੇ ਕੋਈ ਸਮੱਸਿਆ ਨਹੀਂ ਹੈ।' ਉਨ੍ਹਾਂ ਅੱਗੇ ਕਿਹਾ ਕਿ ਭਾਰਤ ਨੇ ਸੰਕਟ ਦੀ ਸ਼ੁਰੂਆਤ 'ਲੋੜ ਤੋਂ ਵੱਧ' ਕੱਚੇ ਤੇਲ ਅਤੇ ਐਲਪੀਜੀ ਦੇ ਭੰਡਾਰ ਨਾਲ ਕੀਤੀ ਸੀ ਅਤੇ ਉਦੋਂ ਤੋਂ ਘਰੇਲੂ ਐਲਪੀਜੀ ਉਤਪਾਦਨ ਨੂੰ ਪਹਿਲਾਂ ਦੇ ਲੱਗਭੱਗ 36,000 ਟਨ ਤੋਂ ਵਧਾ ਕੇ 54,000 ਟਨ ਪ੍ਰਤੀ ਦਿਨ ਕਰ ਦਿੱਤਾ ਹੈ।

ਮਾਨ ਸਰਕਾਰ ਵੱਲੋਂ ਸਰਕਾਰੀ ਨੌਕਰੀਆਂ 'ਚ ਅਗਨੀਵੀਰਾਂ ਲਈ

ਜਾ ਸਕੇ।''

ਮੁੱਖ ਮੰਤਰੀ ਨੇ ਵੱਖ-ਵੱਖ ਵਿਭਾਗਾਂ ਵਿੱਚ ਅਗਨੀਵੀਰਾਂ ਦੇ ਰਾਖਵੇਂਕਰਨ ਅਤੇ ਭਰਤੀ ਸਬੰਧੀ ਸਿਫਾਰਸਾਂ ਤਿਆਰ ਕਰਨ ਅਤੇ ਰੂਪ-ਰੇਖਾ ਨੂੰ ਅੰਤਿਮ ਰੂਪ ਦੇਣ ਲਈ ਸੂਬੇ ਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਵਿਕਾਸ ਪ੍ਰਤਾਪ, ਭਾਵਨਾ ਗਰਗ, ਸੁਮੇਰ ਸਿੰਘ ਗੁਰਜਰ ਅਤੇ ਐਸ.ਐਸ. ਸ੍ਰੀਵਾਸਤਵ 'ਤੇ ਅਧਾਰਿਤ ਕਮੇਟੀ ਦਾ ਗਠਨ ਕੀਤਾ। ਅਗਨੀਵੀਰਾਂ ਦੀ ਕਾਬਲੀਅਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ

ਪੰਜਾਬ ਪੁਲਿਸ, ਜੰਗਲਾਤ ਗਾਰਡ, ਅੱਗ ਬੁਝਾਊ ਸੇਵਾਵਾਂ, ਜੇਲ੍ਹਾਂ, ਹੋਮ ਗਾਰਡ, ਪੈਸਕੋ ਅਤੇ ਸਰਕਾਰ ਦੇ ਕਈ ਹੋਰ ਵਿਭਾਗਾਂ ਵਿੱਚ ਪ੍ਰਭਾਵਸਾਲੀ ਢੰਗ ਨਾਲ ਵਰਤਿਆ ਜਾ ਸਕਦਾ ਹੈ। ਉਨ੍ਹਾਂ ਕਿਹਾ, "ਅਗਨੀਵੀਰਾਂ ਦੀ ਰਾਖਵੇਂਕਰਨ ਅਤੇ ਚੋਣ ਸਬੰਧੀ ਪੈਮਾਨੇ ਨੂੰ ਛੇਤੀ ਤੋਂ ਛੇਤੀ ਅੰਤਿਮ ਰੂਪ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਹੁਨਰਮੰਦ ਅਤੇ ਅਨੁਸਾਸਿਤ ਨੌਜਵਾਨਾਂ ਦੀਆਂ ਸੇਵਾਵਾਂ ਨੂੰ ਸਭ ਤੋਂ ਵਧੀਆ ਢੰਗ ਨਾਲ ਵਰਤਿਆ ਜਾ ਸਕੇ।"

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਹੀ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ, "ਇਹ ਬਹੁਤ ਮਾਣ ਤੇ ਸੰਤੁਸਟੀ ਦੀ ਗੱਲ ਹੈ ਕਿ ਦੇਸ਼ ਦਾ ਅੰਨਦਾਤਾ ਹੋਣ ਦੇ ਨਾਲ-ਨਾਲ ਪੰਜਾਬ ਨੂੰ ਦੇਸ਼ ਦੀ ਖੜਗਭੁਜਾ ਵਜੋਂ ਵੀ ਜਾਣਿਆ ਜਾਂਦਾ ਹੈ। ਪੰਜਾਬ ਦੇ ਲੋਕਾਂ ਨੂੰ ਦੁਨੀਆ ਭਰ ਵਿੱਚ ਉਨ੍ਹਾਂ ਦੀ ਹਿੰਮਤ, ਮਿਹਨਤ ਅਤੇ ਉੱਦਮੀ ਭਾਵਨਾ ਹੋਣ ਦਾ ਮਾਣ ਪ੍ਰਾਪਤ ਹੈ।"

ਹਥਿਆਰਬੰਦ ਸੈਨਾਵਾਂ, ਅਰਧ ਸੈਨਿਕ ਬਲਾਂ, ਪੁਲਿਸ ਅਤੇ ਅਗਨੀਵੀਰਾਂ ਵੱਲੋਂ ਦੇਸ਼ ਦੀ ਰਾਖੀ ਵਿੱਚ ਪਾਏ ਗਏ ਅਥਾਹ ਯੋਗਦਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਡਿਊਟੀ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਉਪਰਾਲਾ ਸੈਨਿਕਾਂ, ਅਰਧ ਸੈਨਿਕ ਬਲਾਂ, ਪੁਲਿਸ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।" ਉਨ੍ਹਾਂ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਪਹਿਲ ਅਗਨੀਵੀਰਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਦੇਸ਼ ਪ੍ਰਤੀ ਉਨ੍ਹਾਂ ਦੀ ਸੇਵਾ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਾਂ ਨੂੰ ਸਹਾਇਤਾ ਪ੍ਰਦਾਨ ਕਰਨ ਵਿੱਚ ਸਹਾਈ ਸਾਬਤ ਹੋਵੇਗੀ।

ਹੇਮੰਤ ਬਿਸਵਾ ਸ਼ਰਮਾ ਨੇ ਲਗਾਤਾਰ ਦੂਜੀ

ਪ੍ਰਧਾਨ ਨਿਤਿਨ ਨਬੀਨ ਵੀ ਸਮਾਗਮ ਦੀ ਸ਼ਾਨ ਬਣੇ।ਸਹੁੰ ਚੁੱਕ ਸਮਾਗਮ ਦੌਰਾਨ ਹੇਮੰਤ ਬਿਸਵਾ ਸਰਮਾ ਦੀ ਮਾਤਾ ਮ੍ਰਿਣਾਲਿਨੀ ਦੇਵੀ, ਪਤਨੀ ਰਿੰਕੀ ਭੂਈਆਂ ਸਰਮਾ, ਪੁੱਤਰ ਨੰਦਿਲ ਅਤੇ ਬੇਟੀ ਸੁਕੰਨਿਆ ਸਰਮਾ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਐੱਨ.ਡੀ.ਏ. ਗੱਠਜੋੜ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 126 ਮੈਂਬਰੀ ਵਿਧਾਨ ਸਭਾ ਵਿੱਚੋਂ ਰਿਕਾਰਡ 102 ਸੀਟਾ

ਸੂਬਾ ਸਰਕਾਰ ਦੀ 'ਸਿੱਖਿਆ ਕ੍ਰਾਂਤੀ' ਨੇ ਲਿਆਂਦੀ ਇਤਿਹਾਸਕ ਤਬਦੀਲੀ

ਦਸਵੀਂ ਜਮਾਤ ਦੇ ਬੋਰਡ ਨਤੀਜਿਆਂ 'ਚ ਕੁੜੀਆਂ ਨੇ ਪਹਿਲੇ 3 'ਚੋਂ 2 ਸਥਾਨ ਮੱਲ੍ਹੇ : ਮਾਨ

ਚੰਡੀਗੜ੍ਹ, 12 ਮਈ (ਅੰਮ੍ਰਿਤਪਾਲ ਸਿੰਘ/ਹਰਦੀਪ ਕੌਰ): ਭਗਵੰਤ ਮਾਨ ਸਰਕਾਰ ਦੀ "ਸਿੱਖਿਆ ਕ੍ਰਾਂਤੀ' ਨੇ ਪੰਜਾਬ

ਦੇ ਸਰਕਾਰੀ ਸਕੂਲਾਂ ਵਿੱਚ ਸ਼ਾਨਦਾਰ ਤਬਦੀਲੀ ਲਿਆਂਦੀ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਦੇ 10ਵੀਂ ਜਮਾਤ ਦੇ ਨਤੀਜਿਆਂ ਨੇ ਨਾ ਸਿਰਫ਼ ਪ੍ਰਭਾਵਸ਼ਾਲੀ 94.52 ਪਾਸ ਫੀਸਦ ਦਰਜ ਕੀਤੀ, ਸਗੋਂ ਮੈਰਿਟ 'ਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਤੇ ਲੜਕੀਆਂ ਦੇ ਵਧਦੇ ਦਬਦਬੇ ਨੂੰ ਵੀ ਦਰਸਾਇਆ ਹੈ। ਇਸ ਪ੍ਰੀਖਿਆ ਵਿੱਚ 2,54,744 ਵਿਦਿਆਰਥੀ ਪਾਸ ਹੋਏ, ਕੁੜੀਆਂ ਨੇ ਪਹਿਲੇ ਤਿੰਨ ਸਥਾਨਾਂ ਵਿੱਚੋਂ ਦੋ ਸਥਾਨ ਪ੍ਰਾਪਤ ਕੀਤੇ, ਜਦੋਂ ਕਿ ਸਰਕਾਰੀ ਸਕੂਲਾਂ ਦੇ 88 ਵਿਦਿਆਰਥੀਆਂ ਨੇ ਮੈਰਿਟ ਸੂਚੀ 'ਚ ਸਥਾਨ ਪ੍ਰਾਪਤ ਕੀਤਾ, ਜੋ 'ਆਪ' ਸਰਕਾਰ ਦੇ ਆਧੁਨਿਕ ਕਲਾਸਰੂਮਾਂ, ਅਧਿਆਪਕ ਸਿਖਲਾਈ ਤੇ ਬਰਾਬਰ ਵਿੱਦਿਅਕ ਮੌਕਿਆਂ 'ਤੇ ਧਿਆਨ ਕੇਂਦਰਿਤ ਕਰਨ ਦੁਆਰਾ ਲਿਆਂਦੇ ਗਏ ਵਿਆਪਕ ਬਦਲਾਅ ਨੂੰ ਦਰਸਾਉਂਦਾ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਐਲਾਨੇ ਦਸਵੀਂ ਜਮਾਤ ਦੇ ਨਤੀਜਿਆਂ 'ਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਤਿੰਨ ਵਿਦਿਆਰਥੀਆਂ ਨੂੰ ਪੰਜਾਬ ਦੀ "ਸਿੱਖਿਆ ਕ੍ਰਾਂਤੀ' ਦਾ ਸਬੂਤ ਦੱਸਦੇ ਹੋਏ ਕਿਹਾ ਕਿ ਪੰਜਾਬ ਦੇ ਬੱਚਿਆਂ ਵਿੱਚ ਅਥਾਹ ਪ੍ਰਤਿਭਾ ਹੈ ਅਤੇ ਹੁਣ ਉਨ੍ਹਾਂ ਨੂੰ ਦੇਸ਼ ਦੇ ਸਭ ਤੋਂ ਵਧੀਆ ਵਿਦਿਆਰਥੀਆਂ ਨਾਲ ਮੁਕਾਬਲਾ ਕਰਨ ਲਈ ਲੋੜੀਂਦਾ ਪਲੇਟਫਾਰਮ ਤੇ ਬੁਨਿਆਦੀ ਢਾਂਚਾ ਮਿਲ ਰਿਹਾ ਹੈ।

ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਵਿਦਿਆਰਥੀਆਂ, ਹਰਲੀਨ ਸ਼ਰਮਾ, ਮਨੀਮਹੇਸ਼ ਸ਼ਰਮਾ ਤੇ ਰੀਆ ਰਾਣੀ ਨੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਕ੍ਰਮਵਾਰ 99.38 ਫੀਸਦੀ, 99.23 ਫੀਸਦੀ ਅਤੇ 99.23 ਫੀਸਦੀ ਪ੍ਰਾਪਤ ਕੀਤੇ ਹਨ। ਇਨ੍ਹਾਂ ਵਿਦਿਆਰਥੀਆਂ ਨੇ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਇਹ ਸਫ਼ਲਤਾ ਪ੍ਰਾਪਤ ਕੀਤੀ ਹੈ। ਇਹ ਸਾਡੇ ਸਾਰਿਆਂ ਲਈ ਮਾਣਮੱਤਾ ਤੇ ਯਾਦਗਾਰੀ ਮੌਕਾ ਹੈ ਅਤੇ ਵਿਦਿਆਰਥੀ, ਉਨ੍ਹਾਂ ਦੇ ਮਾਪੇ ਤੇ ਅਧਿਆਪਕ ਇਸ ਪ੍ਰਾਪਤੀ ਲਈ ਪ੍ਰਸੰਸਾ ਦੇ ਹੱਕਦਾਰ ਹਨ।"

ਮੁੱਖ ਮੰਤਰੀ ਨੇ ਕਿਹਾ, "ਇਹ ਵਿਦਿਆਰਥੀ ਆਪਣੇ ਸਾਥੀਆਂ ਤੇ ਨੌਜਵਾਨ ਪੀੜ੍ਹੀ ਲਈ ਰੋਲ ਮਾਡਲ ਬਣਨਗੇ। ਉਹ ਅਣਗਿਣਤ ਹੋਰ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ 'ਚ ਸਫ਼ਲਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨਗੇ। ਇਨ੍ਹਾਂ ਬੱਚਿਆਂ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਉਨ੍ਹਾਂ ਨੂੰ ਉੱਡਣ ਲਈ ਖੰਭ ਦਿੱਤੇ ਜਾਣ ਤਾਂ ਉਹ ਹਰ ਖੇਤਰ 'ਚ ਉੱਚਾਈਆਂ 'ਤੇ ਉੱਡ ਸਕਦੇ ਹਨ। ਸਾਡੀ ਸਰਕਾਰ ਸੂਬੇ ਦੇ ਹਰ ਵਿਦਿਆਰਥੀ ਨੂੰ ਮਿਆਰੀ ਸਕੂਲ ਸਿੱਖਿਆ ਲਈ ਸਭ ਤੋਂ ਵਧੀਆ ਮਾਹੌਲ ਮੁਹੱਈਆ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।" ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਤਿੰਨੇ ਵਿਦਿਆਰਥੀ ਆਪਣੀ ਪਸੰਦ ਦੀ ਕਿਸੇ ਵੀ ਸਟ੍ਰੀਮ 'ਚ ਸਕੂਲ ਆਫ਼ ਐਮੀਨੈਂਸ ਵਿੱਚ ਸਿੱਧਾ ਦਾਖ਼ਲਾ ਲੈ ਸਕਣਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਪ੍ਰਸੰਸਾ ਵਜੋਂ 50,000 ਰੁਪਏ ਦੇ ਚੈੱਕ ਵੀ ਸੌਂਪੇ। ਸਿੱਖਿਆ ਖੇਤਰ ਵਿੱਚ ਪੰਜਾਬ ਦੀ ਸਫ਼ਲਤਾ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਪੰਜਾਬ ਨੇ ਪ੍ਰਾਇਮਰੀ ਤੇ ਮਿਡਲ ਸਕੂਲ ਸਿੱਖਿਆ ਵਿੱਚ ਕੇਰਲਾ, ਮਹਾਰਾਸ਼ਟਰ ਤੇ ਦਿੱਲੀ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਸਰਕਾਰ ਨੇ ਪ੍ਰਾਇਮਰੀ ਤੇ ਮਿਡਲ ਸਕੂਲਾਂ ਨੂੰ ਅਪਗ੍ਰੇਡ ਕੀਤਾ ਹੈ, ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ, ਸਮਾਰਟ ਕਲਾਸਰੂਮ ਸ਼ੁਰੂ ਕੀਤੇ ਹਨ ਅਤੇ ਅਧਿਆਪਕਾਂ ਨੂੰ ਮਿਆਰੀ ਸਿਖਲਾਈ ਮੁਹੱਈਆ ਕੀਤੀ ਹੈ। ਇਹ ਸੁਧਾਰ ਹੁਣ ਪ੍ਰਤੱਖ ਨਤੀਜੇ ਦੇ ਰਹੇ ਹਨ ਤੇ ਪੰਜਾਬ ਸਕੂਲ ਸਿੱਖਿਆ 'ਚ ਮੋਹਰੀ ਵਜੋਂ ਉੱਭਰ ਰਿਹਾ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਰਤ ਸਰਕਾਰ ਦੇ ਪ੍ਰਮੁੱਖ ਅਦਾਰਿਆਂ ਵਿੱਚੋਂ ਇਕ ਨੀਤੀ ਆਯੋਗ ਨੇ ਨਵੇਂ ਅੰਕੜੇ ਜਾਰੀ ਕੀਤੇ ਹਨ, ਜੋ ਦਰਸਾਉਂਦੇ ਹਨ ਕਿ ਪੰਜਾਬ ਨੇ ਪ੍ਰਾਇਮਰੀ ਤੇ ਮਿਡਲ-ਸਕੂਲ ਸਿੱਖਿਆ ਵਿੱਚ ਕੇਰਲਾ, ਮਹਾਰਾਸ਼ਟਰ ਤੇ ਦਿੱਲੀ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਪਿਛਲੇ ਚਾਰ ਸਾਲਾਂ ਤੋਂ ਪੰਜਾਬ ਸਰਕਾਰ ਨੇ ਅਧਿਆਪਕ ਸਿਖਲਾਈ, ਆਧੁਨਿਕ ਅਧਿਆਪਨ ਵਿਧੀਆਂ ਅਤੇ ਸਮਾਰਟ ਕਲਾਸਰੂਮਾਂ 'ਤੇ ਲਗਾਤਾਰ ਧਿਆਨ ਕੇਂਦਰਿਤ ਕੀਤਾ ਹੈ। ਪਹਿਲਾਂ ਕੇਰਲਾ ਸਿਖਰਲਾ ਸਥਾਨ ਰੱਖਦਾ ਸੀ ਪਰ ਅੱਜ ਪੰਜਾਬ ਨੇ ਵੱਡੇ ਫਰਕ ਨਾਲ ਪਹਿਲਾ ਸਥਾਨ ਹਾਸਲ ਕਰ ਲਿਆ ਹੈ।"

ਇਸ ਮੌਕੇ ਸਿੱਖਿਆ ਸਕੱਤਰ ਸੋਨਾਲੀ ਗਿਰਿ ਅਤੇ ਕਈ ਹੋਰ ਪਤਵੰਤੇ ਵੀ ਮੌਜੂਦ ਸਨ।

ਵਿਧਾਇਕ ਕੁਲਵੰਤ ਸਿੰਘ ਨੇ ਹਰੀ ਝੰਡੀ ਦੇ ਕੇ ਕੀਤਾ 37ਵੀਂ ਤੇ 38ਵੀਂ ਬੱਸ ਨੂੰ ਰਵਾਨਾ

ਮੋਹਾਲੀ, 12 ਮਈ (ਹਰਦੀਪ ਕੌਰ): ਵਿਧਾਇਕ ਕੁਲਵੰਤ ਸਿੰਘ ਦੀ ਤਰਫੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 37ਵੀਂ ਤੇ 38ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ, ਪਿੰਡ ਲਖਨੌਰ ਤੇ ਫੇਜ਼-6 ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਹੋਈਆਂ, ਇਹਨਾਂ ਬੱਸਾਂ ਵਿਚਲੇ ਸ਼ਰਧਾਲੂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਇਕ ਕੁਲਵੰਤ ਸਿੰਘ ਦਾ ਵਾਰ-ਵਾਰ ਧੰਨਵਾਦ ਕਰ ਰਹੇ ਸਨ, ਕਿ ਉਹਨਾਂ ਵੱਲੋਂ ਪੰਜਾਬ ਦੀ ਸੀਨੀਅਰ ਸਿਟੀਜਨ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ ਉਹਨਾਂ ਨੂੰ ਇਸ ਯਾਤਰਾ ਦੇ ਲਈ ਮੌਕਾ ਪ੍ਰਦਾਨ ਕੀਤਾ, ਵਿਧਾਇਕ ਕੁਲਵੰਤ ਸਿੰਘ ਨਾਲ ਗੱਲਬਾਤ ਕਰਦੇ ਹੋਏ ਸ਼ਰਧਾਲੂਆਂ ਨੇ ਕਿਹਾ ਕਿ ਸੰਗਤੀ ਰੂਪ ਦੇ ਵਿੱਚ ਧਾਰਮਿਕ ਸਥਾਨਾਂ ਦੀ ਯਾਤਰਾ ਕਰਨਾ ਇੱਕ ਵਧੀਆ ਅਨੁਭਵ ਹੈ, ਵਿਚਾਰਾਂ ਦਾ ਆਪਸੀ ਅਦਾਨ- ਪ੍ਰਦਾਨ ਸ਼ਰਧਾਲੂਆਂ ਦੇ ਵਿਚਕਾਰ ਹੁੰਦਾ ਹੈ ਤੇ ਰਿਸ਼ਤਿਆਂ ਦੇ 'ਚ ਹੋਰ ਮਿਠਾਸ ਤੇ ਤਾਜ਼ਗੀ ਪੈਦਾ ਹੁੰਦੀ ਹੈ, ਜੋ ਕਿ ਸਮੁੱਚੇ ਚੁਗਿਰਦੇ ਨੂੰ ਰੁਸ਼ਨਾਈ ਰੱਖਦੀ ਹੈ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਵੱਲੋਂ ਸੀਨੀਅਰ ਸਿਟੀਜਨ ਦੀਆਂ ਭਾਵਨਾਵਾਂ ਦੀ ਕਦਰ ਨੂੰ ਕਦਰ ਕਰਦੇ ਹੋਏ ਇਹ ਯਾਤਰਾ ਸ਼ੁਰੂ ਕਰਵਾਈ ਗਈ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਪੰਜਾਬ ਭਰ ਦੇ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਤਾਂ ਕਿ ਨੌਜਵਾਨ ਪੀੜ੍ਹੀ ਆਪਣਾ ਵਿਹਲਾ ਸਮਾਂ ਖੇਡ ਮੈਦਾਨ ਵਿੱਚ ਬਿਤਾਵੇ, ਇਸ ਮੌਕੇ ਤੇ ਮੌਜੂਦ ਸਟੇਟ ਐਵਾਰਡੀ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੁਆਰਡੀਨੇਟਰ- ਫੂਲਰਾਜ ਸਿੰਘ ਨੇ ਦੱਸਿਆ ਕਿ ਯਾਤਰਾ ਤੇ ਜਾਣ ਵਾਲੇ ਸ਼ਰਧਾਲੂਆਂ ਵੱਲੋਂ ਆਏ ਦਿਨ ਰਜਿਸਟਰੇਸ਼ਨ ਵੱਡੇ ਪੱਧਰ ਤੇ ਜਾਰੀ ਹੈ, ਉਹਨਾਂ ਦੱਸਿਆ ਕਿ ਉਹ ਖੁਦ ਪਰਿਵਾਰ ਸਮੇਤ ਸ੍ਰੀ ਅੰਮ੍ਰਿਤਸਰ ਸਾਹਿਬ ਇਸ ਯਾਤਰਾ ਦੇ ਦੌਰਾਨ ਜਾ ਕੇ ਆਏ ਹਨ ਤੇ ਉਹਨਾਂ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨ ਕੀਤੇ ਗਏ, ਉੱਥੇ ਵਾਹਗਾ ਬਾਰਡਰ ਅਤੇ ਜਲਿਆਂ ਵਾਲੇ ਵਾਗ ਵਿੱਚ ਵੀ ਸੰਗਤ ਦੇ ਰੂਪ ਵਿੱਚ ਜਾਣ ਦਾ ਮੌਕਾ ਮਿਲਿਆ ਤੇ ਵਿਚਾਰਾਂ ਦੇ ਅਦਾਨ-ਪ੍ਰਦਾਨ ਨਾਲ ਬੇਹਦ ਸੁਖਦ ਅਨੁਭਵ ਦੀ ਪ੍ਰਾਪਤੀ ਹੋਈ ਹੈ, ਇਸ ਮੌਕੇ ਤੇ ਫੂਲਰਾਜ ਸਿੰਘ -ਹਲਕਾ ਕੁਆਰਡੀਨੇਟਰ, ਕੁਲਦੀਪ ਕੌਰ ਪਤਨੀ ਜਸਪਾਲ ਸਿੰਘ ਸਰਪੰਚ ਲਖਨੌਰ, ਆਰ ਪੀ. ਸ਼ਰਮਾ- ਫੇਜ਼-6, ਇੰਦਰਜੀਤ ਸਿੰਘ ਲਾਡੀ ਲਖਨੌਰ, ਜਗਤਾਰ ਸਿੰਘ, ਸੰਤ ਸਿੰਘ, ਅਮਰੀਕ ਸਿੰਘ, ਹਰਦੀਪ ਕੌਰ ਰਿੰਕੀ ਸ਼ਰਮਾ, ਇਕਬਾਲ ਸਿੰਘ ਸਰਪੰਚ, ਮੱਖਣ ਸਿੰਘ ਸਰਪੰਚ, ਗੁਰਨਾਮ ਸਿੰਘ ਸਰਪੰਚ ਹਰਮਨਜੋਤ ਸਿੰਘ ਵੀ ਹਾਜ਼ਰ ਸਨ।

ਸੀਬੀਆਈ ਤੇ ਈਡੀ ਦੇ ਛਾਪੇ ਸਿਆਸਤ ਤੋਂ ਪ੍ਰੇਰਿਤ

ਭਾਜਪਾ ਵਿਰੋਧੀ ਆਵਾਜ਼ਾਂ ਤੇ ਸਰਕਾਰਾਂ ਨੂੰ ਦਬਾਉਣ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ : ਅਰੋੜਾ

ਚੰਡੀਗੜ੍ਹ, 12 ਮਈ (ਅੰਮ੍ਰਿਤਪਾਲ ਸਿੰਘ): ਕੇਂਦਰੀ ਜਾਂਚ ਬਿਊਰੋ (ਸੀਬੀਆਈ) ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀਆਂ ਹਾਲੀਆ ਛਾਪੇਮਾਰੀ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਤੇ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਇਹ ਕਾਰਵਾਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਚਲਾਈ ਜਾ ਰਹੀ ਸਿਆਸੀ ਬਦਲਾਖੋਰੀ ਤੋਂ ਇਲਾਵਾ ਕੁਝ ਨਹੀਂ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਆਵਾਜ਼ਾਂ ਅਤੇ ਉਨ੍ਹਾਂ ਸਰਕਾਰਾਂ ਨੂੰ ਨਿਸ਼ਾਨਾ ਬਣਾਉਣ ਲਈ ਕੇਂਦਰੀ ਏਜੰਸੀਆਂ ਦੀ ਯੋਜਨਾਬੱਧ ਤਰੀਕੇ ਨਾਲ ਦੁਰਵਰਤੋਂ ਕੀਤੀ ਜਾ ਰਹੀ ਹੈ ਜੋ ਕੇਂਦਰ ਅੱਗੇ ਝੁਕਣ ਤੋਂ ਇਨਕਾਰ ਕਰਦੀਆਂ ਹਨ। ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਭਾਜਪਾ ਇਨਸਾਫ਼ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਦੀ ਬਜਾਏ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਸੀਬੀਆਈ ਅਤੇ ਈਡੀ ਵਰਗੀਆਂ ਏਜੰਸੀਆਂ ਦੀ ਖੁੱਲ੍ਹੇਆਮ ਵਰਤੋਂ ਕਰ ਰਹੀ ਹੈ। ਇਹ ਛਾਪੇ ਸਿਆਸਤ ਤੋਂ ਪ੍ਰੇਰਿਤ ਹਨ ਅਤੇ ਇਨ੍ਹਾਂ ਦਾ ਮਕਸਦ ਪੰਜਾਬ ਦੇ ਸ਼ਾਸਨ ਪ੍ਰਬੰਧ 'ਤੇ ਦਬਾਅ ਪਾਉਣਾ ਹੈ। ਪੰਜਾਬ ਦੀ ਧਰਤੀ 'ਤੇ ਭ੍ਰਿਸ਼ਟਾਚਾਰ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਪਰ ਕਿਸੇ ਵੀ ਜਾਂਚ ਵਿੱਚ ਉਚਿਤ ਪ੍ਰਕਿਰਿਆ ਅਤੇ ਸਥਾਪਿਤ ਨਿਯਮਾਂ ਦੀ ਪਾਲਣਾ ਹੋਣੀ

ਚਾਹੀਦੀ ਹੈ। ਸੰਵਿਧਾਨਕ ਚਿੰਤਾਵਾਂ 'ਤੇ ਜ਼ੋਰ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਸੰਘੀ ਢਾਂਚੇ ਦੀ ਆਪਣੀ ਮਰਿਆਦਾ ਅਤੇ ਸੰਤੁਲਨ ਹੁੰਦਾ ਹੈ, ਜਿਸ ਨੂੰ ਕੇਂਦਰ ਜਾਣਬੁੱਝ ਕੇ ਤਬਾਹ ਕਰ ਰਿਹਾ ਹੈ। ਉਨ੍ਹਾਂ ਨੇ ਤਾਲਮੇਲ ਦੇ ਤੰਤਰ ਨੂੰ ਨਜ਼ਰਅੰਦਾਜ਼ ਕਰਨ ਲਈ ਕੇਂਦਰ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਪੰਜਾਬ ਨੂੰ ਦੂਜੇ ਰਾਜਾਂ ਵਾਂਗ ਡਰਾਇਆ ਜਾਂ ਕੰਟਰੋਲ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਨੇ ਸੰਸਥਾਗਤ ਮਰਿਆਦਾ ਨੂੰ ਪੂਰੀ ਤਰ੍ਹਾਂ ਤੋੜ ਦਿੱਤਾ ਹੈ ਤੇ ਸੀਬੀਆਈ ਦੇ ਦਖ਼ਲ ਰਾਹੀਂ ਪੰਜਾਬ ਵਿਜੀਲੈਂਸ ਨੂੰ ਨਿਸ਼ਾਨਾ ਬਣਾਇਆ ਹੈ। ਪੰਜਾਬ ਸਰਕਾਰ ਆਪਣੇ ਅਧਿਕਾਰੀਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਸੱਤਾ ਦੀ ਦੁਰਵਰਤੋਂ ਜਾਂ ਧਮਕਾਉਣ ਦੀਆਂ ਚਾਲਾਂ ਨੂੰ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਨੇ ਕੇਂਦਰ ਨੂੰ ਸੰਵਿਧਾਨਕ ਹੱਦਾਂ ਦਾ ਸਤਿਕਾਰ ਕਰਨ ਤੇ ਸਿਆਸੀ ਬਦਲਾਖੋਰੀ ਲਈ ਜਾਂਚ ਏਜੰਸੀਆਂ ਦੀ ਦੁਰਵਰਤੋਂ ਬੰਦ ਕਰਨ ਦੀ ਅਪੀਲ ਕੀਤੀ।

ਪੰਜਾਬ ਵਿਜੀਲੈਂਸ ਬਿਊਰੋ ਦਾ ਬਿਆਨ

ਚੰਡੀਗੜ੍ਹ 12 ਮਈ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸੀਬੀਆਈ ਨੇ ਇੱਕ ਪ੍ਰਾਈਵੇਟ ਵਿਅਕਤੀ ਨੂੰ ਫੜਿਆ ਹੈ ਅਤੇ ਇਸ ਸਬੰਧੀ ਜਾਂਚ ਜਾਰੀ ਹੈ। ਜੇਕਰ ਬਿਊਰੋ ਦੇ ਕਿਸੇ ਵੀ ਅਧਿਕਾਰੀ/ਕਰਮਚਾਰੀ ਦਾ ਨਾਮ ਆਉਂਦਾ ਹੈ ਤਾਂ ਅਸੀਂ ਸੀਬੀਆਈ ਨੂੰ ਆਪਣਾ ਪੂਰਾ ਸਹਿਯੋਗ ਤੇ ਕਾਨੂੰਨੀ ਕਾਰਵਾਈ ਵਿੱਚ ਸਾਥ ਦੇਵਾਂਗੇ।

ਭਾਜਪਾ ਦੇ ਸੀਨੀਅਰ ਆਗੂ ਅਨਿਲ ਕੁਮਾਰ ਸੇਠੀ 'ਆਪ' ਵਿੱਚ ਸ਼ਾਮਲ

ਚੰਡੀਗੜ੍ਹ, 12 ਮਈ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਦੀਆਂ ਲੋਕ-ਪੱਖੀ ਨੀਤੀਆਂ ਤੇ ਪ੍ਰਸ਼ਾਸਨ ਤੋਂ ਪ੍ਰਭਾਵਿਤ ਹੋ ਕੇ ਫਾਜ਼ਿਲਕਾ ਤੋਂ ਭਾਜਪਾ ਦੇ ਸੀਨੀਅਰ ਆਗੂ ਅਨਿਲ ਕੁਮਾਰ ਸੇਠੀ ਅੱਜ 'ਆਪ' ਵਿੱਚ ਸ਼ਾਮਲ ਹੋ ਗਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਨੂੰ ਰਸਮੀ ਤੌਰ 'ਤੇ ਪਾਰਟੀ 'ਚ ਸ਼ਾਮਲ ਕੀਤਾ। ਸੇਠੀ ਦਾ ਪਾਰਟੀ 'ਚ ਸਵਾਗਤ ਕਰਦਿਆਂ

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਤੋਂ ਕਾਫੀ ਪ੍ਰਭਾਵਿਤ ਹਨ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ 'ਆਪ' ਸਰਕਾਰ ਪੰਜਾਬ ਤੇ ਇੱਥੋਂ ਦੇ ਲੋਕਾਂ ਦੀ ਬਿਹਤਰੀ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ। ਆਮ ਆਦਮੀ ਪਾਰਟੀ ਨੇ ਅਨਿਲ ਕੁਮਾਰ ਸੇਠੀ ਦਾ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਜਥੇਬੰਦੀ ਵਿੱਚ ਬਣਦਾ ਮਾਣ-ਸਤਿਕਾਰ ਤੇ ਜ਼ਿੰਮੇਵਾਰੀ ਦੇਣ ਦਾ ਭਰੋਸਾ ਦਿੱਤਾ।

ਸੋਚੀ ਸਮਝੀ ਸਾਜਿਸ ਤਹਿਤ ਭਾਜਪਾ ਦਫ਼ਤਰਾਂ 'ਤੇ ਕੀਤੇ ਹਮਲੇ : ਸੁਨੀਲ ਜਾਖੜ

ਐਸ.ਐਸ.ਪੀ. ਮੋਹਾਲੀ ਨੂੰ ਮਿਲ ਕੇ ਸਾਜ਼ਿਸ਼ 'ਚ ਸ਼ਾਮਲ ਅਸਲ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਨੂੰ ਕਿਹਾ

ਚੰਡੀਗੜ੍ਹ, 12 ਮਈ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਨੇ

ਸੰਪਾਦਕੀ

ਉਪਾਵਾਂ ਦੀ ਲੋੜ

ਪੱਛਮੀ ਏਸ਼ੀਆ ਵਿੱਚ ਟਕਰਾਅ ਦਾ ਪ੍ਰਭਾਵ ਹੁਣ ਭਾਰਤ ਦੀ ਆਰਥਿਕਤਾ 'ਤੇ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਊਰਜਾ ਸੰਕਟ ਅਤੇ ਵਪਾਰਕ ਰੁਕਾਵਟਾਂ ਕਾਰਨ ਪੈਦਾ ਹੋਈਆਂ ਚੁਣੌਤੀਆਂ ਵਧ ਰਹੀਆਂ ਹਨ। ਵਿਸ਼ਵ ਪੱਧਰ 'ਤੇ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਮੁਦਰਾ (ਰੁਪਏ) ਦੇ ਲਗਾਤਾਰ ਕਮਜ਼ੋਰ ਹੋਣ ਨਾਲ ਦੇਸ਼ ਦੀ ਆਰਥਿਕਤਾ 'ਤੇ ਦਬਾਅ ਵਧਿਆ ਹੈ। ਇਸ ਦੌਰਾਨ ਅਮਰੀਕਾ ਅਤੇ ਈਰਾਨ ਵਿਚਕਾਰ ਤਣਾਅਪੂਰਨ ਰੁਖ਼ ਸ਼ਾਂਤੀ ਵਾਰਤਾ ਵਿੱਚ ਰੁਕਾਵਟ ਪਾ ਰਿਹਾ ਹੈ। ਨਤੀਜੇ ਵਜੋਂ ਮੌਜੂਦਾ ਸੰਕਟ ਨੂੰ ਹੱਲ ਕਰਨ ਲਈ ਵਿਕਲਪਿਕ ਉਪਾਅ ਲਾਗੂ ਕਰਨਾ ਜ਼ਰੂਰੀ ਹੋ ਗਿਆ ਹੈ। ਇਸੇ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਿਛਲੇ ਐਤਵਾਰ ਨੂੰ ਦੇਸ਼ ਦੇ ਨਾਗਰਿਕਾਂ ਨੂੰ ਪੈਟਰੋਲੀਅਮ ਉਤਪਾਦਾਂ ਦੀ ਘੱਟ ਵਰਤੋਂ ਕਰਨ, ਸੋਨਾ ਖਰੀਦਣ ਤੋਂ ਪਰਹੇਜ਼ ਕਰਨ, ਬੇਲੋੜੀ ਵਿਦੇਸ਼ੀ ਯਾਤਰਾ ਤੋਂ ਬਚਣ ਅਤੇ ਸਥਾਨਕ ਵਸਤੂਆਂ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਸਰਕਾਰ ਦਾ ਮੰਨਣਾ ਹੈ ਕਿ ਇਹ ਯਤਨ ਭਾਰਤ ਨੂੰ ਚੱਲ ਰਹੇ ਵਿਸ਼ਵ ਊਰਜਾ ਸੰਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਦੇ ਯੋਗ ਬਣਾਉਣਗੇ। ਇਸ ਨਾਲ ਵਿਦੇਸ਼ੀ ਮੁਦਰਾ ਦੀ ਬਚਤ ਹੋਵੇਗੀ, ਜੋ ਸਰਕਾਰੀ ਖਜ਼ਾਨੇ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰੇਗਾ। ਜਦੋਂ ਕਿ ਭਾਰਤ ਹਾਲ ਹੀ ਦੇ ਸਾਲਾਂ ਵਿੱਚ ਦੁਨੀਆ ਦੇ ਮੋਹਰੀ ਸੂਰਜੀ ਊਰਜਾ ਉਤਪਾਦਕਾਂ ਵਿੱਚੋਂ ਇੱਕ ਬਣ ਗਿਆ ਹੈ, ਦੇਸ਼ ਦੀਆਂ ਊਰਜਾ ਜ਼ਰੂਰਤਾਂ ਅਜੇ ਵੀ ਮੁੱਖ ਤੌਰ 'ਤੇ ਜੈਵਿਕ ਈਂਧਨ ਦੁਆਰਾ ਪੂਰੀਆਂ ਕੀਤੀਆਂ ਜਾਂਦੀਆਂ ਹਨ। ਅਜਿਹੀ ਸਥਿਤੀ ਵਿੱਚ, ਇਹ ਜ਼ਰੂਰੀ ਹੈ ਕਿ ਮੌਜੂਦਾ ਸੰਕਟ ਦੌਰਾਨ ਆਯਾਤ ਕੀਤੇ ਊਰਜਾ ਸਰੋਤਾਂ ਦੀ ਵਰਤੋਂ ਸਮਝਦਾਰੀ ਨਾਲ ਅਤੇ ਅਸਲ ਜ਼ਰੂਰਤਾਂ ਦੇ ਅਨੁਸਾਰ ਕੀਤੀ ਜਾਵੇ। ਇਹ ਧਿਆਨ ਦੇਣ ਯੋਗ ਹੈ ਕਿ ਪੱਛਮੀ ਏਸ਼ੀਆ ਵਿੱਚ ਟਕਰਾਅ ਕਾਰਨ ਹੋਰਮੁਜ਼ ਜਲਡਮਰੂ ਦੇ ਬੰਦ ਹੋਣ ਨਾਲ ਤੇਲ ਸਪਲਾਈ ਲੜੀ ਵਿੱਚ ਵਿਘਨ ਪਿਆ ਹੈ, ਜਿਸ ਕਾਰਨ ਇੱਕ ਗੰਭੀਰ ਊਰਜਾ ਸੰਕਟ ਪੈਦਾ ਹੋ ਗਿਆ ਹੈ। ਰਿਪੋਰਟਾਂ ਦੇ ਅਨੁਸਾਰ ਵਿਸ਼ਵਵਿਆਪੀ ਊਰਜਾ ਕੀਮਤਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਨੇ ਦੇਸ਼ ਦੀਆਂ ਜਨਤਕ ਖੇਤਰ ਦੀਆਂ ਤੇਲ ਕੰਪਨੀਆਂ 'ਤੇ ਵਿੱਤੀ ਦਬਾਅ ਵਧਾ ਦਿੱਤਾ ਹੈ, ਜਿਸ ਕਾਰਨ ਪੈਟਰੋਲੀਅਮ ਕੀਮਤਾਂ ਵਿੱਚ ਹੋਰ ਵਾਧਾ ਹੋ ਸਕਦਾ ਹੈ। ਹਾਲਾਂਕਿ ਸਰਕਾਰ ਨੇ ਹੁਣ ਤੱਕ ਪੈਟਰੋਲ, ਡੀਜ਼ਲ ਅਤੇ ਘਰੇਲੂ ਰਸੋਈ ਗੈਸ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਲਈ ਯਤਨ ਕੀਤੇ ਹਨ, ਪਰ ਸੰਕਟ ਦੇ ਹੋਰ ਡੂੰਘਾ ਹੋਣ ਦੇ ਨਾਲ ਇਹ ਹੁਣ ਆਸਾਨ ਨਹੀਂ ਰਹੇਗਾ। ਮਾੜੇ ਪ੍ਰਭਾਵਾਂ ਨੂੰ ਘਟਾਉਣ ਲਈ ਵਿਕਲਪਕ ਉਪਾਅ ਵਿਕਸਤ ਕਰਨ ਲਈ ਗੰਭੀਰ ਕੰਮ ਦੀ ਲੋੜ ਹੋਵੇਗੀ। ਪ੍ਰਧਾਨ ਮੰਤਰੀ ਦੇ ਸੱਦੇ ਤੋਂ ਇਹ ਵੀ ਸੰਕੇਤ ਮਿਲਦਾ ਹੈ ਕਿ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਵਸਤੂਆਂ ਭਵਿੱਖ ਵਿੱਚ ਹੋਰ ਮਹਿੰਗੀਆਂ ਹੋ ਸਕਦੀਆਂ ਹਨ। ਇਸਦਾ ਮਤਲਬ ਹੈ ਕਿ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ, ਪੈਕੇਜਿੰਗ ਸਮੱਗਰੀ ਅਤੇ ਬਾਲਣ ਦੀਆਂ ਕੀਮਤਾਂ ਦੇ ਵਿਚਕਾਰ, ਸਾਬਣ, ਡਿਟਰਜੈਂਟ, ਬਿਸਕੁਟ, ਪੈਕ ਕੀਤੇ ਭੋਜਨ ਅਤੇ ਪੀਣ ਵਾਲੇ ਪਦਾਰਥਾਂ ਦੀਆਂ ਕੀਮਤਾਂ ਵਧ ਸਕਦੀਆਂ ਹਨ। ਰਿਪੋਰਟਾਂ ਦੇ ਅਨੁਸਾਰ ਜ਼ਰੂਰੀ ਵਸਤੂਆਂ ਦਾ ਉਤਪਾਦਨ ਕਰਨ ਵਾਲੀਆਂ ਦੇਸ਼ ਦੀਆਂ ਪ੍ਰਮੁੱਖ ਕੰਪਨੀਆਂ ਮੁਨਾਫ਼ੇ 'ਤੇ ਦਬਾਅ ਘਟਾਉਣ ਲਈ ਪੜਾਅਵਾਰ ਕੀਮਤਾਂ ਵਧਾਉਣ ਦੀ ਤਿਆਰੀ ਕਰ ਰਹੀਆਂ ਹਨ। ਪ੍ਰਧਾਨ ਮੰਤਰੀ ਦੇ ਘਰੋਂ ਕੰਮ ਕਰਨ ਦੇ ਸੁਝਾਵਾਂ, ਜਿਨ੍ਹਾਂ ਵਿੱਚ ਕੋਵਿਡ-19 ਮਹਾਂਮਾਰੀ ਦੌਰਾਨ ਕੀਤੇ ਗਏ ਸੁਝਾਅ ਸ਼ਾਮਲ ਹਨ, ਨੂੰ ਦੁਬਾਰਾ ਲਾਗੂ ਕਰਨ, ਖਾਣ ਵਾਲੇ ਤੇਲ ਦੀ ਖਪਤ ਘਟਾਉਣ ਅਤੇ ਰਸਾਇਣਕ ਖਾਦਾਂ ਦੀ ਵਰਤੋਂ ਘਟਾਉਣ ਦੇ ਸੁਝਾਅ, ਮੌਜੂਦਾ ਸੰਕਟ ਦੀ ਗੰਭੀਰਤਾ ਨੂੰ ਦਰਸਾਉਂਦੇ ਹਨ। ਇਹ ਸੱਚ ਹੈ ਕਿ ਜਦੋਂ ਕੋਈ ਸੰਕਟ ਗੰਭੀਰ ਹੁੰਦਾ ਹੈ, ਤਾਂ ਸਰਕਾਰੀ ਉਪਾਵਾਂ ਦੇ ਨਾਲ-ਨਾਲ, ਆਮ ਨਾਗਰਿਕਾਂ ਦੀ ਜ਼ਿੰਮੇਵਾਰੀ ਹੁੰਦੀ ਹੈ ਕਿ ਉਹ ਇਸ ਨੂੰ ਹੱਲ ਕਰਨ ਵਿੱਚ ਸਰਗਰਮੀ ਨਾਲ ਹਿੱਸਾ ਲੈਣ। ਹਾਲਾਂਕਿ, ਇਹ ਯਕੀਨੀ ਬਣਾਉਣਾ ਵੀ ਮਹੱਤਵਪੂਰਨ ਹੈ ਕਿ ਅਜਿਹੇ ਉਪਾਅ ਸਮਾਜ ਦੇ ਹੇਠਲੇ ਅਤੇ ਮੱਧ ਵਰਗ ਦੇ ਲੋਕਾਂ ਦੀ ਰੋਜ਼ੀ-ਰੋਟੀ 'ਤੇ ਮਾੜਾ ਪ੍ਰਭਾਵ ਨਾ ਪਾਉਣ।

-ਜਗਜੀਤ ਸਿੰਘ ਦਰਦੀ

ਅੱਜ ਭ੍ਰਿਸ਼ਟਾਚਾਰ ਦੀ ਨਦੀ ਵਿੱਚ ਡੁੱਬਦਾ ਪੰਜਾਬ

ਜਦੋਂ ਭ੍ਰਿਸ਼ਟਾਚਾਰ ਰਿਵਾਜ਼ ਬਣ ਜਾਵੇ ਤਾਂ ਆਮ ਆਦਮੀ ਕਿੱਥੇ ਜਾਵੇ

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੂਰੇ ਦੇਸ਼ ਵਿੱਚ ਅੱਜ ਭ੍ਰਿਸ਼ਟਾਚਾਰ ਦੀ ਚਰਚਾ ਹੈ ਅਤੇ ਭ੍ਰਿਸ਼ਟਾਚਾਰ ਸਾਡੀ ਸਮਾਜਿਕ ਮਰਿਆਦਾ ਦਾ ਇੱਕ ਵਿਵਹਾਰਿਕ ਅੰਗ ਬਣ ਗਿਆ ਹੈ, ਜਿਸ ਦੀ ਸਥਾਪਤੀ ਲੋਕ ਮਨਾਂ ਤੋਂ ਲੈ ਕੇ ਪ੍ਰਸ਼ਾਸਨਿਕ ਢਾਂਚਿਆਂ ਵਿੱਚ ਹੈ। ਜਿਸਦਾ ਨਤੀਜਾ ਇਹ ਕਿ ਅੱਜ ਆਮ ਆਦਮੀ ਧੱਕੇ ਖਾ ਰਿਹਾ ਹੈ ਤੇ ਦਫ਼ਤਰਾਂ 'ਚ ਰੁਲ ਰਿਹਾ ਹੈ। ਪੰਜਾਬ ਵੀ ਇਸ ਵਿੱਚ ਸ਼ਾਮਲ ਹੈ ਅਤੇ ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਸ਼ਾਇਦ ਬਾਕੀ ਰਾਜਾਂ ਨਾਲੋਂ ਕਿਤੇ ਉੱਪਰ ਹੈ ਅਤੇ ਇਹ ਵਿਖਾਈ ਦੇ ਰਿਹਾ ਹੈ। ਅੱਜ ਪੰਜਾਬ ਭ੍ਰਿਸ਼ਟਾਚਾਰ ਦੀ ਨਦੀ ਵਿੱਚ ਵਹਿ ਗਿਆ ਹੈ। ਕਰਜ਼ੇ, ਕਮਿਸ਼ਨਾਂ ਅਤੇ ਕੁਰਸੀ ਦੇ ਕਾਲੇ ਸਾਏ ਹੇਠ ਘੁੱਟਦਾ ਆਮ ਆਦਮੀ ਤੰਗ ਆ ਚੁੱਕਾ ਹੈ। ਅੱਜ ਕਰਜ਼ੇ ਵਿੱਚ ਡੁੱਬਿਆ ਪੰਜਾਬ ਹੈ ਅਤੇ ਕਰੋੜਪਤੀ ਅਫ਼ਸਰ ਰਾਜ ਕਰ ਰਹੇ ਹਨ। ਪੰਜਾਬ ਕਦੇ ਮਿਹਨਤ, ਇਮਾਨਦਾਰੀ ਅਤੇ ਸਾਂਝੀ ਸੰਸਕ੍ਰਿਤੀ ਦਾ ਪ੍ਰਤੀਕ ਮੰਨਿਆ ਜਾਂਦਾ ਸੀ। ਇਸ ਧਰਤੀ ਨੇ ਹਰੇ ਕ੍ਰਾਂਤੀ ਨੂੰ ਜਨਮ ਦਿੱਤਾ, ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਲਈ ਆਪਣੇ ਪੁੱਤਰ ਕੁਰਬਾਨ ਕੀਤੇ ਅਤੇ ਭੁੱਖੇ ਦੇਸ਼ ਨੂੰ ਅੰਨ ਦੇ ਕੇ ਦੇਸ਼ ਦਾ ਅੰਨਦਾਤਾ ਹੋਣ ਦਾ ਮਾਣ ਹਾਸਲ ਕੀਤਾ ਪਰ ਅੱਜ ਇਹੀ ਪੰਜਾਬ ਇੱਕ ਅਜਿਹੇ ਸੰਕਟ ਦੇ ਦਰਮਿਆਨ ਖੜ੍ਹਾ ਹੈ, ਜਿੱਥੇ ਸਿਰਫ਼ ਆਰਥਿਕ ਮੰਦਹਾਲੀ ਜਾਂ ਬੇਰੁਜ਼ਗਾਰੀ ਹੀ ਸਮੱਸਿਆ ਨਹੀਂ, ਸਗੋਂ ਪੂਰੇ ਪ੍ਰਸ਼ਾਸਨਿਕ ਢਾਂਚੇ ਵਿੱਚ ਫੈਲਿਆ ਭ੍ਰਿਸ਼ਟਾਚਾਰ ਇੱਕ ਕੈਂਸਰ ਵਾਂਗ ਸਮਾਜ ਦੀਆਂ ਨਸਾਂ ਵਿੱਚ ਦੌੜ ਰਿਹਾ ਹੈ। ਅੱਜ ਇਹ ਸਿਰਫ਼ ਰਿਸ਼ਵਤ ਦਾ ਮਸਲਾ ਨਹੀਂ ਰਹਿ ਗਿਆ। ਇਹ ਇੱਕ ਮਨੋਵਿਗਿਆਨ ਬਣ ਚੁੱਕਾ ਹੈ। ਇੱਕ ਐਸੀ ਸਮਾਜਿਕ ਸਵੀਕਰਤੀ, ਜਿੱਥੇ ਲੋਕ ਕਹਿਣ ਲੱਗ ਪਏ ਹਨਬਿਨਾਂ ਪੈਸੇ ਕੰਮ ਨਹੀਂ ਹੁੰਦਾ।

ਇਹ ਵਾਕ ਪੰਜਾਬ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਅੱਜ ਪੰਜਾਬ ਵਿੱਚ ਸ਼ਾਇਦ ਹੀ ਕੋਈ ਵਿਭਾਗ ਹੋਵੇ, ਜਿਸ ਉੱਤੇ ਲੋਕਾਂ ਦਾ ਭਰੋਸਾ ਬਚਿਆ ਹੋਵੇ। ਥਾਣਿਆਂ ਤੋਂ ਲੈ ਕੇ ਤਹਿਸੀਲਾਂ ਤੱਕ, ਟਰਾਂਸਪੋਰਟ ਤੋਂ ਲੈ ਕੇ ਨਗਰ ਨਿਗਮਾਂ ਤੱਕ, ਭਰਤੀਆਂ ਤੋਂ ਲੈ ਕੇ ਟੈਂਡਰਾਂ ਤੱਕ—ਹਰ ਥਾਂ ਸੇਵਾ ਦੀ ਥਾਂ ਸੈਟਿੰਗ ਨੇ ਲੈ ਲਈ ਹੈ। ਦੁਖਦਾਈ ਗੱਲ ਇਹ ਹੈ ਕਿ ਹੁਣ ਉਹ ਏਜੰਸੀਆਂ ਵੀ ਸਵਾਲਾਂ ਦੇ ਘੇਰੇ ਵਿੱਚ ਹਨ ਜੋ ਖੁਦ ਭ੍ਰਿਸ਼ਟਾਚਾਰ ਨੂੰ ਪਕੜਨ ਲਈ ਬਣਾਈਆਂ ਗਈਆਂ ਸਨ। ਜਦੋਂ ਚੋਰ ਨੂੰ ਫੜਨ ਵਾਲਾ ਹੀ ਚੋਰ ਬਣ ਜਾਵੇ ਤਾਂ ਫਿਰ ਸਮਾਜ ਕਿਸ ਉੱਤੇ ਭਰੋਸਾ ਕਰੇ? ਅੱਜ ਪੰਜਾਬ ਦੀ ਸਥਿਤੀ ਅੱਜ ਉਸ ਦਰਿਆ ਵਰਗੀ ਹੋ ਚੁੱਕੀ ਹੈ, ਜਿਸਦਾ ਪਾਣੀ ਉੱਪਰੋਂ ਸ਼ਾਂਤ ਦਿਖਾਈ ਦਿੰਦਾ ਹੈ ਪਰ ਅੰਦਰ ਗੰਦਗੀ ਅਤੇ ਜ਼ਹਿਰ ਦਾ ਭਿਆਨਕ ਵਹਾਅ ਚੱਲ ਰਿਹਾ ਹੈ। ਇਹ ਭ੍ਰਿਸ਼ਟਾਚਾਰ ਦੀ ਨਦੀ ਹੁਣ ਸਿਰਫ਼ ਸਰਕਾਰੀ ਫਾਇਲਾਂ ਵਿੱਚ ਨਹੀਂ, ਸਗੋਂ ਲੋਕਾਂ ਦੇ ਚਾਲ-ਚਲਣ, ਸੋਚ ਅਤੇ ਰੋਜ਼ਾਨਾ ਜੀਵਨ ਵਿੱਚ ਵਹਿਣ ਲੱਗ ਪਈ ਹੈ। ਜਦੋਂ ਰਿਸ਼ਵਤ ਹੀ ਰਿਵਾ ਜ਼ ਬਣ ਜਾਵੇ ਤਾਂ ਉਹ ਆਮ ਹੋ ਜਾਂਦੀ ਹੈ। ਕਿਸੇ ਸਮੇਂ ਰਿਸ਼ਵਤ ਲੈਣਾ ਸ਼ਰਮ ਦੀ ਗੱਲ ਮੰਨੀ ਜਾਂਦੀ ਸੀ। ਅੱਜ ਇਹ ਸਿਸਟਮ ਕਹਿ ਕੇ ਜਾਇਜ਼ ਠਹਿਰਾਇਆ ਜਾਂਦਾ ਹੈ। ਅੱਜ ਇਹ ਸੋਚ ਸਭ ਤੋਂ ਵੱਡਾ ਸਮਾਜਿਕ ਪਤਨ ਹੈ। ਜਦੋਂ ਕਿਸੇ ਸਮਾਜ ਵਿੱਚ ਗਲਤ ਕੰਮ ਆਮ ਹੋ ਜਾਵੇ ਅਤੇ ਇਮਾਨਦਾਰ ਮਨੁੱਖ ਮੂਰਖ ਦਿਖਾਈ ਦੇਣ ਲੱਗੇ ਤਾਂ ਸਮਝੋ ਕਿ ਸਮਾਜ ਆਪਣੇ ਨੈਤਿਕ ਸੰਤੁਲਨ ਤੋਂ ਡਿੱਗ ਚੁੱਕਾ ਹੈ। ਅੱਜ ਪੰਜਾਬ ਵਿੱਚ ਇੱਕ ਆਮ ਆਦਮੀ ਦਾ ਜਨਮ ਸਰਟੀਫਿਕੇਟ ਤੋਂ ਲੈ ਕੇ ਮੌਤ ਦੇ ਸਰਟੀਫਿਕੇਟ ਤੱਕ ਹਰ ਪੜਾਅ ਉੱਤੇ ਕਿਸੇ ਨਾ ਕਿਸੇ ਫੀਸ ਨਾਲ ਸਾਹਮਣਾ ਹੁੰਦਾ ਹੈ। ਕੋਈ ਜ਼ਮੀਨ ਦਾ ਇੰਤਕਾਲ ਕਰਵਾਉਣਾ ਚਾਹੇ, ਕੋਈ ਪੁਲਿਸ ਵਿੱਚ ਸ਼ਿਕਾਇਤ ਦਰਜ ਕਰਵਾਉਣੀ ਹੋਵੇ, ਕੋਈ ਸਰਕਾਰੀ ਯੋਜਨਾ ਦਾ ਲਾਭ ਲੈਣਾ ਹੋਵੇ—ਹਰ ਥਾਂ ਇੱਕ ਅਦਿੱਖ ਕੀਮਤ ਲੱਗੀ ਹੋਈ ਹੈ। ਇਹ ਕੀਮਤ ਕਾਨੂੰਨੀ ਨਹੀਂ, ਪਰ ਲਾਜ਼ਮੀ ਹੈ। ਅੱਜ ਸਭ ਤੋਂ ਡਰਾਉਣੀ ਗੱਲ ਇਹ ਹੈ ਕਿ ਲੋਕ ਇਸਨੂੰ ਸਵੀਕਾਰ ਕਰ ਚੁੱਕੇ ਹਨ। ਉਹ ਲੜਨਾ ਨਹੀਂ ਚਾਹੁੰਦੇ, ਕਿਉਂਕਿ ਉਹ ਜਾਣਦੇ ਹਨ ਕਿ ਸਿਸਟਮ ਉਨ੍ਹਾਂ ਨਾਲੋਂ ਵੱਡਾ ਅਤੇ ਜ਼ਿਆਦਾ ਤਾਕਤਵਰ ਹੈ। ਇਹੀ ਹਾਰ ਇੱਕ ਸਮਾਜ ਨੂੰ ਅੰਦਰੋਂ ਖੋਖਲਾ ਕਰਦੀ ਹੈ। ਅੱਜ ਕਰਜ਼ੇ ਵਿੱਚ ਡੁੱਬਿਆ ਪੰਜਾਬ ਹੈ ਅਤੇ ਕਰੋੜਪਤੀ ਅਫਸਰ ਐਸ਼ ਕਰ ਰਹੇ ਹਨ। ਪੰਜਾਬ ਪਹਿਲਾਂ ਹੀ ਭਾਰੀ ਕਰਜ਼ੇ ਹੇਠ ਦਬਿਆ ਹੋਇਆ ਹੈ। ਸਰਕਾਰੀ ਖਜ਼ਾਨਾ ਖਾਲੀ ਹੈ, ਕਿਸਾਨ ਕਰਜ਼ਿਆਂ ਨਾਲ ਟੁੱਟੇ ਹੋਏ ਹਨ, ਉਦਯੋਗ ਪੰਜਾਬ ਛੱਡ ਰਹੇ ਹਨ, ਨੌਜਵਾਨ ਵਿਦੇਸ਼ਾਂ ਵੱਲ ਭੱਜ ਰਹੇ ਹਨ। ਪਰ ਇਸ ਸਭ ਦੇ ਬਾਵਜੂਦ ਕੁਝ ਅਫਸਰ ਅਤੇ ਰਾਜਨੀਤਿਕ ਤਾਕਤਾਂ ਅਜਿਹੀਆਂ ਹਨ, ਜਿਨ੍ਹਾਂ ਦੀ ਜਾਇਦਾਦ ਹਰ ਸਾਲ ਵਧਦੀ ਹੀ ਜਾ ਰਹੀ ਹੈ। ਅੱਜ ਲੋਕਾਂ ਵਿੱਚ ਇਹ ਧਾਰਨਾ ਬਣ ਚੁੱਕੀ ਹੈ ਕਿ ਪੰਜਾਬ ਵਿੱਚ ਬਹੁਤ ਘੱਟ ਅਜਿਹੇ ਉੱਚ ਅਧਿਕਾਰੀ ਹੋਣਗੇ ਜੋ ਕਰੋੜਾਂ ਦੀ ਸੰਪਤੀ ਤੋਂ ਬਿਨਾਂ ਹੋਣ। ਇਹ ਧਾਰਨਾ ਸਿਰਫ਼ ਗੁੱਸੇ ਦਾ ਨਤੀਜਾ ਨਹੀਂ, ਸਗੋਂ ਸਾਲਾਂ ਤੋਂ ਬਣੇ ਤਜਰਬਿਆਂ ਦਾ ਨਤੀਜਾ ਹੈ। ਅੱਜ ਇੱਕ ਪਾਸੇ ਆਮ ਕਰਮਚਾਰੀ ਆਪਣੀ ਤਨਖਾਹ ਨਾਲ ਘਰ ਚਲਾਉਣ ਲਈ ਸੰਘਰਸ਼ ਕਰ ਰਿਹਾ ਹੈ, ਦੂਜੇ ਪਾਸੇ ਕੁਝ ਲੋਕਾਂ ਦੀਆਂ ਕੋਠੀਆਂ, ਫਾਰਮ ਹਾਊਸ, ਮਹਿੰਗੀਆਂ ਗੱਡੀਆਂ ਅਤੇ ਵਿਦੇਸ਼ੀ ਜਾਇਦਾਦਾਂ ਲੋਕਾਂ ਨੂੰ ਸਵਾਲ ਪੁੱਛਣ ਲਈ ਮਜਬੂਰ ਕਰ ਰਹੀਆਂ ਹਨ। ਅੱਜ ਪੰਜਾਬ ਦੀ ਆਰਥਿਕਤਾ ਉੱਤੇ ਇਹ ਭ੍ਰਿਸ਼ਟਾਚਾਰ ਦੋਹਰਾ ਹਮਲਾ ਕਰਦਾ ਹੈ। ਪਹਿਲਾ ਸਰਕਾਰੀ ਪੈਸੇ ਦੀ ਲੁੱਟ। ਦੂਜਾ—ਨਿਵੇਸ਼ ਅਤੇ ਭਰੋਸੇ ਦਾ ਖਤਮ ਹੋਣਾ। ਜਿੱਥੇ ਪ੍ਰਸ਼ਾਸਨਿਕ ਇਮਾਨਦਾਰੀ ਨਹੀਂ ਹੁੰਦੀ, ਉੱਥੇ ਉਦਯੋਗ ਨਹੀਂ ਆਉਂਦੇ, ਨੌਕਰੀਆਂ ਨਹੀਂ ਬਣਦੀਆਂ ਅਤੇ ਯੁਵਾ ਆਪਣਾ ਭਵਿੱਖ ਕਿਸੇ ਹੋਰ ਦੇਸ਼ ਵਿੱਚ ਲੱਭਣ ਲੱਗਦੇ ਹਨ। ਕਿਸੇ ਵੀ ਸਮਾਜ ਦਾ ਭਵਿੱਖ ਉਸਦੀ ਨਵੀਂ ਪੀੜੀ ਹੁੰਦੀ ਹੈ। ਪਰ ਪੰਜਾਬ ਦੀ ਨਵੀਂ ਪੀੜੀ ਅੱਜ ਕੀ ਦੇਖ ਰਹੀ ਹੈ। ਉਹ ਦੇਖ ਰਹੀ ਹੈ ਕਿ ਮਿਹਨਤ ਨਾਲੋਂ ਜੁਗਾੜ ਵੱਡੀ ਚੀਜ਼ ਹੈ। ਉਹ ਦੇਖ ਰਹੀ ਹੈ ਕਿ ਸੱਚ ਨਾਲੋਂ ਸੈਟਿੰਗ ਜ਼ਿਆਦਾ ਤਾਕਤਵਰ ਹੈ। ਉਹ ਦੇਖ ਰਹੀ ਹੈ ਕਿ ਇਮਾਨਦਾਰੀ ਨਾਲੋਂ ਕਮਿਸ਼ਨ ਤੇਜ਼ੀ ਨਾਲ ਅਮੀਰ ਬਣਾਉਂਦਾ ਹੈ। ਅੱਜ ਇਹ ਮਨੋਵਿਗਿਆਨ ਇੱਕ ਪੂਰੀ ਪੀੜੀ ਨੂੰ ਅੰਦਰੋਂ ਨਸ਼ਟ ਕਰ ਸਕਦਾ ਹੈ। ਜਦੋਂ ਨੌਜਵਾਨਾਂ ਨੂੰ ਲੱਗਣ ਲੱਗੇ ਕਿ ਸਿਸਟਮ ਵਿੱਚ ਇਮਾਨਦਾਰ ਲਈ ਕੋਈ ਜਗ੍ਹਾ ਨਹੀਂ, ਤਾਂ ਉਹ ਜਾਂ ਤਾਂ ਦੇਸ਼ ਛੱਡਦੇ ਹਨ, ਜਾਂ ਫਿਰ ਉਹੀ ਰਸਤਾ ਅਪਣਾਉਂਦੇ ਹਨ, ਜਿਸਦੀ ਉਹ ਕਦੇ ਨਿੰਦਾ ਕਰਦੇ ਸਨ। ਅੱਜ ਇਸਦਾ ਨਤੀਜਾ ਸਿਰਫ਼ ਭ੍ਰਿਸ਼ਟਾਚਾਰ ਨਹੀਂ ਹੁੰਦਾ, ਸਗੋਂ ਇੱਕ ਸਮੂਹਕ ਨੈਤਿਕ ਤਬਾਹੀ ਹੁੰਦੀ ਹੈ। ਸਮਾਜ ਵਿੱਚ ਭਰੋਸਾ ਮਰ ਜਾਂਦਾ ਹੈ। ਲੋਕ ਇੱਕ ਦੂਜੇ ਨੂੰ ਸ਼ੱਕ ਨਾਲ ਦੇਖਣ ਲੱਗਦੇ ਹਨ। ਸੰਸਥਾਵਾਂ ਦੀ ਇੱਜ਼ਤ ਖਤਮ ਹੋ ਜਾਂਦੀ ਹੈ। ਅੱਜ ਪੰਜਾਬ ਦਾ ਨੌਜਵਾਨ ਪਹਿਲਾਂ ਹੀ ਨਸ਼ਿਆਂ, ਬੇਰੁਜ਼ਗਾਰੀ ਅਤੇ ਪਲਾਇਨ ਦੇ ਸੰਕਟ ਨਾਲ ਲੜ ਰਿਹਾ ਹੈ। ਉੱਪਰੋਂ ਜਦੋਂ ਉਹ ਭ੍ਰਿਸ਼ਟਾਚਾਰ ਨੂੰ ਸਫਲਤਾ ਦਾ ਰਸਤਾ ਬਣਦੇ ਦੇਖਦਾ ਹੈ ਤਾਂ ਉਸਦੀ ਮਨੋਵਿਗਿਆਨਿਕ ਹਾਰ ਹੋਰ ਡੂੰਘੀ ਹੋ ਜਾਂਦੀ ਹੈ।

ਕੀ ਅੱਜ ਪ੍ਰਸ਼ਾਸਨਿਕ ਸਿਸਟਮ ਤਬਾਹ ਹੋ ਗਿਆ ਹੈ?

ਇਹ ਸਵਾਲ ਹੁਣ ਸਿਰਫ਼ ਵਿਰੋਧੀ ਪਾਰਟੀਆਂ ਜਾਂ ਬੁੱਧੀਜੀਵੀਆਂ ਦਾ ਨਹੀਂ, ਸਗੋਂ ਆਮ ਲੋਕਾਂ ਦਾ ਵੀ ਹੈ। ਕੀ ਸੱਚਮੁੱਚ ਪ੍ਰਸ਼ਾਸਨਿਕ ਸਿਸਟਮ ਆਪਣੀ ਆਤਮਾ ਗੁਆ ਚੁੱਕਾ ਹੈ? ਪੰਜਾਬ ਵਿੱਚ ਕਈ ਅਧਿਕਾਰੀ ਅਜੇ ਵੀ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ। ਪਰ ਉਹ ਗਿਣਤੀ ਵਿੱਚ ਘੱਟ ਅਤੇ ਸਿਸਟਮ ਵਿੱਚ ਇਕੱਲੇ ਦਿਖਾਈ ਦਿੰਦੇ ਹਨ। ਅਕਸਰ ਅਜਿਹੇ ਅਫਸਰਾਂ ਨੂੰ ਜਾਂ ਤਾਂ ਹਾਸ਼ੀਏ ਉੱਤੇ ਧੱਕ ਦਿੱਤਾ ਜਾਂਦਾ ਹੈ ਜਾਂ ਫਿਰ ਰਾਜਨੀਤਿਕ ਦਬਾਅ ਹੇਠ ਕੰਮ ਕਰਨਾ ਪੈਂਦਾ ਹੈ। ਅੱਜ ਸਭ ਤੋਂ ਵੱਡਾ ਸੰਕਟ ਇਹ ਹੈ ਕਿ ਪ੍ਰਸ਼ਾਸਨਿਕ ਢਾਂਚਾ ਹੁਣ ਸੇਵਾ ਦੀ ਥਾਂ ਸੱਤਾ ਦਾ ਸਾਧਨ ਬਣਦਾ ਜਾ ਰਿਹਾ ਹੈ।

ਥਾਈਲੈਂਡ ਦੇ ਸਾਬਕਾ ਪ੍ਰਧਾਨ ਮੰਤਰੀ ਥਾਕਸਿਨ ਸ਼ਿਨਾਵਾਤਰਾ ਜੇਲ੍ਹ ਤੋਂ ਰਿਹਾਅ

ਬੈਂਕਾਕ, 12 ਮਈ (ਚ.ਨ.ਸ.) : ਥਾਈਲੈਂਡ ਦੇ ਸਾਬਕਾ ਪ੍ਰਧਾਨ ਮੰਤਰੀ ਥਾਕਸਿਨ ਸ਼ਿਨਾਵਾਤਰਾ ਭ੍ਰਿਸ਼ਟਾਚਾਰ ਦੇ ਮਾਮਲੇ ਵਿਚ 8 ਨੂੰ ਸੱਤਾ ਦੀ ਦੁਰਵਰਤੋਂ ਅਤੇ ਮਹੀਨੇ ਦੀ ਜੇਲ ਦੀ ਸਜ਼ਾ ਕੱਟਣ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ। ਉਨ੍ਹਾਂ ਨੂੰ ਇਸ ਮਾਮਲੇ ਵਿਚ ਇਕ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ। ਸ਼ਿਨਾਵਾਤਰਾ (76) ਦੀ ਰਿਹਾਈ ਮੌਕੇ 'ਤੇ ਉਨ੍ਹਾਂ ਦੇ ਕਰੀਬ 300 ਸਮਰਥਕ ਅਤੇ ਸਿਆਸੀ ਸਹਿਯੋਗੀ ਕਲੋਂਗ ਪ੍ਰੋਮ ਕੇਂਦਰੀ ਜੇਲ ਦੇ ਬਾਹਰ ਇਕੱਠੇ ਹੋਏ।ਇਸ ਦੌਰਾਨ ਉਨ੍ਹਾਂ ਦੀ ਬੇਟੀ ਅਤੇ ਸਾਬਕਾ ਪ੍ਰਧਾਨ ਮੰਤਰੀ ਪੈਤੋਂਗਤਾਰਨ ਸ਼ਿਨਾਵਾਤਰਾ ਸਮੇਤ ਪਰਿਵਾਰ ਦੇ ਹੋਰ ਮੈਂਬਰ ਵੀ ਉੱਥੇ ਮੌਜੂਦ ਸਨ।

ਵਸੂਲੀ ਅਧਿਕਾਰੀ ਦਾ ਦਫਤਰ-1/2
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)
ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ
ਆਰ.ਸੀ./1355/2025 ਮਿਤੀ : 16.04.2026
ਐਚਡੀਐਫਸੀ ਬੈਂਕ ਬਨਾਮ ਮੈਸ. ਕਰਨ ਕਮਿਊਨੀਕੇਸ਼ਨ

ਵੱਲ,
(ਸੀ.ਡੀ. 1) ਮੈਸ. ਕਰਨ ਕਮਿਊਨੀਕੇਸ਼ਨ ਆਪਣੇ ਇਕਲੌਤੇ ਪ੍ਰਾਪਰਾਈਟਰ ਸ਼੍ਰੀ ਸੁਰਿੰਦਰ ਸਿੰਘ ਪੁੱਤਰ ਸ਼੍ਰੀ ਅਮਰਜੀਤ ਸਿੰਘ, ਦੁਕਾਨ ਨੰ. 59, ਨਾਲਾਗੜ੍ਹ-ਰੋਪੜ ਰੋਡ, ਨੇੜੇ ਐਸਬੀਓਪੀ (ਹੁਣ ਐਸਬੀਆਈ), ਨਾਲਾਗੜ੍ਹ, ਸੋਲਨ, ਹਿਮਾਚਲ ਪ੍ਰਦੇਸ਼-174101
(ਸੀਡੀ 2) ਸ਼੍ਰੀ ਸੁਰਿੰਦਰ ਸਿੰਘ ਪੁੱਤਰ ਸ਼੍ਰੀ ਅਮਰਜੀਤ ਸਿੰਘ, ਦੁਕਾਨ ਨੰ. 59, ਨਾਲਾਗੜ੍ਹ ਰੋਪੜ ਰੋਡ, ਨੇੜੇ ਐਸਬੀਓਪੀ ਹੁਣ ਐਸਬੀਆਈ ਨਾਲਾਗੜ੍ਹ, ਸੋਲਨ, ਹਿਮਾਚਲ ਪ੍ਰਦੇਸ਼।
ਇਸ ਦੇ ਨਾਲ: ਪਿੰਡ ਮੁਜ਼ੱਫਰਪੁਰ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
(ਸੀਡੀ 3) ਸ਼੍ਰੀ ਅਮਰਜੀਤ ਸਿੰਘ ਪੁੱਤਰ ਦੌਲਤ ਰਾਮ, ਪਿੰਡ ਮੁਜ਼ੱਫਰਪੁਰ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਮੋਹਾਲੀ/ਅਜੀਤਗੜ੍ਹ, ਪੰਜਾਬ। ਇਸ ਦੇ ਨਾਲ: ਪਿੰਡ ਮੁਜ਼ੱਫਰਪੁਰ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1) ਓਏ/299/2020 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 28.01.2020 ਤੋਂ ਪ੍ਰਭਾਵੀ ਸਥਾਰਨ ਸਲਾਨਾ ਵਿਆਜ 10% ਦੀ ਦਰ 'ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 44,21,087.40/- (ਰੁਪਏ ਚੁਤਾਲੀ ਲੱਖ ਇਕੀ ਹਜ਼ਾਰ ਸਤਾਸੀ ਅਤੇ ਚਾਲੀ ਪੈਸੇ ਕੇਵਲ) ਦੀ ਰਕਮ ਅਤੇ ਰੁ. 47,005/- (ਰੁਪਏ ਸੰਤਾਲੀ ਹਜ਼ਾਰ ਪੰਜ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 01.07.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ (ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 16.04.2026 ਨੂੰ ਜਾਰੀ।
ਵਸੂਲੀ ਅਧਿਕਾਰੀ-I
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ, (ਡੀਆਰਟੀ 1)

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 2)
ਪਹਿਲੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ
(ਤੀਜੀ ਅਤੇ ਚੌਥੀ ਮੰਜ਼ਿਲ 'ਤੇ ਵੀ ਵਾਧੂ ਜਗ੍ਹਾ ਅਲਾਟ ਕੀਤੀ ਗਈ ਹੈ।)

ਮਾਮਲਾ ਨੰ. : ਓਏ/91/2026 ਏਐਕਸਐਚ ਨੰ. 30760
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ
ਐਚਡੀਐਫਸੀ ਬੈਂਕ ਬਨਾਮ ਏਕੇਟੀ ਬਿਲਡਕੌਨ ਪ੍ਰਾਇਵੇਟ ਲਿਮਟਿਡ

ਵੱਲ,
(1) ਮੈਸਰਜ਼ ਏਕੇਟੀ ਬਿਲਡਕੌਨ ਪ੍ਰਾਈਵੇਟ ਲਿਮਟਿਡ, ਇੱਕ ਕੰਪਨੀ ਜੋ ਕਿ ਕੰਪਨੀਆਂ ਐਕਟ 1913 ਦੇ ਤਹਿਤ ਸ਼ਾਮਲ ਹੈ, ਜਿਸਦਾ ਰਜਿਸਟਰਡ ਦਫ਼ਤਰ ਦੁਕਾਨ ਨੰਬਰ 1, ਜੱਗੀ ਗਾਰਡਨ, ਨੇੜ ਹਸਪਤਾਲ ਦੇ ਨੇੜੇ, ਨਾਰਾਇਣਗੜ੍ਹ ਰੋਡ, ਸੇਠੀ ਐਨਕਲੇਵ ਦੇ ਨੇੜੇ, ਅੰਬਾਲਾ (ਹਰਿਆਣਾ)-134007-ਇਸਦੇ ਡਾਇਰੈਕਟਰਾਂ ਰਾਹੀਂ ਹੈ।
(2) ਸ਼੍ਰੀ ਸਤਪਾਲ ਸਿੰਘ ਪੁੱਤਰ ਜਗਦੀਸ਼ ਸਿੰਘ, ਵਾਸੀ 24, ਏਕੇਟੀ ਬਿਲਡਰ ਪ੍ਰਾਈਵੇਟ ਲਿਮਟਿਡ, ਪਾਸਪੋਰਟ ਦਫ਼ਤਰ ਦੇ ਸਾਹਮਣੇ, ਵਿਦਯੁਤ ਨਗਰ, ਜੱਗੀ ਗਾਰਡਨ, ਹਰਿਆਣਾ-134007।
ਇਸ ਤੋਂ ਇਲਾਵਾ ਸ਼੍ਰੀ ਸਤਪਾਲ ਸਿੰਘ ਪੁੱਤਰ ਜਗਦੀਸ਼ ਸਿੰਘ, ਮਕਾਨ ਨੰ. 12, ਬਲਾਕ ਏ-4, ਵਾਟਿਕਾ ਸਿਟੀ, ਅੰਬਾਲਾ ਸ਼ਹਿਰ (ਹਰਿਆਣਾ)-134007
(3) ਸ਼੍ਰੀ ਆਯੂਸ਼ ਸਿੰਘ ਪੁੱਤਰ ਸਤਪਾਲ ਸਿੰਘ, ਚੁਨਾਗਰਾ ਰੋਡ, ਵਾਰਡ ਨੰ. 10, ਪਾਤੜਾਂ ਜ਼ਿਲ੍ਹਾ ਪਟਿਆਲਾ ਏ-147105
ਸੰਮਨ
ਜਿਥੇ ਕਿ, ਓ. ਏ./91/2026, 30.04.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 1,70,67,018/- (ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਦਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੰਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 19.06.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 05.05.2026 ਨੂੰ ਜਾਰੀ।
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਪੰਜਾਬ ਨੈਸ਼ਨਲ ਬੈਂਕ ...ਭਰੋਸੇ ਦਾ ਪ੍ਰਤੀਕ !
ਸ਼ਾਖਾ ਦਫਤਰ : ਰਾਜਪੁਰਾ ਮੋਨ (040100)

ਮੰਗ ਸੂਚਨਾ
ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਸਰਫਾਸਿ ਐਕਟ) ਦੇ ਨਿਯਮ 3 ਦੇ ਨਾਲ ਪੜ੍ਹਿਆ ਗਿਆ ਸੁਰੱਖਿਆ ਵਿਆਜ (ਲਾਗੂ) ਨਿਯਮ 2002 ਦੇ ਨਿਯਮ 3 ਦੇ ਨਾਲ ਪੜ੍ਹਿਆ ਗਿਆ 13(2) ਦੇ ਤਹਿਤ ਮੰਗ ਨੋਟਿਸ।
ਤੁਹਾਨੂੰ ਸਾਰਿਆਂ ਨੂੰ, ਹੇਠਾਂ ਦੱਸੇ ਗਏ ਵਿਅਕਤੀਆਂ (ਕਰਜ਼ਦਾਰ/ਜ਼ਾਮਨ) ਨੂੰ, ਬੈਂਕ ਦੇ 'ਅਧਿਕਾਰਤ ਅਧਿਕਾਰੀ' ਦੁਆਰਾ ਸਰਫਾਸਿ ਐਕਟ-2002 ਦੀ ਧਾਰਾ 13(2) ਦੇ ਤਹਿਤ ਰਜਿਸਟਰਡ ਮੰਗ ਸੂਚਨਾ ਭੇਜੇ ਗਏ ਸਨ, ਜਿਸ ਵਿੱਚ ਤੁਹਾਨੂੰ ਸਾਰਿਆਂ ਨੂੰ ਨੋਟਿਸ ਦੀ ਮਿਤੀ ਦੇ ਅਨੁਸਾਰ ਖਾਤੇ ਦੇ ਵਿਰੁੱਧ ਦੱਸੀ ਗਈ ਡਿਮਾਂਡ ਨੋਟਿਸ ਦੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਸੀ, ਨੋਟਿਸ ਦੇ 60 (ਸੱਠ) ਦਿਨਾਂ ਦੇ ਅੰਦਰ ਭੁਗਤਾਨ ਹੋਣ ਤੱਕ। ਉਕਤ ਮੰਗ ਸੂਚਨਾ ਫਤੂਹਾਡੇ ਸਾਰਿਆਂ ਨੂੰ ਨਹੀਂ ਦਿੱਤਾ ਜਾ ਸਕਿਆ ਅਤੇ ਕੁਝ ਮਾਮਲਿਆਂ ਵਿੱਚ ਇਸਨੂੰ ਬਿਨਾਂ ਕਿਸੇ ਜਵਾਬ ਦੇ ਵਾਪਸ ਕਰ ਦਿੱਤਾ ਗਿਆ ਸੀ। ਸੁਰੱਖਿਅਤ ਕਰਜ਼ਦਾਤਾ ਬੈਂਕ ਦੇ ਅਧਿਕਾਰਤ ਅਧਿਕਾਰੀ ਹੋਣ ਦੇ ਕਾਰਨ ਹੇਠਾਂ ਹਸਤਾਖਰ ਕਰਨ ਵਾਲੇ ਕੋਲ ਹਨ। ਇਹ ਮੰਨਣਾ ਕਿ ਤੁਹਾਨੂੰ ਸਾਰਿਆਂ ਨੂੰ ਆਮ ਤੌਰ 'ਤੇ ਬਦਲਵੀਂ ਸੇਵਾ ਦੇ ਢੰਗ ਤੋਂ ਇਲਾਵਾ ਮੰਗ ਨੋਟਿਸ ਨਹੀਂ ਦਿੱਤਾ ਜਾ ਸਕਦਾ। ਇਸ ਲਈ, ਤੁਹਾਡੇ ਵਿੱਚੋਂ ਹਰੇਕ ਨੂੰ ਇਸ ਜਨਤਕ ਨੋਟਿਸ ਰਾਹੀਂ ਇਸ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਤੁਹਾਡੇ ਵਿਰੁੱਧ ਬਕਾਇਆ ਭੁਗਤਾਨ ਦੀ ਮਿਤੀ ਤੱਕ ਹੇਠਾਂ ਦਿੱਤੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ, ਅਜਿਹਾ ਨਾ ਕਰਨ 'ਤੇ, ਬੈਂਕ ਉਕਤ ਐਕਟ-2002 ਦੀ ਧਾਰਾ 13(4) ਦੇ ਤਹਿਤ ਹੇਠਾਂ ਦੱਸੀਆਂ ਸੁਰੱਖਿਅਤ ਸੰਪਤੀਆਂ ਦਾ ਕਬਜ਼ਾ ਲੈਣ ਲਈ ਅੱਗੇ ਵਧੇਗਾ ਅਤੇ ਉਸ ਤੋਂ ਬਾਅਦ ਇਸਨੂੰ ਵੇਚਣ ਲਈ ਅੱਗੇ ਵਧੇਗਾ ਤਾਂ ਜੋ ਬਕਾਇਆ ਰਕਮ ਦੀ ਪ੍ਰਾਪਤੀ ਤੱਕ ਹੋਰ ਵਿਆਜ ਸਮੇਤ ਪ੍ਰਾਪਤੀ ਹੋ ਸਕੇ। ਕਰਜ਼ਦਾਰ ਦੁਆਰਾ ਬਕਾਇਆ ਰਕਮ ਦੀ ਅਦਾਇਗੀ ਨਾ ਕਰਨ ਕਾਰਨ ਜ਼ਾਮਨ/ਗਿਰਵੀਕਾਰ, ਉਹਨਾਂ ਦੁਆਰਾ ਦਿੱਤੀ ਗਈ ਗਰੰਟੀ ਇਸ ਦੁਆਰਾ ਮੰਗੀ ਜਾਂਦੀ ਹੈ ਅਤੇ ਤੁਹਾਨੂੰ ਪੂਰੇ ਬਕਾਏ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ।

ਕਰਜ਼ਦਾਰ/ਜ਼ਾਮਨ ਦਾ ਨਾਮ	ਸੁਰੱਖਿਆ ਦੇ ਵੇਰਵੇ (ਉਸ ਦੇ ਸਾਰੇ ਭਾਗ ਅਤੇ ਹਿੱਸੇ)	ਮੰਗ ਨੋਟਿਸ ਦੀ ਮਿਤੀ / ਐਨਪੀਏ ਦੀ ਮਿਤੀ	ਬਕਾਇਆ ਰਕਮ
ਕਰਜ਼ਦਾਰ : ਬਲਜੀਤ ਸਿਘ ਪੁੱਤਰ ਦਰਸ਼ਨ ਸਿਘ ਮਕਾਨ ਨੰ.15,ਸਟਾਰ ਇਨਕਲੇਵ ਨੇੜੇ ਫੋਕਲ ਪੁਆਇੰਟ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਪੰਜਾਬ-140401	ਸ਼੍ਰੀ ਬਲਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਦੇ ਨਾਮ 'ਤੇ ਉਪਲਬਧ ਬੈਂਕ ਰਿਕਾਰਡ ਅਨੁਸਾਰ, ਫੋਕਲ ਪੁਆਇੰਟ, ਰਾਜਪੁਰਾ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਰਿਹਾਇਸ਼ੀ ਘਰ ਪਲਾਟ ਨੰਬਰ 21 ਦਾ ਸਾਰਾ ਹਿੱਸਾ ਅਤੇ ਮਾਪ 154.82 ਵਰਗ ਗਜ਼ ਹੈ। ਇਸ ਦੀ ਹੱਦ ਹੇਠ ਲਿਖੇ ਅਨੁਸਾਰ ਹੈ: ਉੱਤਰ: ਮਕਾਨ ਨੰਬਰ 20 ਚੌੜਾ 69'8", ਦੱਖਣ: ਮਕਾਨ ਨੰਬਰ 22 ਚੌੜਾ 69'8", ਪੂਰਬ: ਸੜਕ ਚੌੜਾ 24' ਚੌੜਾ 20', ਪੱਛਮ: ਜ਼ਮੀਨ ਚੌੜਾ 20'।	30.04.2026 31.03.2026	Rs. 47,17,406.80 (ਰੁ. ਸੰਤਾਲੀ ਲੱਖ ਸਤਾਰਾਂ ਹਜ਼ਾਰ ਚਾਰ ਸੌ ਛੇ ਅਤੇ ਅੱਸੀ ਪੈਸੇ ਸਿਰਫ਼), 22.04.2025 ਨੂੰ, ਤੁਸੀਂ 22.04.2026 ਤੋਂ ਪ੍ਰਭਾਵੀ ਅਚਨਚੇਤੀ ਖਰਚਿਆਂ, ਲਾਗਤਾਂ, ਫੀਸਾਂ ਸਮੇਤ ਉਕਤ ਦਰਸਾਈ ਰਕਮ 'ਤੇ ਠੇਕਾ ਦਰ 'ਤੇ ਭਾਵੀ ਵਿਆਜ ਅਦਾ ਕਰਨ ਲਈ ਵੀ ਜਵਾਬਦੇਹ ਹੋ।

ਮਿਤੀ : 12.05.2026 ਸਥਾਨ : ਰਾਜਪੁਰਾ ਅਧਿਕਾਰਤ ਅਧਿਕਾਰੀ

ਇੰਡੀਅਨ ਬੈਂਕ Indian Bank ਇਲਾਹਾਬਾਦ ALLAHABAD
ਜ਼ੋਨਲ ਦਫਤਰ, ਜਲੰਧਰ
ਐਸਸੀਓ-44-ਸੀ, ਦੂਜੀ ਮੰਜ਼ਿਲ, ਅਰਬਨ ਅਸਟੇਟ, ਫੇਜ਼-2, ਜਲੰਧਰ-144022
E-mail: zojalandhar@indianbank.bank.in, M- 94176 43621

ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002
(ਸਰਫਾਸਿ ਐਕਟ) ਦੀ ਧਾਰਾ 13 (2)

ਪੀਆਰਟੀਸੀ ਦੀ ਬੱਸ 'ਚ ਮਾਮੂਲੀ ਗੱਲ 'ਤੇ ਏਐਸਆਈ ਨੇ ਕੰਡਕਟਰ 'ਤੇ ਤਾਣੀ ਪਿਸਤੌਲ

ਡਡਵਿੰਡੀ, 12 ਮਈ (ਚ.ਨ.ਸ): ਬੀਤੇ ਦਿਨ ਸੁਲਤਾਨਪੁਰ ਲੋਧੀ ਤੋਂ ਕਪੂਰਥਲਾ ਜਾ ਰਹੀ ਪੀਆਰਟੀਸੀ ਦੀ ਬੱਸ 'ਚ ਮਾਮੂਲੀ ਗੱਲ 'ਤੇ ਇੱਕ ਏਐਸਆਈ ਨੇ ਕੰਡਕਟਰ 'ਤੇ ਸਰਕਾਰੀ ਪਿਸਤੌਲ ਤਾਣ ਕੇ ਜਾਨੋਂ ਮਾਰਨ ਦੀ ਧਮਕੀ ਦਿੱਤੀ। ਬੱਸ 'ਚ ਔਰਤਾਂ ਦੀ ਹਾਜ਼ਰੀ 'ਚ ਉਸ ਨੂੰ ਗਾਲੀ-ਗਲੋਚ ਵੀ ਕੀਤਾ। ਇਸ ਘਟਨਾ ਦੀ ਵਾਇਰਲ ਵੀਡੀਓ 'ਚ ਏਐਸਆਈ ਸ਼ਰੇਆਮ ਕੰਡਕਟਰ ਨੂੰ ਧਮਕੀ ਦਿੰਦਾ ਦਿਖ ਰਿਹਾ ਹੈ। ਮਾਮਲਾ ਸਾਹਮਣੇ ਆਉਣ ਤੋਂ ਬਾਅਦ ਏਐਸਆਈ ਨੂੰ ਮੁਅੱਤਲ ਕਰਕੇ ਵਿਭਾਗੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਬੱਸ ਕੰਡਕਟਰ ਬੇਰਡ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਪਿੰਡ ਚੱਕ ਬੰਡਾਲਾ ਲੋਹੀਆਂ ਖ਼ਾਸ ਨੇ ਦੱਸਿਆ ਕਿ ਉਹ ਬੀਤੇ ਦਿਨ ਸਵੇਰੇ ਪੈਪਸੂ ਟਰਾਂਸਪੋਰਟ ਕੰਪਨੀ ਦੀ ਬੱਸ ਨੰਬਰ ਪੀਬੀ-09ਐਕਸ-3206 'ਚ ਸੁਲਤਾਨਪੁਰ ਤੋਂ ਕਪੂਰਥਲਾ ਜਾ ਰਹੇ ਸਨ। ਪਿੰਡ ਡਡਵਿੰਡੀ ਦੇ ਪੈਟਰੋਲ ਪੰਪ ਨੇੜੇ ਕੰਡਕਟਰ ਵੱਲੋਂ ਵਾਊਚਰ ਮੰਗਣ 'ਤੇ ਸੀਟ ਤੋਂ ਬੈਗ ਚੁੱਕਣ ਲਈ ਕਹਿਣ 'ਤੇ ਝਗੜ ਹੋਇਆ। ਬੱਸ 'ਚ ਸਵਾਰ ਵਰਦੀਧਾਰੀ ਏਐਸਆਈ ਬਲਵੀਰ ਸਿੰਘ ਕੋਲੋਂ ਵਾਊਚਰ (ਸਰਕਾਰੀ ਬੱਸ 'ਚ ਸਫ਼ਰ ਦੀ ਪਰਚੀ) ਮੰਗਿਆ ਤਾਂ ਉਸ ਨੇ ਵਾਊਚਰ ਦੇਣ ਤੋਂ ਇਨਕਾਰ ਕਰ ਦਿੱਤਾ। ਡਡਵਿੰਡੀ ਬੱਸ ਅੱਡੇ ਤੋਂ ਸਵਾਰੀਆਂ ਚੜ੍ਹਨ ਮਗਰੋਂ ਜਦੋਂ ਏਐਸਆਈ ਨੂੰ ਸੀਟ ਤੋਂ ਬੈਗ ਚੁੱਕ ਕੇ ਦੂਜੇ ਯਾਤਰੀ ਨੂੰ ਬਿਠਾਉਣ ਲਈ ਕਿਹਾ ਤਾਂ ਉਹ ਗੁੱਸੇ 'ਚ ਆ ਗਿਆ ਤੇ ਕੰਡਕਟਰ ਨਾਲ ਬਹਿਸ ਕਰਨ ਲੱਗਾ ਤੇ ਗਾਲ੍ਹਾਂ ਕੱਢਣ ਲੱਗ ਪਿਆ। ਉਸ ਨੇ ਆਪਣੇ-ਆਪ ਨੂੰ ਕਿਸੇ ਸਾਬਕਾ ਐਮਐਲਏ ਦਾ ਗੰਨਮੈਨ ਦੱਸਿਆ। ਇਸ ਤੋਂ ਬਾਅਦ ਉਸ ਨੇ ਡਰਾਈਵਰ ਤੇ ਕੰਡਕਟਰ 'ਤੇ ਪਿਸਤੌਲ ਤਾਣ ਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਬਾਅਦ 'ਚ ਸ਼ਾਮ ਨੂੰ ਸੁਲਤਾਨਪੁਰ ਲੋਧੀ 'ਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਏਐਸਪੀ ਧੀਰੇਂਦਰ ਵਰਮਾ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਤੋਂ ਬਾਅਦ ਏਐਸਆਈ ਬਲਵੀਰ ਸਿੰਘ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ।

...ਸੀ.ਬੀ.ਐਸ.ਈ. ਦੀ ਨਵੀਂ ਪਹਿਲ...
ਮਾਪੇ ਹੁਣ ਕਲਾਸਾਂ 'ਚ ਜਾ ਕੇ ਸਮਝਣਗੇ ਬੱਚਿਆਂ ਦੀ ਪੜ੍ਹਾਈ ਤੇ ਵਿਵਹਾਰ

ਨਵੀਂ ਦਿੱਲੀ, 12 ਮਈ (ਚ.ਨ.ਸ): ਕੋਵਿਡ ਮਹਾਂਮਾਰੀ ਤੋਂ ਬਾਅਦ ਸਕੂਲਾਂ ਤੇ ਮਾਪਿਆਂ ਵਿਚਾਲੇ ਸੰਵਾਦ ਕਾਫ਼ੀ ਹੱਦ ਤੱਕ ਮੋਬਾਈਲ ਐਪ, ਮੈਸੇਜ ਤੇ ਆਨਲਾਈਨ ਮੀਟਿੰਗਾਂ ਤੱਕ ਸੀਮਿਤ ਹੋ ਗਿਆ ਸੀ। ਹੁਣ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ.ਬੀ.ਐਸ.ਈ.) ਇਸ ਵਿਵਸਥਾ ਨੂੰ ਬਦਲਣ ਦੀ ਤਿਆਰੀ ਵਿੱਚ ਹੈ। ਨਵੀਂ ਪਹਿਲ ਦੇ ਤਹਿਤ ਮਾਪਿਆਂ ਨੂੰ ਸਿਰਫ਼ ਰਿਪੋਰਟ ਕਾਰਡ ਲੈਣ ਜਾਂ ਪੇਰੈਂਟਸ-ਟੀਚਰ ਮੀਟਿੰਗ (ਪੀ.ਟੀ.ਐਮ.) ਵਿੱਚ ਸ਼ਾਮਲ ਹੋਣ, ਤੱਕ ਸੀਮਿਤ ਨਹੀਂ ਰੱਖਿਆ ਜਾਵੇਗਾ,ਉਨ੍ਹਾਂ ਨੂੰ ਸਕੂਲਾਂ ਤੇ ਕਲਾਸਾਂ ਨਾਲ ਵਧੇਰੇ ਸਰਗਰਮ ਰੂਪ ਵਿੱਚ ਜੋੜਿਆ ਜਾਵੇਗਾ।

ਸਕੂਲਾਂ ਤੇ ਮਾਪਿਆਂ ਵਿਚਾਲੇ ਭਰੋਸਾ: ਸਿੱਖਿਆ ਮਾਹਿਰਾਂ ਅਨੁਸਾਰ ਆਹਮੋ-ਸਾਹਮਣੇ ਸੰਵਾਦ ਬੱਚਿਆਂ ਲਈ ਵਧੇਰੇ ਹਾਂਪੱਖੀ ਮਾਹੌਲ ਤਿਆਰ ਕਰਦਾ ਹੈ। ਇਸ ਨਾਲ ਸਕੂਲ ਤੇ ਪਰਿਵਾਰ ਵਿਚਕਾਰ ਪਾਰਦਰਸ਼ਤਾ ਵਧਦੀ ਹੈ ਤੇ ਬੱਚਿਆਂ ਨੂੰ ਭਾਵਨਾਤਮਕ ਸਹਿਯੋਗ ਵੀ ਬਿਹਤਰ ਮਿਲਦਾ ਹੈ।

ਕੀ ਹੋਵੇਗੀ ਬੱਚਿਆਂ ਦੇ ਸਿੱਖਣ ਦੀ ਪ੍ਰਕਿਰਿਆ: 8 ਨਵੀਂ ਰੂਪਰੇਖਾ ਅਨੁਸਾਰ ਮਾਪੇ ਸਮੇਂ-ਸਮੇਂ 'ਤੇ ਸਕੂਲ ਆ ਕੇ ਕਲਾਸਾਂ ਦਾ ਮਾਹੌਲ ਦੇਖ ਸਕਣਗੇ, ਅਧਿਆਪਨ ਪ੍ਰਕਿਰਿਆ ਨੂੰ ਸਮਝ ਸਕਣਗੇ ਤੇ ਬੱਚਿਆਂ ਦੇ ਸਿੱਖਣ ਦੇ ਤਰੀਕੇ ਨੂੰ ਨੇੜਿਓਂ ਜਾਣ ਸਕਣਗੇ। ਮਾਹਿਰਾਂ ਦਾ ਕਹਿਣਾ ਹੈ ਕਿ ਮਹਾਂਮਾਰੀ ਤੋਂ ਬਾਅਦ ਸਕੂਲ-ਹੋਮ ਕਮਿਊਨੀਕੇਸ਼ਨ ਪੂਰੀ ਤਰ੍ਹਾਂ ਤਕਨੀਕ 'ਤੇ ਆਧਾਰਿਤ ਹੋ ਗਿਆ ਸੀ। ਇਸ ਨਾਲ ਸਰਗਰਮ ਭਾਗੀਦਾਰ ਸਿੱਖਿਆ ਰੁਕਾਵਟਾਂ ਵਿੱਚ ਭਾਈਵਾਲ ਨਿਯਮਤ ਸੰਚਾਰ ਸੂਚਨਾਵਾਂ ਤਾਂ ਸਮੇਂ ਸਿਰ ਮਿਲਣ ਲੱਗੀਆਂ, ਪਰ ਨਿੱਜੀ ਲਗਾਅ ਤੇ ਭਰੋਸੇ ਵਿੱਚ ਕਮੀ ਆਈ । ਨਵੀਂ ਵਿਵਸਥਾ ਦਾ ਉਦੇਸ਼ ਇਸੇ ਦੂਰੀ ਨੂੰ ਘਟਾਉਣਾ ਹੈ ਤਾਂ ਜੋ ਸਕੂਲ ਤੇ ਪਰਿਵਾਰ ਮਿਲ ਕੇ ਬੱਚਿਆਂ ਦੇ ਵਿਕਾਸ 'ਤੇ ਕੰਮ ਕਰ ਸਕਣ।ਲਗਾਤਾਰ ਸੰਵਾਦ ਤੇ ਫੀਡਬੈਕ 'ਤੇ ਜ਼ੋਰ: ਨਵੀਂ ਨੀਤੀ ਤਹਿਤ ਸਕੂਲਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਸਾਲ ਵਿੱਚ ਸਿਰਫ਼ ਇੱਕ-ਦੋ ਪੀ.ਟੀ.ਐਮ. ਤੱਕ ਸੀਮਿਤ ਨਾ ਰਹਿਣ, ਸਗੋਂ ਪੂਰੇ ਵਿਦਿਅਕ ਸਾਲ ਦੌਰਾਨ ਨਿਯਮਤ ਸੰਵਾਦ ਬਣਾਈ ਰੱਖਣ। ਇਸ ਦੇ ਲਈ ਵਰਕਸ਼ਾਪਾਂ, ਚਰਚਾ ਸੈਸ਼ਨ, ਕਲਾਸ ਆਧਾਰਿਤ ਗਤੀਵਿਧੀਆਂ ਤੇ ਫੀਡਬੈਕ ਸਿਸਟਮ ਤਿਆਰ ਕੀਤੇ ਫੀਡਬੈਕ ਤੇ ਮੁਲਾਂਕਣ ਕਾਕਿਆਂ ਵਿੱਚ ਆਉਣ ਵਾਲੇ ਮੱਧ ਵਰਗ ਦੇ ਵਿਦਿਆਰਥੀਆਂ ਦੀ ਸਿੱਖਣ ਪ੍ਰਕਿਰਿਆ ਸਕੂਲ ਤੇ ਮਾਪਿਆਂ ਦੀਆਂ ਸੰਰਚਨਾਯੋਗ ਤੇ ਪਾਰਦਰਸ਼ੀ ਬੀਪਾਂ ਜਾਣਗੇ। ਇਸ ਨਾਲ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ, ਵਿਵਹਾਰ, ਮਾਨਸਿਕ ਸਥਿਤੀ ਤੇ ਹੁਨਰ ਵਿਕਾਸ ਬਾਰੇ ਬਿਹਤਰ ਜਾਣਕਾਰੀ ਮਿਲ ਸਕੇਗੀ।

ਜੰਗ ਰੁਕਵਾਉਣ ਲਈ ਪਾਕਿ ਨੇ ਅਮਰੀਕਾ ਦੇ ਕੱਢੇ ਸੀ ਤਰਲੇ

ਨਵੀਂ ਦਿੱਲੀ, 12 ਮਈ (ਚ.ਨ.ਸ): ਪਾਕਿਸਤਾਨ ਦੇ ਫ਼ੌਜ ਮੁਖੀ ਫੀਲਡ ਮਾਰਸ਼ਲ ਆਸਿਮ ਮੁਨੀਰ ਦਾ ਹਾਲ ਹੀ ਵਿੱਚ ਕੀਤਾ ਗਿਆ ਇਹ ਦਾਅਵਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਜੰਗਬੰਦੀ ਲਈ ਭਾਰਤ ਨੇ ਅਮਰੀਕਾ ਨਾਲ ਸੰਪਰਕ ਕੀਤਾ ਸੀ, ਅਮਰੀਕੀ ਲਾਬਿੰਗ ਦੇ ਰਿਕਾਰਡਸ ਨਾਲ ਮੇਲ ਨਹੀਂ ਖਾਂਦਾ। ਇਸ ਵਿੱਚ ਦਿਖਾਇਆ ਗਿਆ ਹੈ ਕਿ ਭਾਰਤ ਵੱਲੋਂ ਆਪ੍ਰੇਸ਼ਨ ਸ਼ੁਰੂ ਹੋਣ ਤੋਂ ਬਾਅਦ ਪਾਕਿਸਤਾਨ ਨੇ ਅਮਰੀਕਾ 'ਚ ਡੂੰਘੀਆਂ ਕੂਟਨੀਤਕ ਤੇ ਰੱਖਿਆ ਮੀਟਿੰਗ ਸ਼ੁਰੂ ਕੀਤੀਆਂ ਸਨ। ਅਮਰੀਕੀ ਵਿਦੇਸ਼ੀ ਏਜੰਟ ਰਜਿਸਟ੍ਰੇਸ਼ਨ ਐਕਟ (ਐਫਏਆਰਏ) ਦੇ ਤਹਿਤ ਹੋਈ ਫਾਈਲਿੰਗ ਤੋਂ ਪਤਾ ਲੱਗਦਾ ਹੈ ਕਿ ਸਿਰਫ ਛੇ ਤੋਂ ਨੌ ਮਈ 2025 ਵਿਚਾਲੇ ਹੀ ਪਾਕਿਸਤਾਨ ਨੇ ਅਮਰੀਕੀ ਸੰਸਦ ਮੈਂਬਰਾਂ, ਸੰਸਦ ਮੈਂਬਰਾਂ ਦੇ ਸਹਿਯੋਗੀਆਂ, ਰੱਖਿਆ ਮਾਮਲਿਆਂ ਨਾਲ ਜੁੜੇ ਲੋਕਾਂ, ਵਿੱਤ ਮੰਤਰਾਲੇ ਨਾਲ ਜੁੜੇ ਅਧਿਕਾਰੀਆਂ, ਰਾਸ਼ਟਰੀ ਸੁਰੱਖਿਆ ਸਲਾਹਕਾਰ ਤੇ ਪੱਤਰਕਾਰਾਂ ਨਾਲ ਗੱਲਬਾਤ ਲਈ ਲਗਭਗ 60 ਵਾਰ ਸੰਪਰਕ ਕੀਤਾ ਸੀ।ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਰਾਵਲਪਿੰਡੀ 'ਚ ਪਾਕਿਸਤਾਨੀ ਫ਼ੌਜੀ ਹੈਡਕੁਆਰਟਰ 'ਚ ਇੱਕ ਸਮਾਰੋਹ ਦੌਰਾਨ ਫੀਲਡ ਮਾਰਸ਼ਲ

ਆਸਿਮ ਮੁਨੀਰ ਨੇ ਦਾਅਵਾ ਕੀਤਾ ਸੀ ਕਿ ਭਾਰਤ ਨੇ ਅਮਰੀਕੀ ਅਗਵਾਈ ਰਾਹੀਂ ਵਿਚੋਲਗੀ ਦੀ ਇੱਛਾ ਜ਼ਾਹਿਰ ਕੀਤੀ ਸੀ, ਜਿਸ ਨੂੰ ਪਾਕਿਸਤਾਨ ਨੇ ਵੱਡੇ ਖੇਤਰੀ ਸ਼ਾਂਤੀ ਦੇ ਹਿੱਤ 'ਚ ਮੰਨ ਲਿਆ ਸੀ, ਜਦਕਿ ਐਫਏਆਰਏ ਦੇ ਤਹਿਤ ਦਰਜ ਰਿਕਾਰਡਸ ਤੋਂ ਪਤਾ ਲੱਗਦਾ ਹੈ ਕਿ ਜਦੋਂ ਭਾਰਤ ਨੇ ਪਹਿਲਗਾਮ ਅੱਤਵਾਦੀ ਹਮਲੇ ਦੇ ਜਵਾਬ 'ਚ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ ਤੇ ਪਾਕਿਸਤਾਨ ਤੇ ਮਕਬੂਜ਼ਾ ਜੰਮੂ-ਕਸ਼ਮੀਰ 'ਚ ਅੱਤਵਾਦੀ ਕੈਂਪਾਂ 'ਤੇ ਹਮਲੇ ਕੀਤੇ ਤਾਂ ਇਸਲਾਮਾਬਾਦ ਪ੍ਰਭਾਵਸ਼ਾਲੀ ਅਮਰੀਕੀ ਸਿਆਸੀ ਸ਼ਖ਼ਸੀਅਤਾਂ ਨਾਲ ਸਰਗਰਮ ਰੂਪ ਨਾਲ ਗੱਲਬਾਤ ਕਰ ਰਿਹਾ ਸੀ।ਮੁਨੀਰ ਦੇ ਦਾਅਵੇ ਦੇ ਉਲਟ ਰਿਕਾਰਡਸ ਤੋਂ ਇਹ ਵੀ ਪਤਾ ਲੱਗਦਾ ਹੈ ਕਿ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਅਮਰੀਕਾ 'ਚ ਭਾਰਤ ਦੀਆਂ ਮੀਟਿੰਗਾਂ ਕਾਫੀ ਹੱਦ ਤੱਕ ਅੱਤਵਾਦ ਦੀ ਨਿੰਦਾ ਕਰਨ ਤੇ ਹਮਲੇ ਵਿਰੁੱਧ ਕੂਟਨੀਤਕ ਸਮਰਥਨ ਹਾਸਲ ਕਰਨ 'ਤੇ ਕੇਂਦਰਿਤ ਸਨ। ਪਰ ਅਪ੍ਰੇਸ਼ਨ ਸਿੰਦੂਰ ਸ਼ੁਰੂ ਹੋਣ ਤੋਂ ਬਾਅਦ ਤੇ ਲੜਾਈ ਖ਼ਤਮ ਹੋਣ ਤੋਂ ਪਹਿਲਾਂ ਤੱਕ ਵਾਸ਼ਿੰਗਟਨ 'ਚ ਭਾਰਤ ਦੀ ਕੂਟਨੀਤਕ ਜਾਂ/ਰੱਖਿਆ ਨਾਲ ਕੋਈ ਸਰਗਰਮੀ ਨਹੀਂ ਦਿਸਦੀ।ਆਪ੍ਰੇਸ਼ਨ ਸਿੰਦੂਰ ਸ਼ੁਰੂ ਹੋਣ ਤੋਂ ਬਾਅਦ ਭਾਰਤ ਨੇ ਸਪੱਸ਼ਟ ਕਰ ਦਿੱਤਾ ਸੀ ਕਿ ਤਿੰਨੇ ਫ਼ੌਜਾਂ ਦੇ ਇਸ ਆਪ੍ਰੇਸ਼ਨ ਦਾ ਮੰਤਵ ਪਾਕਿਸਤਾਨ ਤੇ ਮਕਬੂਜ਼ਾ ਜੰਮੂ-ਕਸ਼ਮੀਰ 'ਚ ਅੱਤਵਾਦੀ ਕੈਂਪਾਂ ਨੂੰ ਖ਼ਤਮ ਕਰਨਾ ਸੀ।

ਭਾਰਤੀ ਫ਼ੌਜ ਦੀ ਮਾਰੂ ਸਮਰੱਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਦੋ ਨਵੇਂ ਸਵਦੇਸ਼ੀ ਅਤਿ-ਆਧੁਨਿਕ ਘਾਤਕ ਹਥਿਆਰਾਂ ਨਾਲ ਲੈਸ ਕੀਤਾ

☛ ਸਵਦੇਸ਼ੀ ਕਾਮੀਕਾਜ਼ੀ ਡ੍ਰੋਨ ਫਾਹੇਗਾ ਦੁਸ਼ਮਣ 'ਤੇ ਕਹਿਰ

ਨਵੀਂ ਦਿੱਲੀ, 12 ਮਈ (ਚ.ਨ.ਸ): ਭਾਰਤੀ ਫ਼ੌਜ ਦੀ ਮਾਰੂ ਸਮਰੱਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਸ ਨੂੰ ਦੋ ਨਵੇਂ ਸਵਦੇਸ਼ੀ ਅਤਿ-ਆਧੁਨਿਕ ਘਾਤਕ ਹਥਿਆਰਾਂ ਨਾਲ ਲੈਸ ਕੀਤਾ ਗਿਆ ਹੈ। ਇਨ੍ਹਾਂ 'ਚ ਪਹਿਲਾ, ਡ੍ਰੋਨ (ਯੂਏਵੀ) ਨਾਲ ਲਾਂਚ ਕੀਤਾ ਜਾਣ ਵਾਲਾ ਗਾਈਡਿਡ ਲੌਇਟਰਿੰਗ ਮਿਊਨਿਸ਼ਨ-ਯੂਐਲਪੀਜੀਐਮ (ਯੂਏਵੀ ਲਾਂਚਡ ਪ੍ਰਿਸਿਜਨ ਗਾਈਡਿਡ ਮਿਊਨਿਸ਼ਨ) ਤੇ ਦੂਜਾ, ਹਵਾ 'ਚ ਸਿੱਧੀ ਉਡਾਣ ਭਰਨ ਦੀ ਸਮਰੱਥਾ ਵਾਲਾ ਕਾਮੀਕਾਜ਼ੀ ਡ੍ਰੋਨ 'ਅਗਨੀਕਾ ਵੀਟੀਓਐਲ-1 ਐਫਪੀਵੀ ਸ਼ਾਮਲ ਹਨ। ਇਨ੍ਹਾਂ ਨੂੰ ਫ਼ੌਜ ਦੀ ਹੰਗਾਮੀ ਖ਼ਰੀਦ (ਈਪੀ-6) ਦੇ ਤਹਿਤ ਉਪਲੱਬਧ ਕਰਵਾਇਆ ਗਿਆ ਹੈ। ਇਨ੍ਹਾਂ ਪ੍ਰਣਾਲੀਆਂ ਦੇ ਫ਼ੌਜ 'ਚ ਸ਼ਾਮਲ ਹੋਣ ਨਾਲ ਦੁਸ਼ਮਣ ਦੇ ਟਿਕਾਣਿਆਂ 'ਤੇ ਬਹੁਤ ਸਟੀਕ, ਤੇਜ਼ ਤੇ ਸੁਰੱਖਿਅਤ ਤਰੀਕੇ ਨਾਲ ਹਮਲਾ ਕਰਨਾ ਸੰਭਵ ਹੋਵੇਗਾ। ਖਾਸ ਗੱਲ ਇਹ ਹੈ ਕਿ ਇਹ ਸਿਸਟਮ ਮੁਸ਼ਕਿਲ ਜੰਗੀ ਹਾਲਾਤ, ਉਚਾਈ ਵਾਲੇ ਇਲਾਕਿਆਂ ਤੇ ਇਲੈਕਟ੍ਰਾਨਿਕ ਵਾਰਫੇਅਰ ਵਰਗੇ ਮਾਹੌਲ 'ਚ ਵੀ ਅਸਰਦਾਰ ਢੰਗ ਨਾਲ ਕੰਮ ਕਰ ਸਕਦੇ ਹਨ। ਇਨ੍ਹਾਂ ਜੰਗੀ ਪ੍ਰਣਾਲੀਆਂ ਦੇ ਜ਼ਰੀਏ ਫ਼ੌਜ ਨੂੰ ਅੱਤਵਾਦੀ ਵਿਰੋਧੀ ਮੁਹਿੰਮਾਂ, ਸਰਹੱਦ ਪਾਰ ਘੁਸਪੈਠ ਰੋਕਣ, ਪਹਾੜੀ ਜੰਗੀ ਖੇਤਰਾਂ ਤੇ ਸ਼ਹਿਰੀ ਸੰਘਰਸ਼ਾਂ 'ਚ ਵੱਡੀ ਰਣਨੀਤਕ ਬੜ੍ਹਤ ਮਿਲ ਸਕੇਗੀ।ਯੂਐਲਪੀਜੀਐਮ ਨੂੰ ਡੀਆਰਡੀਓ ਤੇ ਅਡਾਨੀ ਡਿਫੈਂਸ ਐਂਡ ਏਅਰੋਸਪੇਸ ਨੇ ਸੰਯੁਕਤ ਰੂਪ ਨਾਲ ਵਿਕਸਿਤ ਕੀਤਾ ਹੈ।ਇਹ ਆਪਣੀ ਸ਼੍ਰੇਣੀ ਦਾ ਦੇਸ਼ ਦਾ ਪਹਿਲਾ ਸਵਦੇਸ਼ੀ ਹਵਾ ਤੋਂ ਸਤ੍ਹਾ 'ਤੇ ਮਾਰ ਕਰਨ ਵਾਲਾ ਲੌਇਟਰਿੰਗ ਮਿਊਨਿਸ਼ਨ ਭਾਵ ਗਾਈਡਿਡ ਰਾਕਟ ਹੈ, ਜਿਸ ਨੂੰ ਡ੍ਰੋਨ (ਯੂਏਵੀ) ਨਾਲ ਦਾਗਿਆ ਜਾ ਸਕਦਾ ਹੈ। ਇਹ ਸਥਿਰ ਤੇ ਚਲਾਇਮਾਨ ਦੋਵਾਂ ਤਰ੍ਹਾਂ ਦੇ ਟੀਚਿਆਂ ਨੂੰ ਬਹੁਤ ਸਟੀਕਤਾ ਨਾਲ ਤਬਾਹ ਕਰ ਸਕਦਾ ਹੈ। ਇਸ 'ਚ ਇਮੇਜਿੰਗ ਇਨਫਰਾਰੈਡ ਸੀਕਰ ਲੱਗਾ ਹੈ, ਜਿਸ ਨਾਲ ਦਿਨ-ਰਾਤ ਤੇ ਹਰ ਮੌਸਮ 'ਚ ਇਸ ਦੀ ਮਾਰੂ ਸਮਰੱਥਾ ਬਣੀ ਰਹਿੰਦੀ ਹੈ। ਲੌਇਟਰਿੰਗ ਮਿਊਨਿਸ਼ਨ ਆਪਣੇ ਟੀਚਿਆਂ ਦੀ ਭਾਲ 'ਚ ਹਵਾ 'ਚ ਘੁੰਮਦਾ ਰਹਿੰਦਾ ਹੈ ਤੇ ਟਾਰਗੈਟ ਦੇ ਰੇਂਜ 'ਚ ਆਉਂਦੇ ਹੀ ਉਸ 'ਤੇ ਹਮਲਾ ਕਰ ਦਿੰਦਾ ਹੈ। ਇਹ ਪ੍ਰਣਾਲੀ ਉਨ੍ਹਾਂ ਹਾਲਾਤ 'ਚ ਵੀ ਕਾਰਗਰ ਸਾਬਿਤ ਹੋਵੇਗੀ, ਜਿੱਥੇ ਦੁਸ਼ਮਣ ਜੀਪੀਐਸ ਜਾਂ ਸੰਚਾਰ ਨੈਟਵਰਕ ਨੂੰ ਜਾਮ ਕਰਨ ਦੀ ਕੋਸ਼ਿਸ਼ ਕਰੇ। ਐਂਟੀ-ਜੈਮਿੰਗ ਤੇ ਐਂਟੀ-ਸਪੂਫਿੰਗ ਤਕਨੀਕ ਨਾਲ ਲੈਸ ਇਹ ਸਿਸਟਮ ਸਰਹੱਦੀ ਇਲਾਕਿਆਂ, ਮੁਸ਼ਕਿਲ ਪਹਾੜੀ ਮੋਰਚਿਆਂ ਤੇ ਇਲੈਕਟ੍ਰਾਨਿਕ ਜੰਗ ਦੇ ਵਾਤਾਵਾਰਨ 'ਚ ਫ਼ੌਜ ਨੂੰ ਵੱਡੀ ਬੜ੍ਹਤ ਦੇਵੇਗਾ।

ਜੈਤਪੁਰ ਵਿਖੇ ਐਚ.ਪੀ.ਸੀ.ਐਲ. ਦੇ ਰਿਟੇਲ ਆਊਟਲੈਟ 'ਤੇ ਹੰਗਾਮੀ ਸਥਿਤੀਆਂ ਨਾਲ ਨਜਿੱਠਣ ਲਈ ਮੌਕ ਡਰਿੱਲ ਕਰਵਾਈ

ਹੁਸ਼ਿਆਰਪੁਰ, 12 ਮਈ (ਚ.ਨ.ਸ): ਹੁਸ਼ਿਆਰਪੁਰ-ਚੰਡੀਗੜ੍ਹ ਮੁੱਖ ਮਾਰਗ (ਐਸ.ਐਚ.-24) 'ਤੇ ਸਥਿਤ ਪਿੰਡ ਜੈਤਪੁਰ ਦੇ 'ਮੈਸਰਜ਼ ਰਾਇਲ ਆਟੋ ਸਰਵਿਸ', ਐਚ.ਪੀ.ਸੀ.ਐਲ. ਰਿਟੇਲ ਆਊਟਲੈਟ ਵਿਖੇ ਬੀਤੇ ਦਿਨੀਂ ਇੱਕ ਵਿਆਪਕ 'ਐਮਰਜੈਂਸੀ ਮੌਕ ਡਰਿੱਲ' ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੌਕ ਡਰਿੱਲ ਦਾ ਮੁੱਖ ਮੰਤਵ ਕਿਸੇ ਵੀ ਅਣਸੁਖਾਵੀਂ ਘਟਨਾ ਜਾਂ ਹੰਗਾਮੀ ਸਥਿਤੀ ਦੌਰਾਨ ਤਿਆਰੀਆਂ ਦਾ ਜਾਇਜ਼ਾ ਲੈਣਾ, ਕਾਰਜਸ਼ੀਲ ਤਾਲਮੇਲ ਨੂੰ ਪਰਖਣਾ ਤੇ ਹੁੰਗਾਰੇ ਦੀ ਕੁਸ਼ਲਤਾ ਨੂੰ ਵਧਾਉਣਾ ਸੀ। ਇਹ ਸਾਰੀ ਪ੍ਰਕਿਰਿਆ ਪੈਟਰੋਲੀਅਮ ਤੇ ਕੁਦਰਤੀ ਗੈਸ ਰੈਗੂਲੇਟਰੀ ਬੋਰਡ ਨਵੀਂ ਦਿੱਲੀ ਦੇ ਸੀਨੀਅਰ ਅਧਿਕਾਰੀਆਂ ਦੀ ਸਿੱਧੀ ਨਿਗਰਾਨੀ ਤੇ ਮਾਰਗਦਰਸ਼ਨ ਹੇਠ ਮੁਕੰਮਲ ਕੀਤੀ ਗਈ। ਇਸ ਮੌਕੇ ਨਵੀਂ ਦਿੱਲੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪੀ.ਐਨ.ਜੀ.ਆਰ.ਬੀ. ਦੇ ਸੀਨੀਅਰ ਅਧਿਕਾਰੀ ਦੇਵ ਕੁਮਾਰ ਵਰਸ਼ਣੇ, ਸੰਦੀਪ ਕੁਮਾਰ ਅਗਰਵਾਲ ਤੇ ਅਨੂਪ ਕੁਮਾਰ ਵਿਸ਼ਵਾਸ ਨੇ ਸਮੁੱਚੀ ਕਾਰਵਾਈ ਦਾ ਨਿਰੀਖਣ ਕੀਤਾ। ਇਸ ਅਭਿਆਸ ਦੌਰਾਨ ਗੁਜਰਾਤ ਗੈਸ ਲਿਮਟਿਡ ਦੇ ਉਚ ਅਧਿਕਾਰੀ ਵੀ ਮੌਜੂਦ ਰਹੇ, ਜਿਨ੍ਹਾਂ ਵਿੱਚ ਹੁਸ਼ਿਆਰਪੁਰ ਤੇ ਗੁਰਦਾਸਪੁਰ ਦੇ ਜੀ.ਏ. ਹੈਡ ਚੰਦਰਕਾਂਤ ਵਾਲਾ ਤੇ ਹੁਸ਼ਿਆਰਪੁਰ ਦੇ ਟੈਕਨੀਕਲ ਹੈਡ ਸ਼ਾਂਤਨੂ ਸ਼ਰਮਾ ਸ਼ਾਮਲ ਸਨ। ਅਧਿਕਾਰੀਆਂ ਨੇ ਦੱਸਿਆ ਕਿ ਅਜਿਹੇ ਅਭਿਆਸ ਜਨਤਕ ਸੁਰੱਖਿਆ ਤੇ ਉਦਯੋਗਿਕ ਮਾਪਦੰਡਾਂ ਨੂੰ ਬਰਕਰਾਰ ਰੱਖਣ ਲਈ ਬੇਹੱਦ ਜ਼ਰੂਰੀ ਹਨ।ਡਰਿੱਲ ਦੌਰਾਨ ਇੱਕ ਕਲਪਿਤ ਹੰਗਾਮੀ ਸਥਿਤੀ ਪੈਦਾ ਕੀਤੀ ਗਈ ਸੀ, ਜਿਸ 'ਤੇ ਕਾਬੂ ਪਾਉਣ ਲਈ ਸਾਰੀਆਂ

ਹਵਾਈ ਅੱਡੇ ਨੇੜਿਓਂ ਤਿੰਨ ਮਸ਼ਕੂਕ ਗ੍ਰਿਫ਼ਤਾਰ

☛ਪੁਲਿਸ ਕਾਂਸਟੇਬਲ ਦਾ ਫ਼ਰਜ਼ੀ ਸ਼ਨਾਖ਼ਤੀ ਕਾਰਡ ਬ੍ਰਾਮਦ

ਪਠਾਨਕੋਟ, 12 ਮਈ (ਚ.ਨ.ਸ): ਪਠਾਨਕੋਟ ਪੁਲਿਸ ਨੇ ਹਵਾਈ ਅੱਡੇ ਦੇ ਪਿੱਛੇ ਨੌਸ਼ਹਿਰਾ ਨਲਬੰਦਾ ਕੋਲ ਨਾਕਾਬੰਦੀ ਦੌਰਾਨ ਕਾਰ ਸਵਾਰ ਤਿੰਨ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਕੋਲੋਂ ਪੰਜਾਬ ਪੁਲਿਸ ਦੇ ਕਾਂਸਟੇਬਲ ਦਾ ਫਰਜ਼ੀ ਸ਼ਨਾਖ਼ਤੀ ਕਾਰਡ ਮਿਲਿਆ ਹੈ। ਮੁਲਜ਼ਮਾਂ ਨੇ ਚੈਕਿੰਗ ਕਰਨ ਵੇਲੇ ਪੁਲਿਸ ਮੁਲਾਜ਼ਮਾਂ ਨੂੰ ਦੱਸਿਆ ਕਿ ਉਹ ਖ਼ੁਫ਼ੀਆ ਡਿਊਟੀ 'ਤੇ ਆਏ ਹਨ ਪਰ ਜਦੋਂ ਪੁਲਿਸ ਮੁਲਾਜ਼ਮਾਂ ਨੇ ਆਈਡੀ ਕਾਰਡ ਦੀ ਜਾਂਚ ਕੀਤੀ ਤਾਂ ਉਹ ਜਾਅਲੀ ਪਾਇਆ ਗਿਆ। ਪੁੱਛ-ਪੜਤਾਲ ਵਿੱਚ ਸਾਹਮਣੇ ਆਇਆ ਕਿ ਮੁਲਜ਼ਮ ਪੁਲਿਸ ਦਾ ਸ਼ਨਾਖ਼ਤੀ ਕਾਰਡ ਦਿਖਾ ਕੇ ਟੋਲ ਪਲਾਜ਼ਾ ਲੰਘਦੇ ਰਹੇ ਸਨ। ਤਿੰਨਾਂ ਨੂੰ ਗ੍ਰਿਫ਼ਤਾਰ ਕਰਕੇ ਕਾਰ ਜ਼ਬਤ ਕਰ ਲਈ ਹੈ। ਮੁਲਜ਼ਮਾਂ ਦੀ ਪਛਾਣ ਰਾਜਦੀਨ ਵਾਸੀ ਗੋਗਨ (ਜ਼ਿਲ੍ਹਾ ਹੁਸ਼ਿਆਰਪੁਰ), ਬਿੱਲਾ ਵਾਸੀ ਹਾਲਟਾ (ਜ਼ਿਲ੍ਹਾ ਹੁਸ਼ਿਆਰਪੁਰ) ਤੇ ਬਿੱਲਾ ਵਾਸੀ ਹੁਸ਼ਿਆਰਪੁਰ ਵਜੋਂ ਹੋਈ ਹੈ। ਡੀਐਸਪੀ ਵਿਪਨ ਕੁਮਾਰ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਹਵਾਈ ਅੱਡਾ ਪਠਾਨਕੋਟ ਪਿੱਛੇ ਕਾਰ ਵਿੱਚ ਮਸ਼ਕੂਕ ਵਿਅਕਤੀ ਘੁੰਮ ਰਹੇ ਹਨ। ਏਐਸਆਈ ਸਰਤਾਜ ਸਿੰਘ ਨੇ ਪੁਲਿਸ ਮੁਲਾਜ਼ਮਾਂ ਸਣੇ ਨੌਸ਼ਹਿਰਾ ਨਲਬੰਦਾ ਕੋਲ ਨਾਕਾ ਲਗਾ ਕੇ ਸ਼ੱਕੀਆਂ ਨੂੰ ਰੋਕਿਆ। ਕਾਰ ਸਵਾਰਾਂ ਵਿੱਚੋਂ ਇੱਕ ਨੇ ਖ਼ੁਦ ਨੂੰ ਪੁਲਿਸ ਮੁਲਾਜ਼ਮ ਦੱਸਿਆ ਤੇ ਸੁਨੀਰ ਸ਼ਰਮਾ ਦੇ ਨਾਂ ਦਾ ਸ਼ਨਾਖ਼ਤੀ ਕਾਰਡ ਦਿਖਾਇਆ ਜੋ ਫ਼ਰਜ਼ੀ ਨਿੱਕਲਿਆ। ਡੀਐਸਪੀ ਨੇ ਦੱਸਿਆ ਕਿ ਜਦੋਂ ਪੁਲਿਸ ਪਾਰਟੀ ਨੇ ਉਨ੍ਹਾਂ ਕੋਲੋਂ ਪੁੱਛ-ਪੜਤਾਲ ਕੀਤੀ ਤਾਂ ਉਨ੍ਹਾਂ ਮੰਨਿਆ ਕਿ ਇਹ ਕਾਰਡ ਉਨ੍ਹਾਂ ਨੇ ਦੋ ਦਿਨ ਪਹਿਲਾਂ ਹੁਸ਼ਿਆਰਪੁਰ ਦੇ ਪੈਟਰੋਲ ਪੰਪ ਤੋਂ ਚੁੱਕਿਆ ਸੀ। ਇਸ ਨੂੰ ਟੋਲ ਪਲਾਜ਼ਾ ਪਰਚੀ ਤੋਂ ਬਚਣ ਲਈ ਵਰਤਣ ਦੀ ਯੋਜਨਾ ਬਣਾਈ। ਡੀਐਸਪੀ ਅਨੁਸਾਰ ਤਿੰਨਾਂ ਖ਼ਿਲਾਫ਼ ਕੇਸ ਦਰਜ ਕਰ ਦਿੱਤਾ ਹੈ।

ਸਮੂਹਿਕ ਜਬਰ-ਜਨਾਹ ਦੇ ਦੋਸ਼ ਹੇਠ ਤਿੰਨ ਗ੍ਰਿਫ਼ਤਾਰ

☛ਕਾਰ 'ਚ ਅਗਵਾ ਕਰਨ ਮਗਰੋਂ ਦਿੱਤਾ ਸੀ ਘਟਨਾ ਨੂੰ ਅੰਜਾਮ/ਤਿੰਨ ਮੁਲਜ਼ਮ ਪੁਲਿਸ ਦੀ ਗ੍ਰਿਫ਼ਤ ਤੋਂ ਦੂਰ

ਜਲੰਧਰ, 12 ਮਈ (ਚ.ਨ.ਸ): ਇਥੇ ਲੜਕੀ ਅਗਵਾ ਕਰਕੇ ਸਮੂਹਿਕ ਜਬਰ-

ਜਨਾਹ ਕਰਨ ਦੇ ਮਾਮਲੇ ਵਿੱਚ ਲੋੜੀਂਦੇ ਛੇ ਮੁਲਜ਼ਮਾਂ 'ਚੋਂ ਪੁਲਿਸ ਨੇ ਤਿੰਨ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਥਾਣਾ ਮੁਖੀ ਸਾਹਿਲ ਚੌਧਰੀ ਨੇ ਦੱਸਿਆ ਕਿ 28 ਅਪ੍ਰੈਲ ਨੂੰ ਸਿਵਲ ਹਸਪਤਾਲ ਨੇੜਿਓਂ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਕੁਝ ਵਿਅਕਤੀਆਂ ਨੇ ਲੜਕੀ ਨੂੰ ਕਾਰ ਵਿੱਚ ਅਗਵਾ ਕਰ ਲਿਆ ਤੇ ਉਸ ਨਾਲ ਸਮੂਹਿਕ ਜਬਰ ਜਨਾਹ ਕੀਤਾ। ਪੁਲਿਸ ਨੇ ਪੀੜਤ ਲੜਕੀ ਦੇ ਬਿਆਨ ਦਰਜ ਕਰਕੇ ਕੇਸ ਦਰਜ ਕਰ ਲਿਆ ਤੇ ਆਸ-ਪਾਸ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕਰਕੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੀੜਤ ਲੜਕੀ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਜਗਜੀਤ ਉਰਫ਼ ਜੱਗਾ ਉਸ ਨੂੰ ਜਬਰਨ ਕਾਰ ਵਿੱਚ ਬਿਠਾ ਕੇ ਕਿਧਰੇ ਲੈ ਗਿਆ ਸੀ ਤੇ ਉਥੇ ਮੌਜੂਦ ਉਸ ਦੇ ਸਾਥੀਆਂ ਨੇ ਉਸ ਨਾਲ ਜਬਰ-ਜਨਾਹ ਕੀਤਾ। ਪੁਲਿਸ ਨੇ ਜਗਜੀਤ ਉਰਫ਼ ਜੱਗਾ ਵਾਸੀ ਗੋਇੰਦਵਾਲ ਸਾਹਿਬ, ਕਰਨ ਮਹਿਰਾ ਨਿਵਾਸੀ ਬਲਦੇਵ ਨਗਰ ਤੇ ਅਰਜੁਨ ਨਿਵਾਸੀ ਉਪਕਾਰ ਨਗਰ ਨੂੰ ਕਾਬੂ ਕਰ ਲਿਆ ਹੈ। ਮਾਮਲੇ ਵਿੱਚ ਲੋੜੀਂਦੇ ਤਿੰਨ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਿਸ ਛਾਪੇ ਮਾਰੀ ਕਰ ਰਹੀ ਹੈ।

ਦਿਲ ਦੀਆਂ ਬਿਮਾਰੀਆਂ ਤੋਂ ਬਚਣਾ ਹੈ ਤਾਂ ਖਾਣ-ਪੀਣ ਦੀਆਂ ਆਦਤਾਂ ਬਦਲੋ

ਵਾਸ਼ਿੰਗਟਨ, 12 ਮਈ (ਚ.ਨ.ਸ): ਅੱਜਕਲ੍ਹ ਲੋਕਾਂ 'ਚ ਦਿਲ ਦੀਆਂ ਬਿਮਾਰੀਆਂ ਵੱਧਦੀਆਂ ਜਾ ਰਹੀਆਂ ਹਨ। ਅਜਿਹੀ ਉਮਰ 'ਚ ਦਿਲ ਦੇ ਮਰੀਜ਼ ਸਾਹਮਣੇ ਆ ਰਹੇ ਹਨ, ਜੋ ਪਹਿਲਾਂ ਕਦੀ ਨਹੀਂ ਦੇਖੇ ਜਾਂਦੇ ਸਨ। ਇਸਦੇ ਲਈ



ਸੈਂਡੈਂਟਰੀ ਲਾਈਫ ਬਹੁਤ ਹੱਦ ਤੱਕ ਜ਼ਿੰਮੇਵਾਰ ਹੈ। ਨਾਲ ਹੀ ਲੋਕ ਅਕਸਰ ਪੌਸ਼ਟਿਕ ਖ਼ੁਰਾਕ ਦੀ ਥਾਂ ਬਾਹਰ ਤਲਿਆ-ਭੁੰਨਿਆ ਖਾਣਾ ਖਾਣ ਨੂੰ ਤਰਜੀਹ ਦਿੰਦੇ ਹਨ। ਅਸੀਂ ਚਾਹੀਏ ਤਾਂ ਲਾਈਫ ਸਟਾਈਲ ਤੇ ਖਾਣਪੀਣ 'ਚ ਬਦਲਾਅ ਕਰਕੇ ਇਨ੍ਹਾਂ ਬਿਮਾਰੀਆਂ ਨੂੰ ਦੂਰ ਰੱਖ ਸਕਦੇ ਹਾਂ। ਹਾਲ ਹੀ ਵਿੱਚ ਹੋਏ ਇੱਕ ਵਿਸ਼ਲੇਸ਼ਣ 'ਚ ਸਾਹਮਣੇ ਆਇਆ ਹੈ ਕਿ ਘੱਟ ਪੌਸ਼ਟਿਕ ਖ਼ੁਰਾਕ, ਜਿਵੇਂ ਕਿ ਸਾਬਤ ਅਨਾਜ ਦੀ ਘਾਟ ਜਾਂ ਸੋਡੀਅਮ ਦੀ ਵੱਧ ਮਾਤਰਾ ਕਾਰਨ 2023 'ਚ ਵਿਸ਼ਵ ਪੱਧਰ 'ਤੇ ਇਸਕੈਮਿਕ ਦਿਲ ਦੀ ਬਿਮਾਰੀ ਨਾਲ 40 ਲੱਖ ਤੋਂ ਵੱਧ ਮੌਤਾਂ ਹੋਈਆਂ ਹੋਣਗੀਆਂ। ਇਸਕੈਮਿਕ ਦਿਲ ਦੀ ਬਿਮਾਰੀ ਜਾਂ ਕੋਰੋਨਰੀ ਰੋਗ, ਇੱਕ ਅਜਿਹੀ ਹਾਲਤ ਹੈ, ਜਿਸ ਵਿੱਚ ਦਿਲ ਦੀਆਂ ਮਾਸਪੇਸ਼ੀਆਂ ਤੱਕ ਆਕਸੀਜਨ ਵਾਲੇ ਖ਼ੂਨ ਦਾ ਪਰਵਾਹ ਘੱਟ ਹੋ ਜਾਂਦਾ ਹੈ ਕਿਉਂਕਿ ਪਲਾਕ ਦੇ ਜਮ੍ਹਾਂ ਹੋਣ ਕਾਰਨ ਕੋਰੋਨਰੀ ਨਾੜਾਂ ਸੁੰਘੜ ਜਾਂਦੀਆਂ ਹਨ। ਖੋਜੀਆਂ ਨੇ ਗਲੋਬਲ ਬਰਡਨ ਆਫ਼ ਡਿਸੀਜ਼ ਸਟੱਡੀ (2023) ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕੀਤਾ। ਇਸ ਵਿੱਚ ਪਤਾ ਲੱਗਾ ਕਿ 2023 'ਚ ਘੱਟ ਪੌਸ਼ਟਿਕ ਖ਼ੁਰਾਕ ਇਸਕੈਮਿਕ ਦਿਲ ਦੀ ਬਿਮਾਰੀ ਦੇ ਕਾਰਨ ਮੌਤਾਂ ਲਈ ਜ਼ਿੰਮੇਵਾਰ ਸੀ। ਖੋਜੀਆਂ ਦਾ ਕਹਿਣਾ ਸੀ ਕਿ ਖ਼ੁਰਾਕ ਸਬੰਧੀ ਕਾਰਨਾਂ 'ਚ ਡਰਾਈ ਫਰੂਟ, ਸਾਬਤ ਅਨਾਜ ਤੇ ਫਲਾਂ ਦੀ ਘੱਟ ਵਰਤੋਂ ਤੇ ਸੋਡੀਅਮ ਦੀ ਵੱਧ ਮਾਤਰਾ ਆਈਐਚਡੀ ਨਾਲ ਹੋਣ ਵਾਲੀਆਂ ਮੌਤਾਂ ਦੇ ਅਹਿਮ ਕਾਰਨ ਸਨ।

ਥਾਣੇ 'ਚ ਫਾਹਾ ਲੈ ਕੇ ਖ਼ੁਦਕੁਸ਼ੀ ਕਰਨ ਵਾਲੇ ਨੌਜਵਾਨ ਦਾ ਪੋਸਟ ਮਾਰਟਮ ਉਪਰੰਤ ਕੀਤਾ ਅੰਤਿਮ ਸਸਕਾਰ

ਅਮਲੋਹ, 12 ਮਈ (ਜਸਵੰਤ ਸਿੰਘ): ਥਾਣਾ ਅਮਲੋਹ ਵਿੱਚ ਪੁਲਿਸ ਹਿਰਾਸਤ ਅਧੀਨ 30 ਸਾਲਾ ਨੌਜਵਾਨ ਦਵਿੰਦਰ ਸਿੰਘ ਪੁੱਤਰ ਨੇਤਰ ਸਿੰਘ ਵਾਸੀ ਮਾਜਰੀ ਕਿਸਨੇ ਵਾਲੀ ਦੀ ਹੋਈ ਮੌਤ ਨੂੰ ਲੈ ਕੇ ਉਸ ਦੇ ਵਾਰਸਾਂ ਨੇ ਪੋਸਟਮਾਰਟਮ ਉਪਰੰਤ ਉਸ ਦਾ ਅੰਤਿਮ ਸਸਕਾਰ ਕਰ ਦਿੱਤਾ। ਪ੍ਰਾਪਤ ਸੂਚਨਾ ਅਨੁਸਾਰ ਉਸ ਦਾ ਮੁਹਾਲੀ ਦੇ ਹਸਪਤਾਲ ਵਿੱਚ ਮੈਡੀਕਲ ਬੋਰਡ ਦੀ ਨਿਗਰਾਨੀ ਹੇਠ ਪੋਸਟਮਾਰਟਮ ਕਰਵਾਇਆ ਗਿਆ, ਜਿਸ ਉਪਰੰਤ ਉਸ ਦੀ ਲਾਸ਼ ਵਾਰਸਾਂ ਦੇ ਹਵਾਲੇ ਕੀਤੀ ਗਈ। ਮ੍ਰਿਤਕ ਦੀ ਮਾਤਾ ਰਾਣੀ ਨੇ ਦੱਸਿਆ ਕਿ ਮ੍ਰਿਤਕ ਦੇ ਡੇਢ ਸਾਲ ਦਾ ਮਾਸੂਮ ਬੱਚਾ ਹੈ। ਉਸਨੇ ਪੁਲਿਸ ਉਪਰ ਕਥਿਤ ਲਾਪ੍ਰਵਾਹੀ ਦਾ ਵੀ ਦੋਸ਼ ਲਗਾਇਆ। ਉਸ ਨੇ ਕਿਹਾ ਕਿ ਥਾਣੇ ਵਿੱਚ ਸੀ.ਸੀ.ਟੀ.ਵੀ. ਕੈਮਰੇ ਹੋਣ ਦੇ ਬਾਵਜੂਦ ਉਸ ਦਾ ਲੜਕਾ ਭੇਤਭਰੀ ਹਾਲਤ ਵਿੱਚ ਮੌਤ ਦਾ ਸ਼ਿਕਾਰ ਹੋਇਆ ਹੈ। ਪ੍ਰਾਪਤ ਸੂਚਨਾ ਅਨੁਸਾਰ ਪਿੰਡ ਦੀ ਪੰਚਾਇਤ ਦੇ ਦਖਲ ਨਾਲ ਬਾਅਦ ਵਿੱਚ ਮ੍ਰਿਤਕ ਦੇ ਪਰਿਵਾਰ ਤੇ ਪੁਲਿਸ ਵਿੱਚਕਾਰ ਸਮਝੌਤਾ ਵੀ ਹੋ ਗਿਆ। ਇਥੇ ਇਹ ਵਰਣਨਯੋਗ ਹੈ ਕਿ ਮ੍ਰਿਤਕ ਨੂੰ ਪਿੰਡਾਂ ਦੇ ਲੋਕਾਂ ਨੇ ਮੋਟਰਾਂ ਦੀਆਂ ਤਾਰਾਂ ਚੋਰੀ ਕਰਨ ਦੇ ਦੋਸ਼ ਹੇਠ ਕਾਬੂ ਕਰਕੇ ਕਥਿਤ ਕੁੱਟਮਾਰ ਬਾਅਦ ਪੁਲਿਸ ਦੇ ਹਵਾਲੇ ਕੀਤਾ ਸੀ ਤੇ ਪੁਲਿਸ ਨੇ ਇਸ ਮਾਮਲੇ ਵਿੱਚ ਮੁਕੱਦਮਾ ਦਰਜ ਕਰਕੇ ਕਥਿਤ ਦੋਸ਼ੀ ਦਾ ਅਮਲੋਹ ਅਦਾਲਤ ਵਿੱਚੋਂ 3 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਸੀ। ਇਸ ਤਰ੍ਹਾਂ ਇਹ ਮਾਮਲਾ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਸੇ ਦੌਰਾਨ ਇਸੇ ਪਿੰਡ ਦੇ ਹੀ ਇੱਕ ਹੋਰ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਲੈਣ ਕਾਰਨ ਮੌਤ ਹੋਣ ਦੀ ਸੂਚਨਾ ਮਿਲੀ ਹੈ।

ਦੇਸ਼ ਭਗਤ ਗਲੋਬਲ ਸਕੂਲ ਵਿਖੇ ਉਤਸ਼ਾਹ ਤੇ ਖੁਸ਼ੀਆਂ ਨਾਲ ਮਾਂ ਦਿਵਸ ਮਨਾਇਆ

ਮੰਡੀ ਗੋਬਿੰਦਗੜ੍ਹ, 12 ਮਈ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਗਲੋਬਲ ਸਕੂਲ ਵਿਖੇ ਮਾਵਾਂ ਦੇ ਪਿਆਰ, ਦੇਖਭਾਲ ਤੇ ਸਮਰਪਣ ਦਾ ਸਨਮਾਨ ਕਰਨ ਲਈ ਇੱਕ ਖੁਸ਼ੀਆਂ ਭਰਿਆ ਤੇ ਯਾਦਗਾਰੀ ਮਾਂ ਦਿਵਸ ਸਮਾਰੋਹ ਕਰਵਾਇਆ ਗਿਆ। ਇਸ ਦੀ ਸ਼ੁਰੂਆਤ ਸਕੂਲ ਪ੍ਰਿੰਸੀਪਲ ਇੰਦੂ ਸ਼ਰਮਾ ਦੇ ਸਵਾਗਤ ਨਾਲ ਹੋਈ। ਇਸ ਮੌਕੇ ਬਾਕੀ ਮਾਵਾਂ ਦਾ ਸਵਾਗਤ ਕਰਦਿਆਂ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੇ ਮੁੱਖ ਆਕਰਸ਼ਣਾਂ ਵਿੱਚੋਂ ਇੱਕ ਰੈਂਪ ਵਾਕ ਰਾਊਂਡ ਸੀ ਜਿੱਥੇ ਮਾਵਾਂ ਨੇ ਪੂਰੇ ਵਿਸ਼ਵਾਸ ਨਾਲ ਸਟੇਜ 'ਤੇ ਚੱਲ ਕੇ ਆਪਣੀ ਸ਼ਾਨ, ਆਤਮਵਿਸ਼ਵਾਸ ਤੇ ਜੀਵੰਤ ਸ਼ਖਸੀਅਤ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਡਾਂਸ, ਗਾਇਕੀ, ਕਲਾ ਤੇ ਮਹਿੰਦੀ ਮੁਕਾਬਲੇ ਕਰਵਾਏ ਗਏ। ਇਨਾਮ ਵੰਡ ਸਮਾਰੋਹ ਮੌਕੇ ਪ੍ਰਿੰਸੀਪਲ ਇੰਦੂ ਸ਼ਰਮਾ ਨੇ ਜੇਤੂਆਂ ਨੂੰ ਡਾਂਸਿੰਗ ਦੀਵਾ, ਨਾਈਟਿੰਗੇਲ ਮੌਮ, ਹੀਨਾ ਕਵੀਨ, ਆਰਟਿਸਟਿਕ ਮੌਮ, ਗ੍ਰੇਸ ਇਨ ਸਟਾਈਲ ਤੇ ਮਿਲੀਅਨ ਡਾਲਰ ਸਮਾਈਲ ਸਮੇਤ ਵਿਸ਼ੇਸ਼ ਖਿਤਾਬਾਂ ਨਾਲ ਸਨਮਾਨਿਤ ਕੀਤਾ। ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਇਸ ਦਿਹਾੜੇ ਦੀ ਮਾਵਾਂ ਨੂੰ ਵਿਸ਼ੇਸ਼ ਵਧਾਈ ਦਿੱਤੀ।

10ਵੀਂ ਜਮਾਤ 'ਚ ਪੰਜਾਬ ਭਰ 'ਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਹਰਲੀਨ ਸ਼ਰਮਾ ਮੁੱਖ ਮੰਤਰੀ ਵੱਲੋਂ ਸਨਮਾਨਿਤ

ਕੋਟਕਪੂਰਾ, 12 ਮਈ (ਵਿਪਨ ਗੋਇਲ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਜ਼ਿਲ੍ਹਾ ਫ਼ਰੀਦਕੋਟ ਦੇ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਦੀ ਹੋਣਹਾਰ ਵਿਦਿਆਰਥਣ ਹਰਲੀਨ ਸ਼ਰਮਾ ਵਾਸੀ ਪਿੰਡ ਚੈਨਾ (ਜੈਤੋ) ਨੇ 650 ਵਿੱਚੋਂ 646 ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਹਰਲੀਨ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਜ਼ਿਲ੍ਹਾ ਫ਼ਰੀਦਕੋਟ, ਜੈਤੋ ਸ਼ਹਿਰ ਤੇ ਸਕੂਲ ਦਾ ਨਾਮ ਪੂਰੇ ਪੰਜਾਬ ਵਿੱਚ ਰੌਸ਼ਨ ਹੋਇਆ ਹੈ। ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਨਿਵੇਕਲੀ ਪਹਿਲ ਕਰਦਿਆਂ ਹਰਲੀਨ ਸ਼ਰਮਾ ਨੂੰ ਤੁਰੰਤ ਪ੍ਰਭਾਵ ਨਾਲ ਸਨਮਾਨਿਤ ਕੀਤਾ ਤੇ ਉਸ ਨੂੰ 50 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਭੇਟ ਕੀਤੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ

ਖੇਤਰ ਵਿੱਚ ਉਤਮ ਦਰਜੇ ਦਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ ਤੇ ਹੋਣਹਾਰ ਬੱਚਿਆਂ ਨੂੰ ਹਰ ਸੰਭਵ ਮੌਕਾ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥਣ ਹਰਲੀਨ ਸ਼ਰਮਾ ਦੀ ਇਹ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਬਣੇਗੀ। ਉਨ੍ਹਾਂ ਕਿਹਾ ਕਿ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਲਗਾਤਾਰ ਮਿਹਨਤ ਤੇ ਲਗਨ ਨਾਲ ਪੰਜਾਬ ਦਾ ਨਾਮ ਦੇਸ਼ ਭਰ ਵਿੱਚ ਰੌਸ਼ਨ ਕਰ ਰਹੇ ਹਨ, ਜੋ ਕਿ ਮਾਣ ਵਾਲੀ ਗੱਲ ਹੈ। ਇਸ ਮੌਕੇ ਹਰਲੀਨ ਸ਼ਰਮਾ ਦੀ ਮਾਤਾ ਰੇਣੂ ਬਾਲਾ ਤੇ ਪਿਤਾ ਜਸਵਿੰਦਰ ਕੁਮਾਰ ਸ਼ਰਮਾ ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ, ਵਿਧਾਇਕ ਜੈਤੋ ਅਮੋਲਕ ਸਿੰਘ, ਸਕੱਤਰ ਸਕੂਲ ਸਿੱਖਿਆ ਪੰਜਾਬ ਮੈਡਮ ਸੋਨਾਲੀ ਗਿਰੀ, ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅੰਜਨਾ ਕੌਸਲ ਤੇ ਪ੍ਰਿੰਸੀਪਲ ਕੁਸਮ ਕਾਲੜਾ ਵੱਲੋਂ ਵੀ ਹਰਲੀਨ ਸ਼ਰਮਾ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਵਧਾਈ ਦਿੱਤੀ ਗਈ।

ਅਮਰੀਕਾ ਤੇ ਕਿਊਬਾ ਵਿਚਾਲੇ ਤਣਾਅ ਇੱਕ ਵਾਰ ਫਿਰ ਸਿਖ਼ਰ 'ਤੇ

☛ਕਿਊਬਾ ਨੇੜੇ ਵਧੀਆਂ ਅਮਰੀਕੀ ਫ਼ੌਜੀ ਗਤੀਵਿਧੀਆਂ

ਵਾਸ਼ਿੰਗਟਨ, 12 ਮਈ (ਚ.ਨ.ਸ): ਅਮਰੀਕਾ ਤੇ ਕਿਊਬਾ ਵਿਚਾਲੇ ਤਣਾਅ ਇੱਕ ਵਾਰ ਫਿਰ ਸਿਖਰ 'ਤੇ ਪਹੁੰਚ ਗਿਆ ਹੈ। ਇੱਕ ਤਾਜ਼ਾ ਰਿਪੋਰਟ ਅਨੁਸਾਰ ਪਿਛਲੇ ਕੁੱਝ ਮਹੀਨਿਆਂ ਵਿੱਚ ਕਿਊਬਾ ਦੇ ਤੱਟ ਨੇੜੇ ਅਮਰੀਕੀ ਫ਼ੌਜੀ ਖ਼ੁਫ਼ੀਆ ਉਡਾਣਾਂ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ ਹੈ, ਜੋ ਕਿਸੇ ਵੱਡੇ ਫ਼ੌਜੀ ਆਪ੍ਰੇਸ਼ਨ ਦਾ ਸੰਕੇਤ ਹੋ ਸਕਦਾ ਹੈ। ਏਵੀਏਸ਼ਨ ਡਾਟਾ ਵਿਸ਼ਲੇਸ਼ਣ ਅਨੁਸਾਰ 4 ਫ਼ਰਵਰੀ ਤੋਂ ਹੁਣ ਤੱਕ ਅਮਰੀਕੀ ਜਲ ਸੈਨਾ ਤੇ ਹਵਾਈ ਸੈਨਾ ਨੇ ਕਿਊਬਾ ਦੇ ਤੱਟ ਨੇੜੇ ਘੱਟੋ-ਘੱਟ 25 ਉਡਾਣਾਂ ਭਰੀਆਂ ਹਨ। ਇਹ ਜਹਾਜ਼ ਹਵਾਨਾ ਤੇ

ਸੈਂਟੀਆਗੋ ਡੀ ਕਿਊਬਾ ਦੇ ਬਹੁਤ ਨੇੜੇ ਪਹੁੰਚ ਰਹੇ ਹਨ, ਜਿਨ੍ਹਾਂ ਵਿਚੋਂ ਕੁਝ ਤੱਟ ਤੋਂ ਮਹਿਜ਼ 40 ਮੀਲ (64 ਕਿਲੋਮੀਟਰ) ਦੀ ਦੂਰੀ ਤੱਕ ਦੇਖੇ ਗਏ ਹਨ। ਏ ਜੰ ਸੀ ਸ਼ਿਨਹੂਆ ਨ ਸੀਐਨਐਨ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਮਿਸ਼ਨਾਂ ਵਿੱਚ ਮੁੱਖ ਤੌਰ 'ਤੇ ਸੀਡਨ ਜਾਸੂਸੀ ਜਹਾਜ਼, ਸਿਗਨਲ ਇੰਟੈਲੀਜੈਂਸ ਜਹਾਜ਼ ਤੇ ਉਚ-ਤਕਨੀਕੀ ਡਰੋਨ ਸ਼ਾਮਲ ਹਨ। ਜਾਸੂਸੀ ਵਿੱਚ ਇਹ ਤੇਜ਼ੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਕਿਊਬਾ ਵਿਰੁੱਧ ਅਪਣਾਏ ਗਏ ਸਖ਼ਤ ਰੁਖ਼ ਤੋਂ ਬਾਅਦ ਆਈ ਹੈ। ਜਨਵਰੀ ਵਿੱਚ

ਆਰ.ਟੀ.ਓ. ਦਫ਼ਤਰ ਲੁਧਿਆਣਾ ਵੱਲੋਂ ਨਵੀਂ ਕਾਰ ਦੇ ਡੀਲਰਾਂ 'ਤੇ ਵੱਡੀ ਕਾਰਵਾਈ

ਬਿਨਾਂ ਰਜਿਸਟਰੇਸ਼ਨ ਅਪਲਾਈਡ ਫਾਰ ਦਾ ਸਟੀਕਰ ਲਗਾ ਬਿਨਾਂ ਐਚ.ਐਸ ਆਰ.ਪੀ ਅਤੇ ਬਿਨਾਂ ਫਾਸਟ ਟੈਗ ਦਿੱਤੇ ਸਪੁਰਦ ਕੀਤੀ ਸੀ ਕਾਰ

ਲੁਧਿਆਣਾ, 12 ਮਈ (ਵਿਸ਼ਾਲ ਸ਼ਰਮਾ): ਲੁਧਿਆਣਾ ਆਰ.ਟੀ.ਓ ਦਫਤਰ ਵੱਲੋਂ ਨਵੀਆਂ ਕਾਰਾਂ ਵੇਚਣ ਵਾਲੀਆਂ ਏਜੰਸੀਆਂ ਉੱਪਰ ਸਪੈਸ਼ਲ ਚੈਕਿੰਗ ਕੀਤੀ ਗਈ। ਚੈਕਿੰਗ ਦੀ ਅਗਵਾਈ ਏ.ਟੀ.ਓ ਰੁਪਿੰਦਰ ਸਿੰਘ ਅਤੇ ਸੈਕਸ਼ਨ ਅਫਸਰ ਮਨੀਸ਼ ਪਬਮਾ ਦੀ ਅਗਵਾਈ ਵਿੱਚ ਕੀਤੀ ਗਈ। ਪੰਜਾਬ ਸਰਕਾਰ ਵੱਲੋਂ 12 ਜੁਲਾਈ 2022 ਨੂੰ ਨਵੀਆਂ ਕਾਰਾਂ ਦੀਆਂ ਏਜੰਸੀਆਂ ਨੂੰ ਸਪੈਸ਼ਲ ਰਜਿਸਟਿੰਗ ਅਥਾਰਟੀ ਦੀ ਪਾਵਰ ਦਿੱਤੀ ਗਈ ਸੀ, ਜਿਸ ਵਿੱਚ ਏਜੰਸੀ ਹੀ ਖਰੀਦਦਾਰ ਨੂੰ ਆਰਸੀ ਬਣਾ ਕੇ ਦਿੰਦੀ ਹੈ। ਆਰ.ਟੀ.ਓ ਦਫਤਰ ਵੱਲੋਂ ਸਪੈਸ਼ਲ ਚੈਕਿੰਗ ਦੇ ਦੌਰਾਨ ਪਾਇਆ ਗਿਆ ਕਿ ਲੁਧਿਆਣਾ ਸਥਿਤ ਨੌਰਦਨ ਮੋਟਰਸ ਪ੍ਰਾਈਵੇਟ ਲਿਮਟਿਡ ਨੇ ਇੱਕ ਕਰੇਟਾ ਕਾਰ, ਜਿਸ ਨੂੰ ਉਕਤ ਏਜੰਸੀ ਦੁਆਰਾ ਮਿਤੀ 28 ਅਪ੍ਰੈਲ 2026 ਨੂੰ ਖਰੀਦਦਾਰ ਵਸੀਮ ਪੁੱਤਰ ਅਸ਼ਰਫ ਵਾਸੀ ਲੁਧਿਆਣਾ ਨੂੰ ਬਿਨਾਂ ਰਜਿਸਟਰੇਸ਼ਨ ਕੀਤੇ ਅਪਲਾਈਡ ਫਾਰ ਦਾ ਸਟੀਕਰ ਲਗਾ ਕੇ ਬਿਨਾਂ ਐਚ.ਐਸ ਆਰ.ਪੀ ਅਤੇ ਬਿਨਾਂ ਫਾਸਟ ਟੈਗ ਦਿੱਤੇ ਸਪੁਰਦ ਕਰ ਦਿੱਤੀ ਗਈ। ਉਕਤ ਕਾਰ ਜੀ.ਟੀ. ਰੋਡ ਉੱਪਰ ਏਜੰਸੀ ਦੇ ਸਾਹਮਣੇ ਚੱਲਦੀ ਹੋਈ ਅਪਲਾਈਡ ਫਾਰ ਦਾ ਸਟੀਕਰ ਲਾਏ ਹੋਏ ਇਹ ਕਾਰ ਪਾਈ ਗਈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਗਈ ਹੈ।ਇਸ ਉੱਪਰ ਵੱਡੀ ਕਾਰਵਾਈ ਕਰਦਿਆਂ ਆਰਟੀਓ ਦਫਤਰ ਵੱਲੋਂ ਉਕਤ ਏਜੰਸੀ ਨੂੰ 7 ਦਿਨਾਂ ਦੇ ਅੰਦਰ-ਅੰਦਰ ਨਿੱਜੀ ਤੌਰ 'ਤੇ ਹਾਜ਼ਰ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ 5 ਹੋਰ ਕਾਰ ਏਜੰਸੀਆਂ ਦੀ ਸਪੈਸ਼ਲ ਚੈਕਿੰਗ ਵੀ ਕੀਤੀ ਗਈ, ਉਹਨਾਂ ਵੱਲੋਂ ਵੀ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਪਾਈ ਗਈ ਅਤੇ ਇਸ ਸਬੰਧੀ ਉਨ੍ਹਾਂ ਏਜੰਸੀਆਂ ਨੂੰ ਵੀ ਨੋਟਿਸ ਜਾਰੀ ਕੀਤੇ ਗਏ।

ਮੰਤਰੀ ਮੁੰਡੀਆਂ ਨੇ ਅੱਠ ਪਿੰਡਾਂ ਨੂੰ 5-5 ਲੱਖ ਰੁਪਏ ਦੀਆਂ ਗ੍ਰਾਂਟਾਂ ਵੰਡੀਆਂ

ਲੁਧਿਆਣਾ, 12 ਮਈ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੰਗਲਵਾਰ ਨੂੰ ਸਾਹਨੇਵਾਲ ਹਲਕੇ ਦੇ ਅੱਠ ਪਿੰਡਾਂ ਮਜਾਰਾ, ਕਨੇਚ, ਬੀੜ ਸਾਹਨੇਵਾਲ, ਸਾਹਨੇਵਾਲ ਖੁਰਦ, ਹੀਰਾ, ਬਰਵਾਲਾ, ਭੈਰੋਮੁਨਾ ਅਤੇ ਕਟਾਣੀ ਕਲਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ। ਇਕੱਠ ਨੂੰ ਸੰਬੋਧਨ ਕਰਦਿਆਂ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੇਂਡੂ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਹਰ ਸੁਹਿਰਦ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਬੇਮਿਸਾਲ ਰਹੇਗੀ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਉਹ ਜ਼ਮੀਨੀ ਪੱਧਰ 'ਤੇ ਵਿਕਾਸ ਕਾਰਜ ਤੁਰੰਤ ਸ਼ੁਰੂ ਕਰਨ ਅਤੇ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਉਨ੍ਹਾਂ ਨੂੰ ਪੂਰਾ ਕਰਨ ਨੂੰ ਯਕੀਨੀ ਬਣਾਉਣ, ਤਾਂ ਜੋ ਲੋਕ ਬਿਹਤਰ ਨਾਗਰਿਕ ਸਹੂਲਤਾਂ ਦਾ ਲਾਭ ਜਲਦੀ ਤੋਂ ਜਲਦੀ ਲੈ ਸਕਣ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ, ਉਨ੍ਹਾਂ ਕਿਹਾ ਕਿ ਹਲਕੇ ਭਰ ਦੇ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਹਾਜ਼ਰ ਪ੍ਰਮੁੱਖ ਵਿਅਕਤੀਆਂ ਵਿੱਚ ਪਿੰਡਾਂ ਦੇ ਪੰਚ ਅਤੇ ਸਰਪੰਚ ਸ਼ਾਮਲ ਸਨ।

ਵਿਧਾਇਕਾ ਮਾਨੂੰਕੇ ਦੇ ਯਤਨਾਂ ਸਦਕਾ ਪਿੰਡ ਕਾਉਂਕੇ ਕਲਾਂ ਵਿਖੇ ਨਵਾਂ 66 ਕੇਵੀ ਗਰਿੱਡ ਮਨਜ਼ੂਰ

ਜਗਰਾਓਂ, 12 ਮਈ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਹਲਕਾ ਜਗਰਾਓਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਵੱਲੋਂ ਵੱਡਾ ਹੰਭਲਾ ਮਾਰਦਿਆਂ ਹਲਕੇ ਦੇ ਵੱਡੇ ਪਿੰਡ ਕਾਉਂਕੇ ਕਲਾਂ ਵਿਖੇ ਨਵਾਂ 66 ਕੇਵੀ ਗਰਿੱਡ ਪੰਜਾਬ ਸਰਕਾਰ ਤੇ ਬਿਜਲੀ ਵਿਭਾਗ ਕੋਲੋਂ ਮੰਨਜ਼ੂਰ ਕਰਵਾ ਲਿਆ ਹੈ ਅਤੇ ਇਸ ਗਰਿੱਡ ਨੂੰ ਬਣਾਉਣ ਲਈ ਲੱਗਭੱਗ ਅੱਠ ਕਰੋੜ ਰੁਪਏ ਦੀ ਰਕਮ ਵੀ ਜਾਰੀ ਕਰ ਦਿੱਤੀ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਟਰਾਂਸਮਿਸ਼ਨ ਪਲੇਨਿੰਗ ਵਿਭਾਗ ਦੇ ਅਮੈਂਡਮੈਂਟ ਨੰ:107/2025-26 ਦੀ ਕਾਪੀ ਵਿਖਾਉਂਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਨੇ ਦੱਸਿਆ ਕਿ ਉਹਨਾਂ ਵੱਲੋਂ ਬਿਜਲੀ ਵਿਭਾਗ ਜਗਰਾਓਂ ਦੇ ਐਕਸੀਅਨ ਅਤੇ ਉਹਨਾਂ ਦੇ ਨਾਲ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਟੀਮ ਦੇ ਸਹਿਯੋਗ ਨਾਲ ਜਗਰਾਓਂ ਹਲਕੇ ਦੇ ਲੋਕਾਂ ਨੂੰ ਘੱਟ ਬਿਜਲੀ ਦੀ ਵੋਲਟੇਜ ਦੀ ਸਮੱਸਿਆ ਤੋਂ ਨਿਯਾਤ ਦਿਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਤਹਿਤ ਪਹਿਲਾਂ ਪਿੰਡ ਗਿੱਦੜਵਿੰਡੀ ਵਿਖੇ ਲੱਗਭੱਗ ਸਵਾ ਚਾਰ ਕਰੋੜ ਰੁਪਏ ਦੀ ਰਕਮ ਨਾਲ ਨਵਾਂ 66 ਕੇਵੀ ਗਰਿੱਡ ਬਣ ਰਿਹਾ ਹੈ, ਜਿਸ ਦੀ ਉਸਾਰੀ ਦਾ ਲੱਗਭੱਗ ਮੁਕੰਮਲ ਹੋਣ ਵਾਲਾ ਹੈ ਅਤੇ ਜ਼ਲਦੀ ਹੀ ਚਾਲੂ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਹਲਕੇ ਦੇ ਪਿੰਡ ਬੁਜਰਗ ਅਤੇ ਭੰਮੀਪੁਰਾ ਕਲਾਂ ਵਿਖੇ ਵੀ ਬਿਜਲੀ ਦਾ ਨਵੇਂ 66 ਕੇਵੀ ਗਰਿੱਡ ਮੰਨਜ਼ੂਰ ਕਰਵਾਏ ਜਾ ਚੁੱਕੇ ਹਨ ਅਤੇ ਇਹਨਾਂ ਗਰਿੱਡਾਂ ਦੇ ਨਿਰਮਾਣ ਲਈ ਕ੍ਰਮਵਾਰ ਪਿੰਡ ਬੁਜਰਗ ਲਈ 6 ਕਰੋੜ 89 ਲੱਖ 7 ਹਜ਼ਾਰ ਰੁਪਏ ਅਤੇ ਪਿੰਡ ਭੰਮੀਪੁਰਾ ਕਲਾਂ ਲਈ 6 ਕਰੋੜ 62 ਲੱਖ 7 ਹਜ਼ਾਰ ਰੁਪਏ ਦੀਆਂ ਗਰਾਂਟਾਂ ਵੀ ਜਾਰੀ ਹੋ ਚੁੱਕੀਆਂ ਹਨ ਅਤੇ ਜ਼ਲਦੀ ਹੀ ਇਹਨਾਂ ਗਰਿੱਡਾਂ ਦੇ ਨਿਰਮਾਣ ਦਾ ਕੰਮ ਸ਼ੁਰੂ ਹੋਣ ਜਾ ਰਿਹਾ ਹੈ। ਵਿਧਾਇਕਾ ਮਾਨੂੰਕੇ ਨੇ ਦੱਸਿਆ ਕਿ ਪਿੰਡ ਕਾਉਂਕੇ ਕਲਾਂ ਵਿਖੇ ਨਵਾਂ 66 ਕੇਵੀ ਗਰਿੱਡ ਬਣਾਉਣ ਲਈ ਤਖਮੀਨਾਂ ਤਿਆਰ ਕਰਕੇ ਬਿਜਲੀ ਵਿਭਾਗ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਸੀ, ਜਿਸ ਨੂੰ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਜੀ ਵੱਲੋਂ ਪ੍ਰਵਾਨ ਕਰ ਲਿਆ ਹੈ ਅਤੇ ਗਰਿੱਡ ਦੇ ਨਿਰਮਾਣ ਲਈ ਲੱਗਭੱਗ 8 ਕਰੋੜ ਰੁਪਏ ਦੀ ਰਕਮ ਵੀ ਜਾਰੀ ਕਰ ਦਿੱਤੀ ਗਈ ਹੈ। ਇਸ ਮੌਕੇ ਐਕਸੀਅਨ ਜਗਰਾਓਂ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪਿੰਡ ਕਾਉਂਕੇ ਕਲਾਂ ਵਿਖੇ ਬਣਨ ਵਾਲੇ ਨਵੇਂ 66 ਕੇਵੀ ਗਰਿੱਡ ਵਿੱਚ ਨਵਾਂ 20 ਐਮ.ਵੀ.ਏ. ਦਾ ਵੱਡਾ ਟਰਾਂਸਫਾਰਮਰ ਸਥਾਪਿਤ ਹੋਵੇਗਾ ਅਤੇ 66 ਕੇਵੀ ਅਤੇ 11 ਕੇਵੀ ਲਾਈਨਾਂ ਉਸਾਰੀਆਂ ਜਾਣਗੀਆਂ। ਜਿਸ ਨਾਲ ਪਿੰਡ ਕਾਉਂਕੇ ਕਲਾਂ ਤੋਂ ਇਲਾਵਾ ਡਾਂਗੀਆਂ, ਰਸੂਲਪੁਰ, ਡੱਲਾ, ਨਵਾਂ ਡੱਲਾ, ਕਾਉਂਕੇ ਖੋਸਾ, ਕਾਉਂਕੇ ਕਲੋਨੀਆਂ, ਨਾਨਕਸਰ, ਗੁਰੂਸਰ, ਕੋਠੇ ਬੱਗੂ, ਕੋਠੇ ਜੀਵਾ, ਕੋਠੇ ਅੱਠ ਚੱਕ, ਕੋਠੇ ਹਰੀ ਸਿੰਘ, ਅਗਵਾੜ ਲੋਪੋ ਖੁਰਦ, ਚੂਹੜਚੱਕ ਆਦਿ ਪਿੰਡਾਂ ਦੇ ਲੋਕਾਂ ਨੂੰ ਘਰੇਲੂ ਅਤੇ ਖੇਤੀਬਾੜੀ ਲਈ ਘੱਟ ਬਿਜਲੀ ਦੀ ਸਮੱਸਿਆ ਤੋਂ ਨਿਯਾਤ ਮਿਲੇਗੀ ਅਤੇ ਵੱਡਾ ਫਾਇਦਾ ਮਿਲੇਗਾ। ਇਹ ਪਹਿਲੀ ਵਾਰ ਹੋਇਆ ਹੈ ਕਿ ਜਗਰਾਓਂ ਵਿਧਾਨ ਸਭਾ ਹਲਕੇ ਅਧੀਨ ਕਰੋੜਾਂ ਰੁਪਏ ਦੀ ਲਾਗਤ ਨਾਲ ਬਿਜਲੀ ਦੇ 4 ਨਵੇਂ 66 ਕੇਵੀ ਗਰਿੱਡ ਸਥਾਪਿਤ ਹੋਣ ਜਾ ਰਹੇ ਹਨ ਅਤੇ 220 ਕੇਵੀ ਗਰਿੱਡ ਜਗਰਾਓਂ ਵਿਖੇ ਵੀ ਨਵਾਂ ਬਿਲਡਿੰਗ ਬਣਾਕੇ ਕਰੋੜਾਂ ਰੁਪਏ ਦੀ ਕੀਮਤ ਦੇ 25 ਨਵੇਂ ਬਰੇਕਰ ਸਥਾਪਿਤ ਹੋ ਚੁੱਕੇ ਹਨ, ਤਾਂ ਜੋ ਹਲਕੇ ਦੇ ਲੋਕਾਂ ਨੂੰ ਘੱਟ ਵੋਲਟੇਜ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਇਆ ਜਾ ਸਕੇ। ਵਿਧਾਇਕਾ ਸਰਵਜੀਤ ਕੌਰ ਮਾਨੂੰਕੇ ਵੱਲੋਂ ਬਿਜਲੀ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਨੀ ਬਣਦੀ ਹੈ। ਕਾਉਂਕੇ ਕਲਾਂ ਵਿਖੇ ਨਵਾਂ 66 ਕੇਵੀ ਗਰਿੱਡ ਮੰਨਜ਼ੂਰ ਹੋਣ ਨਾਲ ਇਲਾਕੇ ਦੇ ਲੋਕਾਂ ਅਤੇ ਬਿਜਲੀ ਅਧਿਕਾਰੀਆਂ ਤੇ ਮੁਲਾਜ਼ਮਾਂ ਅੰਦਰ ਵੀ ਭਾਰੀ ਖੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋਫੈਸਰ ਸੁਖਵਿੰਦਰ ਸਿੰਘ, ਕੁਲਵਿੰਦਰ ਸਿੰਘ ਕਾਲਾ, ਐਸ.ਡੀ.ਓ.ਦਿਹਾਤੀ ਗੁਰਪ੍ਰੀਤ ਸਿੰਘ ਮੱਲ੍ਹੀ, ਪਰਮਜੀਤ ਸਿੰਘ ਚੀਮਾਂ, ਦਲਜੀਤ ਸਿੰਘ ਜੋਈ, ਮਨਪ੍ਰੀਤ ਸਿੰਘ ਜੋਈ, ਸੁਖਵਿੰਦਰ ਸਿੰਘ ਕਾਕਾ ਜੋਈ, ਗੁਰਿੰਦਰ ਸਿੰਘ ਡਾਂਗੀਆਂ ਆਦਿ ਨੇ ਖੁਸ਼ੀ ਦਾ ਇਜ਼ਹਾਰ ਕੀਤਾ।

ਮੱਧਮ ਵਰਗੀ ਪਰਿਵਾਰ ਦੀ ਹੋਣਹਾਰ ਧੀ ਨੇ 96 ਫ਼ੀਸਦੀ ਤੋਂ ਵੱਧ ਅੰਕ ਹਾਸਲ ਕਰਕੇ ਜ਼ਿਲ੍ਹੇ ਵਿੱਚ ਚਮਕਾਇਆ ਨਾਮ

ਮਲੌਦ, 12 ਮਈ (ਸੰਜੀਵ ਲਹਿਲ) : ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਮੋਹਾਲੀ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਮਲੌਦ ਨੇੜਲੇ ਪਿੰਡ ਚੋਮੋਂ ਦੇ ਕੈਂਬਰਿਜ ਸੀਨੀਅਰ ਸੈਕੰਡਰੀ ਮਾਡਲ ਸਕੂਲ ਦੀ ਹੋਣਹਾਰ ਵਿਦਿਆਰਥਣ ਅਮਨਦੀਪ ਕੌਰ ਨੇ 96 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਨਾ ਸਿਰਫ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਜ਼ਿਲ੍ਹਾ ਖੰਨਾ ਅਧੀਨ ਆਉਂਦੇ ਪਾਇਲ, ਦੁਰਾਹਾ, ਮਾਛੀਵਾੜਾ ਸਾਹਿਬ, ਸਮਰਾਲਾ ਅਤੇ ਹੋਰ ਇਲਾਕਿਆਂ ਵਿੱਚ ਵੀ ਸਭ ਤੋਂ ਵੱਧ ਅੰਕ ਹਾਸਲ ਕਰਕੇ ਇਲਾਕੇ ਦਾ ਮਾਣ ਵਧਾਇਆ ਹੈ।

ਖਾਸ ਗੱਲ ਇਹ ਰਹੀ ਕਿ ਅਮਨਦੀਪ ਕੌਰ ਇੱਕ ਮੱਧਮ ਦਰਜੇ ਦੇ ਪਰਿਵਾਰ ਨਾਲ ਸੰਬੰਧ ਰੱਖਦੀ ਹੈ। ਉਸਦੇ ਮਾਤਾ-ਪਿਤਾ ਘੱਟ ਪੜ੍ਹੇ-ਲਿਖੇ ਹੋਣ ਦੇ ਬਾਵਜੂਦ ਆਪਣੀ ਧੀ ਦੀ ਸਿੱਖਿਆ ਲਈ ਹਰ ਸੰਭਵ ਯਤਨ ਕਰਦੇ ਰਹੇ। ਵਿਦਿਆਰਥਣ ਦੇ ਪਿਤਾ ਆਪਣਾ ਛੋਟਾ ਕਾਰੋਬਾਰ ਕਰਦੇ ਹਨ ਜਦਕਿ ਮਾਤਾ ਗ੍ਰਿਹਣੀ ਹਨ। ਅਮਨਦੀਪ ਕੌਰ ਮਲੌਦ ਦੇ ਮਾਡਲ ਟਾਊਨ ਬਾਜੀਗਰ ਬਸਤੀ ਵਿੱਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਪਰਿਵਾਰ ਦੀ ਸਾਦਗੀ ਅਤੇ ਧੀ ਦੀ ਮਿਹਨਤ ਅੱਜ ਪੂਰੇ ਇਲਾਕੇ ਲਈ ਪ੍ਰੇਰਣਾ ਬਣ ਗਈ ਹੈ।

ਅਮਨਦੀਪ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ ਤੋਂ ਬਾਅਦ ਮਲੌਦ ਸ਼ਹਿਰ ਅਤੇ ਨੇੜਲੇ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਨਗਰ ਪੰਚਾਇਤ ਮਲੌਦ ਦੀ ਪ੍ਰਧਾਨ ਮੈਡਮ ਸੋਨੀਆ ਗੌਇਲ, ਬਲਵੰਤ ਰਾਮ ਪੱਪੂ, ਡਾ. ਕਰਨੈਲ ਸਿੰਘ ਕਾਲੀਆ, ਮਾਸਟਰ ਮੋਹਨ ਸਿੰਘ, ਵਿਜੇ ਗਰਗ ਅਤੇ ਮਾਤਾ ਸ਼ੀਲਾ ਦੇਵੀ ਵੱਲੋਂ ਵਿਦਿਆਰਥਣ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਅਮਨਦੀਪ ਕੌਰ ਨੂੰ ਖੁੱਲ੍ਹੀ ਗੱਡੀ ਵਿੱਚ ਖੜ੍ਹਾ ਕਰਕੇ ਸ਼ਹਿਰ ਅਤੇ ਨੇੜਲੇ ਪਿੰਡਾਂ ਵਿੱਚ ਸਨਮਾਨ ਯਾਤਰਾ ਕੱਢੀ ਗਈ। ਅੱਗੇ-ਅੱਗੇ ਚੱਲ ਰਹੀਆਂ ਗੱਡੀਆਂ ਵਿੱਚ ਢੋਲੀ ਢੋਲ ਵਜਾ ਰਹੇ ਸਨ ਅਤੇ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਲੋਕਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਅਤੇ ਸਰੋਪੇ ਪਾ ਕੇ ਉਸਦਾ ਸਨਮਾਨ ਕੀਤਾ ਗਿਆ।

ਮਲੌਦ ਸ਼ਹਿਰ ਦੇ ਪ੍ਰਸਿੱਧ ਧੀਰ ਬੁੱਕ ਡਿਪੂ, ਮਲਹੋਤਰਾ ਸਵੀਟਸ ਅਤੇ ਕ੍ਰਿਸ਼ਨਾ ਕਲੈਕਸ਼ਨ ਵੱਲੋਂ ਵੀ ਅਮਨਦੀਪ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਹਰ ਕੋਈ ਇਸ ਹੋਣਹਾਰ ਧੀ ਦੀ ਮਿਹਨਤ ਅਤੇ ਲਗਨ ਦੀ ਸਰਾਹਨਾ ਕਰਦਾ ਨਜ਼ਰ ਆਇਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਂਬਰਿਜ ਸੀਨੀਅਰ ਸੈਕੰਡਰੀ ਮਾਡਲ ਸਕੂਲ ਚੋਮੋਂ ਦੇ ਪ੍ਰਿੰਸੀਪਲ ਸ੍ਰੀ ਸੰਜੀਵ ਮੋਦ ਗਿੱਲ ਨੇ ਕਿਹਾ ਕਿ ਇਸ ਸਫਲਤਾ ਦਾ ਸਭ ਤੋਂ ਵੱਡਾ ਸਿਹਰਾ ਬੱਚੀ ਦੀ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਸਕੂਲ ਦੇ ਸਮਰਪਿਤ ਅਧਿਆਪਕਾਂ ਨੂੰ ਜਾਂਦਾ ਹੈ। ਉਹਨਾਂ ਕਿਹਾ ਕਿ ਜੇਕਰ ਬੱਚੇ ਦੇ ਅੰਦਰ ਕੁਝ ਕਰ ਦਿਖਾਉਣ ਦਾ ਜਜ਼ਬਾ ਹੋਵੇ ਤਾਂ ਪਰਿਵਾਰ ਦੀ ਆਰਥਿਕ ਸਥਿਤੀ ਜਾਂ ਮਾਪਿਆਂ ਦੀ ਪੜ੍ਹਾਈ ਕਦੇ ਵੀ ਰੁਕਾਵਟ ਨਹੀਂ ਬਣਦੀ।

ਉਹਨਾਂ ਕਿਹਾ ਕਿ ਸਕੂਲ ਦਾ ਪੂਰਾ ਸਟਾਫ ਬੱਚਿਆਂ ਨੂੰ ਪੂਰੀ ਲਗਨ, ਮਿਹਨਤ ਅਤੇ ਸ਼ਿੱਦਤ ਨਾਲ ਤਿਆਰੀ ਕਰਵਾਉਂਦਾ ਹੈ, ਜਿਸ ਦਾ ਨਤੀਜਾ ਅੱਜ ਪੂਰਾ ਲੁਧਿਆਣਾ ਜ਼ਿਲ੍ਹਾ ਦੇਖ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਅੱਠਵੀਂ ਜਮਾਤ ਦੇ ਨਤੀਜਿਆਂ ਦੌਰਾਨ ਸਕੂਲ ਦੇ ਕਰੀਬ 20 ਵਿਦਿਆਰਥੀ ਮੈਰਿਟ ਸੂਚੀ ਵਿੱਚ ਸ਼ਾਮਲ ਹੋਏ ਸਨ।

ਪ੍ਰਿੰਸੀਪਲ ਸੰਜੀਵ ਮੋਦ ਗਿੱਲ ਨੇ ਕਿਹਾ ਕਿ ਸਕੂਲ ਦਾ ਮਿਸ਼ਨ ਸਿਰਫ ਇੱਕ ਜਾਂ ਦੋ ਬੱਚਿਆਂ ਨੂੰ ਹੀ ਨਹੀਂ, ਸਗੋਂ ਲੱਗਭੱਗ ਹਰ ਵਿਦਿਆਰਥੀ ਨੂੰ ਮੈਰਿਟ ਵਿੱਚ ਲਿਆਉਣਾ ਹੈ। ਉਹਨਾਂ ਕਿਹਾ ਕਿ ਸਕੂਲ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਅਤੇ ਅਨੁਸ਼ਾਸਨ ਨਾਲ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਦਾ ਰਹੇਗਾ ਤਾਂ ਜੋ ਪਿੰਡਾਂ ਦੇ ਬੱਚੇ ਵੀ ਵੱਡੀਆਂ ਉਚਾਈਆਂ ਨੂੰ ਛੂਹ ਸਕਣ।

ਪੰਜਾਬੀ ਮਾਂ ਬੋਲੀ ਨੂੰ ਆਰਜ਼ੀ ਬਣਾਉਣ ਦੇ ਫ਼ੈਸਲੇ 'ਤੇ ਵਿਰੋਧ ਤੇਜ਼, ਪੰਜਾਬ ਸਰਕਾਰ ਦੀ ਚੁੱਪੀ 'ਤੇ ਉੱਠੇ ਸਵਾਲ

ੳ ਅ ੲ ਸ

ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
In The Court of Ms. Amanpreet Kaur-1
Civil Judge Junior Division-14, Patiala
CNR NO. PBPT02-002366-2024
Next Date: 29.05.2026
Ramesh Chand
Versus
Dharminder Kumar
Notice to: 1. Dharminder Kumar Son Of Yashodhar Prasad, 2. Neelam Rani Wife Of Dharminder Kumar Both Residents Of Hno 113, Indira Colony, Sirhind Road, Patiala.
In above titled case the defendant(s)/respondent(s) could not be served. It is orderred that defendant(s)/respondent(s) should appear in person or through counsel on 29.05.2026 at 10:00 A.M.
For details logon to https://highcourtchd.gov.in/?mod=district_notice &district=patiala
Dated this day of 11-05-2026
Sd/- Civil Judge Junior Division-14, Patiala

(U/o 5 Rule 20 CPC)
In The Court of Ms. Kirandeep Kaur
Civil Judge (Junior Division), Gidderbaha
CNR No.PBSMA0-000272-2025
Next Date: 29.05.2026
Bachittar Singh
Versus
Jugraj Singh and others
Notice to: Jugraj Singh and Others Father: Nachattar Singh Son Of Gurdev Singh R/O Village Surewala Tehsil Gidderbaha District Sri Muktsar Sahib
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 29.05.2026 at 10:00 am. For details logon to https://highcourtchd.gov.in/?mod=district_notice&district=mogacourt
Dated this day of 11.05.2026
Sd/- Civil Judge (Junior Division), Gidderbaha

(U/o 5 Rule 20 CPC)
In The Court of Ms. Mandeep Kaur
Civil Judge (Junior Division), Dasuya
CNR No.PBHOA0-000697-2024
Next Date: 27.05.2026
Ranjit Singh
Versus
Didar Singh
Notice to: 1. Didar Singh S/O Dharam Pal S/O Karam Chand 2. Tripta Devi D/O Dharam Pal S/O Karam Chand 3. Pushpal Devi D/O Dharam Pal S/O Karam Chand 4. Kamaljit Singh S/O Dharam Pal S/O Karam Chand All R/O W.No. 8, Kharka Mohalla Urmar, Tehsil Tanda, Distt. Hoshiarpur.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 27.05.2026 at 10:00 A.M.
For details logon to https://highcourtchd.gov.in/?mod=district_notice&district=Hoshiarpur
Dated, this day of 04-05-2026
Sd/- Civil Judge (Junior Division), Dasuya

(U/o 5 Rule 20 CPC)
In The Court of Sh. Jagmohan Singh Sanghe
Principal Judge, Family Court, Jalandhar
CNR No.PBJL01-007268-2026
Next Date: 06.08.2026
GW/79/2026
Neha Gupta D/O Dr, Pc Gupta Address:Noble Mission Hospital Adjoining Gurudwara Urban Estate Phase 1 Jalandhar
Versus
1)General Public Address General Public 2) kavi Sharma S/O Subhash Chander Sharma Address: 3696/8 Bangali Mohalla Near Kali Bari Mandir Ambala Cantt Now At 30-A Gresham Street Coventry United Kingdom Cv 24 Eu Through Attorney Nawika Sharma D/o Subhash Chander Sharma R/o 3696/8 Bangali Mohalla Near Kali Bari Mandir Ambala Cantt Haryana 3) Regional Passport Office Address-Jalandhar Through Its Officer Incharge
Petition Under Guardian And Wards Act
Notice to: General Public Address General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06.08.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 06-05-2026
Sd/- Principal Judge, Family Court, Jalandhar

Criminal Courts Jalandhar
In The Court of Ms. Shivani Garg Judicial Magistrate First Class-7, Jalandhar
Next date, Purpose of case, Orders and Judgments as well as other case information is available on http://ecourts.gov.in
CNR No.PBJL03-019032-2024
Next Date: 02.07.2026
Case No.:- COMA/1083/2024
Police Station/FIR NO. Division 3//0 25 of payment and settlement Systems Act
Manappuram Finance Limited
Versus
Boota Singh
Proclamation Requiring the appearance of a person accused
Notice to: Boota Singh :- S/O Baldev Singh R/O Pati Baba Jiwan Singh, Village Kokri Phula Singh, Moga 142054 Mobile 7710753007
Whereas complaint/case has been made before me that Boota singh:- r/o s/o Baldev singh r/o pati Baba Jiwan singh, village kokri phula singh, moga 142054 mobile 7710753007 has committed (or is suspected to have committed) the offence punishable under section 25, of payment and settlement systems act and it has been returned to a warrant of arrest thereupon issued that the said Boota singh cannot be found, and whereas it has been shown to my satisfaction that the said Boota singh has absconded (or is concealing himself/herself to avoid the service of the said warrant); proclamation is hereby made that the said Boota singh is required to appear before this court (or before me) on 02-07-2026 to answer the said complaint/case.
Dated, this day of 30-04-2026.
Sd/- Judicial Magistrate First Class-7, Jalandhar

(U/o 5 Rule 20 CPC)
In The Court of Sh. Naval Kumar Additional District and Sessions Judge-1, Ferozepur
CNR No.PBFZ01-008736-2025
Next Date: 27.05.2026
Ravinderjit Singh
Versus
Gaushala Kot Sukhiya
Notice to: 1. Gaushala Kot Sukhiya Branch Talwandi Bhai Through Its Mahant Garib Dass Chela Bhagwan Das Chela Mohan Dass 2. Mahant Bella Dass @ Sant Billa Dass Chela Garib Dass, Resident Of C/O Gaushala Kot Sukhiya Branch Talwandi Bhai, Tehsil & District Ferozepur 3. Malkit @ Meeta, Administrator/Manager, Gaushala Sikha Wala Beer, Tehsil & District Faridkot
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 27.05.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 07-05-2026
Sd/- Additional District and Sessions Judge-1, Ferozepur

(U/o 5 Rule 20 CPC)
In The Court of Ms. Harmandeep Kaur
Civil Judge Junior Division-3, Ferozepur
CNR NO. PBFZ02-001032-2026
Next Date: 29.05.2026
Sukhchain Singh
Versus
Chief Medical Officer
Notice to: General Public:- Ferozepur
In above titled case the defendant(s)/respondent(s) could not be served. It is orderred that defendant(s)/respondent(s) should appear in person or through counsel on 29.05.2026 at 10:00 A.M.
for details logon to https://highcourtchd.gov.in/?mod=district_notice &district=mogacourt
Dated this day of 28-04-2026
Sd/- Civil Judge Junior Division-3, Ferozepur

(U/o 5 Rule 20 CPC)
In The Court of Ms. Riffi Bhatti Civil Judge (Junior Division), Jagraon
CNR No.PBLDB0-000130-2026
Next Date: 29.05.2026
Amit Beri
Versus
Sunita Chatley Alias Sunita Rani
Notice to: 1. Sunita Chatley @ Sunita Rani D/O Late Bipan Chander Pal S/O Late Ram Rachhpal And Wife Of Narinder Chatley R/O H.No.472, Backside Govt. Girls School And Bus Stand, Sector-3, Mandi Gobindgarh, Distt Fatehgarh Sahib 2. Anita Rani Sehgal D/O Late Bipan Chander Pal S/O Late Ram Rachhpal And Wife Of Ishwar Dass Sehgal R/O Flat No.301, G.H. Sector-19, 15 MDC, Panchkula Haryana
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 29.05.2026 at 10:00 am. For details logon to https://highcourtchd.gov.in/?mod=district_notice&district=ludhianacourt
Dated this day of 29.04.2026
Sd/- Civil Judge (Junior Division), Jagraon

(U/o 5 Rule 20 CPC)
In The Court of Sh. Atul Kasana District and Sessions Judge, Mohali
CNR No.PBSA01-009760-2024
Next Date: 29.05.2026
MACP/311/2024
Ritika Challana
Versus
Baljinder Singh
Claim Petition U/S 166 Of Motor Vehicle Act Read With Section 140 Of Mv Act (As Amended Upto Date) For Grant Of Compensation To The Claimants On Account Of Death Of Yashasvi Challana Aged 25 Years S/O Raman Challana
Notice to: Harmeet Singh S/O Karnail Singh Resident Of Village Marjari (Rasulra) Tehsil Khanna, District Ludhiana, Punjab (Owner Of Tata Indica Vista Vx Car Bearing No. PB-10-DS-0798).
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 29.05.2026 at 10:00 A.M.
For details logon to https://highcourtchd.gov.in/?mod=district_notice&district=mohali
Dated, this day of 23-04-2026
Sd/- District and Sessions Judge, Mohali

(U/o 5 Rule 20 CPC)
In The Court of Sh. Ram Pal Civil Judge (Junior Division)-5, Jalandhar
CNR No.PBJL02-002338-2025
Next Date: 29.05.2026
Commercial Suit/26/2025
Indian Overseas Bank
Versus
N.R.Enterprises
Suit For Grant Of Decree For Recovery Of Rs.144229.36/- Alongwith Interest As Prayed For.
Notice to: 1. N.R Enterprises 5 Rustam Tower, Jyoti Nagar Road, Near Johal Market, Jalandhar Through Its Proprietor Sh. Raghav Sehgal S/o Sh. Harish Sehgal 2. Raghav Sehgal S/O Harish Sehgal Proprietor M/S N.R. Enterprises R/o WE 55 Chota Ali Mohalla Telwali Gali Jalandhar 3. Harish Sehgal R/O WE-55 Chota Ali Mohalla Telwali Gali Jalandhar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 29.05.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 23-04-2026
Sd/- Civil Judge (Junior Division)-5, Jalandhar

(U/o 5 Rule 20 CPC)
In The Court of Sh. Rajinder Singh-1
Additional Civil Judge (Senior Division), Samrala
CNR No.PBLDC0-000368-2025
Next Date: 29.05.2026
Punjab and Sind Bank, Branch Machhiwara, tehsil Samrala, District Ludhiana through its principal officers.
Versus
Surjit Kaur
Notice to: Surjit Kaur Spouse::-Late Jarnail Singh Son Of Gurdial Singh Resident Of Village Kotla Masood, PO Kheri Nodh Singh, Tehsil Khamano, Disrict Fatehgarh Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 29.05.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated, this day of 22-04-2026
Sd/- Additional Civil Judge (Senior Division), Samrala

PLA(Pus)2026/1016
Dt.11.05.2026
Before The Court of Chairman, Permanent Lok Adalat For Public Utility Services, Chandigarh
Publication Order
Application No. 12834 of 2025
Next Date of hearing: 26.05.2026
Lokesh Tewatia
....Applicant
Versus
SBI Card & Others
..........Respondents
Notice to Respondent No.3: State Bank of India, Main Branch, SCO No. 43-48, Bank Square Sector 17-B, Chandigarh (Credit Card Department) through its Manager
Whereas the applicant mentioned above has filed an application to remove the lien of Rs. 2,24,475/- changed upon by the respondents by impleading the respondent no.3 mentioned above and it has been proved that respondent no.3 have not served in ordinary manner in the present application hence by virtue of present proclamation, you are hereby informed to appear before this court on 26.05.2026 to 10:00 A.M. and in. case of failure to do so proceedings shall be intiated against respondent no.3 in accordance with law.
Given under my hand and the seal of this court on 10 day of May 2026.
Sd/- Sh. S.K. Sachdeva Chairman Permanent Lok Adalat (Public utility), Chandigarh

(U/o 5 Rule 20 CPC)
In The Court of Ms. Manpreet Kaur-III
Civil Judge Junior Division-5, Moga
CNR No.PBMO02-000324-2026
Next Date: 27.05.2026
Lakhvir Kaur
Versus
Baldev Singh
Notice to: 2. Baljinder Singh Alias Bachhi Father:- Mohan Singh resident of Bedi Nagar Moga tehsil and district Moga
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 27.05.2026 at 10:00 am. For details logon to https://highcourtchd.gov.in/?mod=district_notice&district=mogacourt
Dated this day of 05.05.2026
Sd/- Civil Judge Junior Division-5, Moga

ਆਮ ਸੂਚਨਾ

ਮੈਂ, ਗੁਰਵਾਰੀਸ ਸਿੰਘ ਪੁੱਤਰ ਰਜਿੰਦਰ ਸਿੰਘ ਵਾਸੀ ਮਕਾਨ ਨੰ. 297, ਗਲੀ ਨੰ.10, ਮਨਜੀਤ ਨਗਰ ਭਾਦਸੋਂ ਰੋਡ, ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰੇ ਮਕਾਨ ਦੀ ਪੁਰਾਣੀ ਰਜਿਸਟਰੀ ਵਾਕਾ ਰਕਬਾ ਪਿੰਡ ਡੀਲਵਾਲ, ਤਹਿਸੀਲ ਅਤੇ ਜ਼ਿਲ੍ਹਾ ਪਟਿਆਲਾ ਦੀ ਰਜਿਸਟਰੀ, ਜਿਸ ਦਾ ਵਸੀਕਾ ਨੰਬਰ 9476 ਮਿਤੀ 21.08.2006 ਹੈ ਜੋ ਕਿ ਡਾ. ਅਨੁਰਾਗ ਖੁਰਾਨਾ ਪੁੱਤਰ ਐਸ ਬੀ ਖੁਰਾਨਾ ਦੇ ਨਾਂ 'ਤੇ ਸੀ, ਗੁੰਮ ਹੋ ਗਈ ਹੈ। ਜਿਸ ਦਾ ਐਲ ਆਰ ਨੰਬਰ 716866/2026 ਮਿਤੀ 08.05.2026, ਪੁਲਿਸ ਸਟੇਸ਼ਨ ਤ੍ਰਿਪੁਰੀ, ਪਟਿਆਲਾ ਵਿਖੇ ਦਰਜ ਹੈ। ਜੇਕਰ ਰਜਿਸਟਰੀ ਮਿਲ ਜਾਂਦੀ ਹੈ ਤਾਂ ਮੈਂ ਸੰਬੰਧਤ ਵਿਭਾਗ ਨੂੰ ਸੂਚਿਤ ਕਰਾਂਗਾ ਅਤੇ ਇਸ ਦੀ ਦੁਰਵਰਤੋਂ ਨਹੀਂ ਕਰਾਂਗਾ।

ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪ੍ਰੀਖਿਆ ਤਣਾਅ ਪ੍ਰਬੰਧਨ 'ਤੇ ਵਰਕਸ਼ਾਪ

ਪਟਿਆਲਾ, 12 ਮਈ (ਚ.ਨ.ਸ.) ਡੀਨ ਵਿਦਿਆਰਥੀ ਭਲਾਈ ਦਫ਼ਤਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਿਦਿਆਰਥੀ ਕਾਉਂਸਲਿੰਗ ਸੈਂਟਰ ਨੇ 6 ਮਈ ਤੋਂ 12 ਮਈ, 2026 ਤੱਕ 'ਪ੍ਰੀਖਿਆ ਤਣਾਅ ਪ੍ਰਬੰਧਨ' 'ਤੇ ਇੱਕ ਹਫ਼ਤਾ-ਲੰਬੀ ਵਰਕਸ਼ਾਪ ਲੜੀ ਦਾ ਸਫਲਤਾਪੂਰਵਕ ਆਯੋਜਨ ਕੀਤਾ, ਜਿਸ ਵਿੱਚ ਯੂਨੀਵਰਸਿਟੀ ਦੇ ਹੋਸਟਲਾਂ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਤੱਕ ਵਿਆਪਕ ਪਹੁੰਚ ਕੀਤੀ ਗਈ।

ਇਸ ਪਹਿਲਕਦਮੀ ਦੀ ਅਗਵਾਈ ਡਾ. ਸੁਖਵਿੰਦਰ ਸਿੰਘ ਸਰਾਂ, ਪ੍ਰੋਵੋਸਟ, ਡਾ. ਜਗਪ੍ਰੀਤ ਕੌਰ, ਐਡੀਸ਼ਨਲ ਪ੍ਰੋਵੋਸਟ (ਲੜਕੀਆਂ) ਅਤੇ ਡਾ. ਰੂਬੀ ਗੁਪਤਾ, ਕੌਂਸਲਰ, ਵਿਦਿਆਰਥੀ ਕਾਉਂਸਲਿੰਗ ਸੈਂਟਰ ਨੇ ਸਾਂਝੇ ਤੌਰ 'ਤੇ ਕੀਤੀ, ਜਿਨਾਂ ਨੇ ਪ੍ਰੀਖਿਆ ਦੀ ਮਿਆਦ ਦੌਰਾਨ ਵਿਦਿਆਰਥੀਆਂ ਵਿੱਚ ਮਨੋਵਿਗਿਆਨਕ ਤੰਦਰੁਸਤੀ, ਪ੍ਰਭਾਵਸ਼ਾਲੀ ਮੁਕਾਬਲਾ ਕਰਨ ਦੀਆਂ ਰਣਨੀਤੀਆਂ ਅਤੇ ਸਬੂਤ-ਅਧਾਰਤ ਅਧਿਐਨ ਹੁਨਰਾਂ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰਦਾਰ ਧਿਆਨ ਕੇਂਦਰਿਤ ਕਰਦੇ ਹੋਏ ਪ੍ਰੋਗਰਾਮ ਦੀ ਅਗਵਾਈ ਕੀਤੀ। ਵਰਕਸ਼ਾਪਾਂ ਮਾਨਯੋਗ ਵਾਈਸ ਚਾਂਸਲਰ, ਪ੍ਰੋ. ਜਗਦੀਪ ਸਿੰਘ ਦੀ ਅਗਵਾਈ ਅਤੇ ਅਗਵਾਈ ਹੇਠ ਕਰਵਾਈਆਂ ਗਈਆਂ। ਇਸ ਪ੍ਰੋਗਰਾਮ ਵਿੱਚ ਤਾਲਮੇਲ ਵਾਲੇ ਯਤਨ ਦੇਖੇ ਗਏ, ਜਿਸ ਨਾਲ ਹੋਸਟਲਾਂ ਵਿੱਚ ਸੁਚਾਰੂ ਢੰਗ ਨਾਲ ਲਾਗੂਕਰਨ ਨੂੰ ਯਕੀਨੀ ਬਣਾਇਆ ਗਿਆ। ਇੱਕ ਹਫ਼ਤੇ ਦੇ ਦੌਰਾਨ, ਕੁੱਲ 14 ਵਰਕਸ਼ਾਪਾਂ ਸਫਲਤਾਪੂਰਵਕ ਆਯੋਜਿਤ ਕੀਤੀਆਂ ਗਈਆਂ, ਜਿਨਾਂ ਵਿੱਚ ਯੂਨੀਵਰਸਿਟੀ ਕੈਂਪਸ ਦੇ ਅੰਦਰ 15 ਹੋਸਟਲਾਂ ਨੂੰ ਸ਼ਾਮਲ ਕੀਤਾ ਗਿਆ। ਇਹ ਪਹੁੰਚ ਅੱਠ ਮਾਨਸਿਕ ਸਿਹਤ ਰਾਜਦੂਤਾਂ ਦੇ ਸਮਰਪਿਤ ਯਤਨਾਂ ਦੁਆਰਾ ਸੰਭਵ ਹੋਈ, ਜਿਨਾਂ ਨੇ ਸੈਸ਼ਨਾਂ ਦੀ ਸਰਗਰਮੀ ਨਾਲ ਸਹੂਲਤ ਦਿੱਤੀ ਅਤੇ ਵਿਦਿਆਰਥੀਆਂ ਨਾਲ ਜੁੜਿਆ, ਨਾਲ ਹੀ ਹੋਸਟਲ ਵਾਰਡਨਾਂ ਦੇ ਨਿਰੰਤਰ ਸਮਰਥਨ ਦੇ ਨਾਲ। ਮਾਨਯੋਗ ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਪ੍ਰੋ. ਜਗਦੀਪ ਸਿੰਘ ਅਤੇ ਡੀਨ, ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਸਮਾਪਤੀ ਸਮਾਰੋਹ ਦੌਰਾਨ ਮਾਨਸਿਕ ਸਿਹਤ ਰਾਜਦੂਤਾਂ ਨੂੰ ਉਨਾਂ ਦੇ ਮਹੱਤਵਪੂਰਨ ਯੋਗਦਾਨ ਅਤੇ ਯਤਨਾਂ ਲਈ ਮਾਨਤਾ ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ। ਵਰਕਸ਼ਾਪਾਂ ਵਿਦਿਆਰਥੀਆਂ ਨੂੰ ਪ੍ਰੀਖਿਆ ਨਾਲ ਸਬੰਧਤ ਤਣਾਅ ਦੇ ਪ੍ਰਬੰਧਨ ਲਈ ਵਿਹਾਰਕ ਸਾਧਨਾਂ ਨਾਲ ਲੈਸ ਕਰਨ 'ਤੇ ਕੇਂਦ੍ਰਿਤ ਸਨ, ਜਿਸ ਵਿੱਚ ਸਮਾਂ ਪ੍ਰਬੰਧਨ ਤਕਨੀਕਾਂ, ਬੋਧਾਤਮਕ ਪੁਨਰਗਠਨ, ਆਰਾਮ ਰਣਨੀਤੀਆਂ, ਨੀਂਦ ਦੀ ਸਫਾਈ ਅਤੇ ਸੰਤੁਲਿਤ ਪੋਸ਼ਣ ਦੀ ਮਹੱਤਤਾ ਸ਼ਾਮਲ ਹੈ। ਇੰਟਰਐਕਟਿਵ ਵਿਚਾਰ-ਵਟਾਂਦਰੇ ਅਤੇ ਭਾਗੀਦਾਰੀ ਗਤੀਵਿਧੀਆਂ ਨੇ ਇਹ ਯਕੀਨੀ ਬਣਾਇਆ ਕਿ ਵਿਦਿਆਰਥੀ ਆਪਣੀਆਂ ਚਿੰਤਾਵਾਂ ਨੂੰ ਖੁੱਲ ਕੇ ਸਾਂਝਾ ਕਰ ਸਕਣ ਅਤੇ ਇੱਕ ਸਹਾਇਕ ਵਾਤਾਵਰਣ ਵਿੱਚ ਅਨੁਕੂਲ ਮੁਕਾਬਲਾ ਕਰਨ ਦੇ ਢੰਗ ਸਿੱਖ ਸਕਣ। ਇਸ ਪਹਿਲਕਦਮੀ ਨੂੰ ਵਿਦਿਆਰਥੀਆਂ ਵੱਲੋਂ ਇੱਕ ਉਤਸ਼ਾਹਜਨਕ ਹੁੰਗਾਰਾ ਮਿਲਿਆ, ਜਿਨਾਂ ਨੇ ਸੈਸ਼ਨਾਂ ਦੀ ਸਾਰਥਕਤਾ ਅਤੇ ਵਿਹਾਰਕਤਾ ਦੀ ਸ਼ਲਾਘਾ ਕੀਤੀ। ਹੋਸਟਲਾਂ ਵਿੱਚ ਵੱਡੇ ਪੱਧਰ 'ਤੇ ਪਹੁੰਚ ਯੂਨੀਵਰਸਿਟੀ ਦੀ ਮਾਨਸਿਕ ਤੌਰ 'ਤੇ ਸਿਹਤਮੰਦ ਅਕਾਦਮਿਕ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਦਾ ਸਮਰਥਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਹੇਮਕੁੰਟ ਸਕੂਲ ਵਿਖੇ ਮਨਾਇਆ ਰਾਸ਼ਟਰੀ ਤਕਨਾਲੋਜੀ ਦਿਵਸ

ਜੀਰਾ 12 ਮਈ ਦੀਪਕ ਭਾਰਗੋ ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੇ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ, ਕੋਟ ਈਸੇ ਖਾਂ ਵਿੱਚ ਨੈਸ਼ਨਲ ਟੈਕਨੋਲੋਜੀ ਡੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਵੱਲੋਂ ਨੈਸ਼ਨਲ ਟੈਕਨੋਲੋਜੀ ਡੇ ਨਾਲ ਸੰਬੰਧਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੇ ਸੁੰਦਰ ਪੋਸਟਰ ਤਿਆਰ ਕਰਕੇ ਟੈਕਨੋਲੋਜੀ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸਮਾਜ ਨੂੰ ਤਕਨਾਲੋਜੀ ਦੇ ਸਹੀ ਉਪਯੋਗ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨ, ਆਰਟੀਫੀਸ਼ਲ ਇੰਟੈਲੀਜੈਂਸ, ਸਪੇਸ ਅਤੇ ਇਨੋਵੇਸ਼ਨ ਦੇ ਖੇਤਰ ਵਿੱਚ ਹੋ ਰਹੀ ਤਰੱਕੀ ਬਾਰੇ ਜਾਣਕਾਰੀ ਦਿੱਤੀ, ਬੱਚਿਆਂ ਨੂੰ ਤਕਨਾਲੋਜੀ ਦਾ ਸਹੀ ਅਤੇ ਸੁਰੱਖਿਅਤ ਢੰਗ ਨਾਲ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸਰਦਾਰ ਕੁਲਵੰਤ ਸਿੰਘ ਸੰਧੂ ਅਤੇ ਐਮ.ਡੀ. ਮੈਡਮ ਰਣਜੀਤ ਕੌਰ ਸੰਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅੱਜ ਦੇ ਸਮੇਂ ਵਿੱਚ ਤਕਨਾਲੋਜੀ ਸਿੱਖਿਆ ਦਾ ਅਹਿਮ ਹਿੱਸਾ ਬਣ ਚੁੱਕੀ ਹੈ ਅਤੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਨਾਲ ਜੁੜ ਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਸਕੂਲ ਦੀ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਜੀ ਨੇ ਕਿਹਾ ਕਿ ਸਕੂਲ ਵੱਲੋਂ ਸਮੇਂ-ਸਮੇਂ ਤੇ ਵਿਦਿਆਰਥੀਆਂ ਦੇ ਬੌਧਿਕ ਅਤੇ ਰਚਨਾਤਮਕ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਨੈਸ਼ਨਲ ਟੈਕਨੋਲੋਜੀ ਡੇ ਵਿਦਿਆਰਥੀਆਂ ਨੂੰ ਨਵੀਆਂ ਖੋਜਾਂ ਅਤੇ ਵਿਗਿਆਨਕ ਸੋਚ ਵੱਲ ਪ੍ਰੇਰਿਤ ਕਰਦਾ ਹੈ।

ਫ਼ਾਜ਼ਿਲਕਾ ਪੁਲਿਸ ਪ੍ਰਸ਼ਾਸਨ ਵਿੱਚ ਵੱਡਾ ਫੇਰਬਦਲ, ਇੰਸਪੈਕਟਰ ਪਰਮਜੀਤ ਕੁਮਾਰ ਨੇ ਸੰਭਾਲਿਆ ਥਾਣਾ ਸਿਟੀ ਫ਼ਾਜ਼ਿਲਕਾ ਦਾ ਚਾਰਜ

ਫ਼ਾਜ਼ਿਲਕਾ 12 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫ਼ਾਜ਼ਿਲਕਾ ਜ਼ਿਲ੍ਹੇ ਦੇ ਨਵ-ਨਿਯੁਕਤ ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਵੱਲੋਂ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਜ਼ਿਲ੍ਹੇ ਦੀ ਕਾਨੂੰਨ-ਵਿਵਸਥਾ ਨੂੰ ਹੋਰ ਚੁਸਤ-ਦਰੁਸਤ ਬਣਾਉਣ ਲਈ ਪੁਲਿਸ ਪ੍ਰਸ਼ਾਸਨ ਵਿੱਚ ਵੱਡਾ ਫੇਰਬਦਲ ਕੀਤਾ ਗਿਆ ਹੈ। ਜਾਰੀ ਤਾਜ਼ਾ ਹੁਕਮਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੇ ਮੁਖੀਆਂ ਦੇ ਤਬਾਦਲੇ ਕੀਤੇ ਗਏ ਹਨ। ਇਨ੍ਹਾਂ ਤਬਾਦਲਿਆਂ ਤਹਿਤ ਇੰਸਪੈਕਟਰ ਪਰਮਜੀਤ ਕੁਮਾਰ ਨੂੰ ਥਾਣਾ ਅਰਨੀਵਾਲਾ ਤੋਂ ਤਬਦੀਲ ਕਰਕੇ ਥਾਣਾ ਸਿਟੀ ਫ਼ਾਜ਼ਿਲਕਾ ਦਾ ਮੁੱਖ ਅਫ਼ਸਰ ਨਿਯੁਕਤ ਕੀਤਾ ਗਿਆ ਹੈ ਦੂਜੇ ਪਾਸੇ, ਥਾਣਾ ਸਿਟੀ ਫ਼ਾਜ਼ਿਲਕਾ ਵਿੱਚ ਤਾਇਨਾਤ ਇੰਸਪੈਕਟਰ ਸਚਿਨ ਕੰਬੋਜ ਨੂੰ ਬਦਲ ਕੇ ਥਾਣਾ ਸਿਟੀ ਜਲਾਲਾਬਾਦ ਦਾ ਮੁੱਖ ਅਫ਼ਸਰ ਲਗਾਇਆ ਗਿਆ ਹੈ। ਹੁਕਮਾਂ ਤੋਂ ਤੁਰੰਤ ਬਾਅਦ ਇੰਸਪੈਕਟਰ ਪਰਮਜੀਤ ਕੁਮਾਰ ਨੇ ਅੱਜ ਥਾਣਾ ਸਿਟੀ ਫ਼ਾਜ਼ਿਲਕਾ ਵਿਖੇ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਪਰਮਜੀਤ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਵਿੱਚ ਸੁਰੱਖਿਆ ਦਾ ਮਾਹੌਲ ਬਣਾਈ ਰੱਖਣਾ ਹੋਵੇਗੀ।

ਪ੍ਰਾਪਰਟੀ ਡੀਲਰ ਦੇ ਹਮਲਾਵਰ ਕਾਬੂ

ਫਿਰੋਜ਼ਪੁਰ, 12 ਮਈ (ਤਿਵਾੜੀ.): ਰਣਜੀਤ ਸਿੰਘ ਜੋ ਵੱਖ ਵੱਖ ਪਾਰਟਨਰਾਂ ਨਾਲ ਮਿਲਕੇ ਕਲੋਨੀਆਂ ਕੱਟਕੇ ਪਲਾਟ ਸੇਲ ਕਰਦਾ ਹੈ। 4 ਮਈ ਨੂੰ ਉਸ 'ਤੇ ਜਾਨਲੇਵਾ ਹਮਲਾ ਹੋਇਆ। ਜਸਵਿੰਦਰ ਸਿੰਘ ਮੁੱਖ ਅਫਸਰ ਥਾਣਾ ਕੁਲਗੜੀ ਵੱਲੋਂ ਤਫਤੀਸ਼ ਦੌਰਾਨ ਮਸਲੇ ਸੁਲਝਾਇਆ ਗਿਆ। ਰਣਜੀਤ ਸਿੰਘ ਦੇ ਪਾਰਟਨਰ ਅਕਾਸ਼ਦੀਪ ਸਿੰਘ ਨੇ ਆਪਣੇ ਸੀਰੀ ਨਾਲ ਮਿਲਕੇ ਜਾਨੋਂ ਮਾਰਨ ਦੀ ਯੋਜਨਾ ਬਣਾਈ ਸੀ। ਕੁਲ ਦੋਸ਼ੀਆਂ ਵਿਚੋਂ 5 ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।

ਮਦਰਜ਼ ਡੇਅ ਮੌਕੇ ਡਾ. ਬੀ. ਡੀ ਸਚਦੇਵਾ ਮੈਮੋਰੀਅਲ ਵੈਲ.ਫੇਅਰ ਸੁਸਾਇਟੀ ਵੱਲੋਂ ਭਾਵਪੂਰਨ ਸਮਾਗਮ

ਫਾਜ਼ਿਲਕਾ 12 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮਦਰਸ ਡੇਅ ਦੇ ਸਬੰਧ ਵਿਚ ਡਾ. ਬੀ. ਡੀ ਸਚਦੇਵਾ ਮੈਮੋਰੀਅਲ ਵੈਲਫ਼ੇਅਰ ਸੋਸਾਇਟੀ ਵੱਲੋਂ ਇੱਕ ਭਾਵਪੂਰਨ ਅਤੇ ਪ੍ਰੇਰਨਾਦਾਇਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਮਾਵਾਂ ਦੀ ਕੁਰਬਾਨੀ, ਪਿਆਰ ਅਤੇ ਸਮਰਪਣ ਨੂੰ ਨਮਨ ਕੀਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਲੋਕਾਂ ਨੇ ਹਿੱਸਾ ਲੈ ਕੇ ਮਦਰਸ ਡੇਅ ਨੂੰ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ। ਸਮਾਗਮ ਦਾ ਮਾਹੌਲ ਮਾਂ ਪ੍ਰਤੀ ਪਿਆਰ, ਸਤਿਕਾਰ ਅਤੇ ਭਾਵਨਾਵਾਂ ਨਾਲ ਭਰਪੂਰ ਰਿਹਾ। ਪ੍ਰੋਗਰਾਮ ਦੌਰਾਨ ਸੱਭਿਆਚਾਰਕ ਪੇਸ਼ਕਾਰੀਆਂ, ਗੀਤ-ਸੰਗੀਤ ਅਤੇ ਵਿਚਾਰ-ਚਰਚਾ ਰਾਹੀਂ ਮਾਂ ਦੀ ਮਹੱਤਤਾ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ ਗਿਆ। ਬੱਚਿਆਂ ਅਤੇ ਨੌਜਵਾਨਾਂ ਵੱਲੋਂ ਮਾਂ ਦੀ ਮਹਾਨਤਾ ਬਾਰੇ ਪੇਸ਼ ਕੀਤੀਆਂ ਗਈਆਂ ਕਵਿਤਾਵਾਂ ਅਤੇ ਭਾਵਪੂਰਨ ਸੁਨੇਹਿਆਂ ਨੇ ਹਾਜ਼ਰੀਨਾਂ ਨੂੰ ਭਾਵੁਕ ਕਰ ਦਿੱਤਾ। ਕਈ ਮੌਕਿਆਂ 'ਤੇ ਸਮਾਗਮ ਵਿਚ ਮੌਜੂਦ ਲੋਕਾਂ ਦੀਆਂ ਅੱਖਾਂ ਭਿੱਜਦੀਆਂ ਵੀ ਨਜ਼ਰ ਆਈਆਂ। ਇਸ ਮੌਕੇ ਸੋਸਾਇਟੀ ਦੀ ਜਰਨਲ ਸਕੱਤਰ ਪੂਜਾ ਲੂਥਰਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਾਂ ਸਿਰਫ਼ ਇੱਕ ਪਰਿਵਾਰ ਦੀ ਹੀ ਨਹੀਂ, ਸਗੋਂ ਪੂਰੇ ਸਮਾਜ ਦੀ ਸਭ ਤੋਂ ਵੱਡੀ ਪ੍ਰੇਰਨਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਾਵਾਂ ਦੇ ਦਿੱਤੇ ਸੰਸਕਾਰ ਅਤੇ ਸਿੱਖਿਆ ਹੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਹੀ ਰਸਤਾ ਦਿਖਾਉਂਦੇ ਹਨ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਦੀ ਸਫਲਤਾ ਦੇ ਪਿੱਛੇ ਮਾਂ ਦੀ ਮਿਹਨਤ, ਤਿਆਗ ਅਤੇ ਅਟੁੱਟ ਸਹਿਯੋਗ ਹੁੰਦਾ ਹੈ। ਸਮਾਜ ਵਿੱਚ ਮਾਵਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪ੍ਰੋਗਰਾਮ ਦੌਰਾਨ ਵੱਖ-ਵੱਖ ਉਮਰ ਵਰਗ ਦੀਆਂ ਮਾਵਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸੋਸਾਇਟੀ ਵੱਲੋਂ ਮਾਵਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨ ਦਿੱਤਾ ਗਿਆ। ਇਸ ਮੌਕੇ ਬੱਚਿਆਂ ਅਤੇ ਨੌਜਵਾਨਾਂ ਨੇ ਆਪਣੀਆਂ ਮਾਵਾਂ ਪ੍ਰਤੀ ਪਿਆਰ ਅਤੇ ਧੰਨਵਾਦ ਪ੍ਰਗਟਾਉਂਦੇ ਹੋਏ ਭਾਵਪੂਰਨ ਸੰਦੇਸ਼ ਵੀ ਪੇਸ਼ ਕੀਤੇ। ਪ੍ਰਬੰਧਕਾਂ ਨੇ ਕਿਹਾ ਕਿ ਮਦਰਸ ਡੇਅ ਸਿਰਫ਼ ਇੱਕ ਦਿਨ ਦਾ ਉਤਸਵ ਨਹੀਂ, ਸਗੋਂ ਮਾਵਾਂ ਪ੍ਰਤੀ ਸਤਿਕਾਰ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਵਿਸ਼ੇਸ਼ ਮੌਕਾ ਹੈ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਅਤੇ ਸਕੱਤਰ ਸੁਭਾਸ਼ ਕੰਬੋਜ ਨੇ ਕਿਹਾ ਕਿ ਮਾਂ ਪਰਿਵਾਰ ਅਤੇ ਸਮਾਜ ਦੀ ਮਜ਼ਬੂਤ ਨੀਂਹ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮਾਂ ਤੋਂ ਬਿਨਾਂ ਜੀਵਨ ਦੀ ਕਲਪਨਾ ਅਧੂਰੀ ਹੈ। ਮਾਂ ਹੀ ਉਹ ਸ਼ਖਸੀਅਤ ਹੁੰਦੀ ਹੈ ਜੋ ਆਪਣੇ ਬੱਚਿਆਂ ਨੂੰ ਚੰਗੇ ਸੰਸਕਾਰ ਦੇ ਕੇ ਉਨ੍ਹਾਂ ਨੂੰ ਸਮਾਜ ਦਾ ਜ਼ਿੰਮੇਵਾਰ ਨਾਗਰਿਕ ਬਣਾਉਂਦੀ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿਚ ਮਾਤਾ ਸ਼ਕਤੀ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਐਮਬਰੋਜ਼ੀਅਲ ਪਬਲਿਕ ਸਕੂਲ ਦਾ ਜ਼ੀਰਾ ਦੇ ਸਲਾਨਾ ਸਿਖਲਾਈ ਕੈਂਪ-57 ਵਿੱਚ ਸ਼ਾਨਦਾਰ ਪ੍ਰਦਰਸ਼ਨ: ਸਤਨਾਮ ਸਿੰਘ ਬੁੱਟਰ

ਜ਼ੀਰਾ, 12 ਮਈ ਦੀਪਕ ਭਾਰਗੋ ਐਮਬਰੋਜ਼ੀਅਲ ਪਬਲਿਕ ਸਕੂਲ, ਜ਼ੀਰਾ ਨੂੰ ਆਪਣੇ ਐਨ ਸੀ ਸੀ ਕੈਡੇਟਸ ਦੀਆਂ ਉਪਲਬਧੀਆਂ @ਤੇ ਮਾਣ ਹੈ, ਜਿਨ੍ਹਾਂ ਨੇ ਹਾਲ ਹੀ ਵਿੱਚ ਐਨ ਸੀ ਸੀ ਅਕੈਡਮੀ ਮਲੋਟ ਵਿੱਚ ਆਯੋਜਿਤ ਐੱਸ ਡੀ/ ਐੱਸ ਡਬਲਿਊ ਅਤੇ ਜੇ ਡੀ/ਜੇ ਡਬਲਿਊ ਸਲਾਨਾ

ਟ੍ਰੇਨਿੰਗ ਕੈਂਪ-57 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਕੈਂਪ ਕਮਾਂਡਿੰਗ ਅਫਸਰ ਸੀ ਐਸ ਸ਼ਰਮਾ (13 ਪੰਜਾਬ ਬਟਾਲੀਅਨ, ਫਿਰੋਜ਼ਪੁਰ ਕੈਂਟ) ਦੀ ਦੇਖਰੇਖ ਹੇਠ ਕਰਵਾਇਆ ਗਿਆ। ਇਸ ਕੈਂਪ ਵਿੱਚ 23 ਸਕੂਲਾਂ ਦੇ ਲਗਭਗ 500 ਐਨ ਸੀ ਸੀ ਕੈਡੇਟਸ ਨੇ ਭਾਗ ਲਿਆ ਅਤੇ ਉਨ੍ਹਾਂ ਨੇ ਪਰੇਡ, ਸ਼ੂਟਿੰਗ, ਸਮਾਜ ਸੇਵਾ, ਸਿਵਲ ਸੁਰੱਖਿਆ, ਫਾਇਰਿੰਗ, ਮੈਪ ਰੀਡਿੰਗ, ਸੰਸਕ੍ਰਿਤਿਕ ਗਤੀਵਿਧੀਆਂ, ਵਿਅਕਤੀਗਤ ਵਿਕਾਸ, ਐਮਰਜੈਂਸੀ ਵਿੱਚ ਸੈਨਾ ਦੀ ਸਹਾਇਤਾ ਅਤੇ ਐਨ ਸੀ ਸੀ ਸਰਟੀਫਿਕੇਟ ਦੀ ਤਿਆਰੀ ਵਰਗੀਆਂ ਕਈ ਮਹੱਤਵਪੂਰਨ ਕੌਸ਼ਲ ਸਿੱਖੇ। ਐਮਬਰੋਜ਼ੀਅਲ ਪਬਲਿਕ ਸਕੂਲ ਦੇ ਕੈਡੇਟਸ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ: ਏਕਮਪ੍ਰੀਤ ਸਿੰਘ ਨੇ ਐੱਫ ਸੀ/ਬੀ ਸੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਭੰਗੜੇ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਤਰਨਪ੍ਰੀਤ ਸਿੰਘ ਨੇ ਉਵਰਆਲ ਬੈਸਟ ਕੈਂਪ ਲੀਡਰ ਦਾ ਮਾਣਯੋਗ ਖਿਤਾਬ ਜਿੱਤ ਕੇ ਨੇਤ੍ਰਿਤਵ ਅਤੇ ਅਨੁਸ਼ਾਸਨ ਦਾ ਸ਼ਾਨਦਾਰ ਉਦਾਹਰਨ ਪੇਸ਼ ਕੀਤਾ। ਸਕੂਲ ਵਿੱਚ ਕਰਵਾਏ ਗਏ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦੌਰਾਨ, ਚੇਅਰਮੈਨ ਸਰਦਾਰ ਸਤਨਾਮ ਸਿੰਘ ਬੁੱਟਰ, ਪ੍ਰਿੰਸੀਪਲ ਤੇਜ ਸਿੰਘ ਠਾਕੁਰ ਅਤੇ ਕੋਆਰਡੀਨੇਟਰ ਮਿਸਿਜ਼ ਰੀਨਾ ਠਾਕੁਰ, ਮਿਸਿਜ਼ ਅਨੁਪਮਾ ਠਾਕੁਰ, ਮਿਸਟਰ ਦੇਵੇਂਦਰ ਕੁਮਾਰ ਅਤੇ ਮਿਸਟਰ ਸੁਰਿੰਦਰ ਕਟੋਚ , ਐਨ ਸੀ ਸੀ ਆਫਿਸਰ ਸੰਜੇ ਭਾਰਦਵਾਜ, ਰੇਣੂਕਾ ਠਾਕੁਰ ਅਤੇ ਰਾਜਵਿੰਦਰ ਕੌਰ ਦੀ ਹਾਜ਼ਰੀ ਵਿੱਚ ਕੈਡੇਟਸ ਨੂੰ ਸਨਮਾਨਿਤ ਕੀਤਾ ਗਿਆ। ਸਭ ਨੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਦੀ ਭਰਪੂਰ ਸਰਾਹਨਾ ਕੀਤੀ। ਚੇਅਰਮੈਨ ਸਰਦਾਰ ਸਤਨਾਮ ਸਿੰਘ ਬੁੱਟਰ ਨੇ ਕਿਹਾ: ÷ਸਾਡੇ ਐਨ ਸੀ ਸੀ ਕੈਡੇਟਸ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਅਨੁਸ਼ਾਸਨ, ਸਮਰਪਣ ਅਤੇ ਮਿਹਨਤ ਨਾਲ ਹੀ ਸਫਲਤਾ ਮਿਲਦੀ ਹੈ। ਉਨ੍ਹਾਂ ਦੀਆਂ ਇਹ ਉਪਲਬਧੀਆਂ ਸਾਡੇ ਸਕੂਲ ਦੇ ਉੱਚ ਸਿੱਖਿਆ ਮਿਆਰਾਂ ਅਤੇ ਸੰਸਕਾਰਾਂ ਨੂੰ ਦਰਸਾਉਂਦੀਆਂ ਹਨ। ਮੈਂ ਸਾਰੇ ਕੈਡੇਟਸ ਨੂੰ ਦਿਲੋਂ ਵਧਾਈ ਦਿੰਦਾ ਹਾਂ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਪ੍ਰੇਰਿਤ ਕਰਦਾ ਹਾਂ ਕਿ ਉਹ ਅਜਿਹੀਆਂ ਸਹਿ-ਵਿਦਿਅਕ ਗਤੀਵਿਧੀਆਂ ਵਿੱਚ ਭਾਗ ਲੈਣ। ਇਹ ਗਤੀਵਿਧੀਆਂ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾਉਂਦੀਆਂ ਹਨ। ਪ੍ਰਿੰਸੀਪਲ ਤੇਜ਼ ਸਿੰਘ ਠਾਕੁਰ ਨੇ ਆਪਣੇ ਸੰਦੇਸ਼ ਵਿੱਚ ਕਿਹਾ: ਮੈਨੂੰ ਆਪਣੇ ਐਨ ਸੀ ਸੀ ਕੈਡੇਟਸ @ਤੇ ਬਹੁਤ ਮਾਣ ਹੈ ਜਿਨ੍ਹਾਂ ਨੇ ਕੈਂਪ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਅਤੇ ਅਨੁਸ਼ਾਸਨ ਦਾ ਪ੍ਰਦਰਸ਼ਨ ਕੀਤਾ। 'ਬੈਸਟ ਕੈਂਪ ਲੀਡਰ' ਵਰਗੀਆਂ ਉਪਲਬਧੀਆਂ ਵਿਦਿਆਰਥੀਆਂ ਦੇ ਨੇਤ੍ਰਿਤਵ, ਟੀਮ ਵਰਕ ਅਤੇ ਹਿੰਮਤ ਨੂੰ ਦਰਸਾਉਂਦੀਆਂ ਹਨ। ਅਜਿਹੇ ਅਨੁਭਵ ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਬਾਹਰ ਵੀ ਜੀਵਨ ਲਈ ਤਿਆਰ ਕਰਦੇ ਹਨ। ਮੈਂ ਸਾਰੇ ਕੈਡੇਟਸ ਅਤੇ ਉਨ੍ਹਾਂ ਦੇ ਮਾਰਗਦਰਸ਼ਕਾਂ ਦੀ ਸਾਰਾਹਨਾ ਕਰਦਾ ਹਾਂ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਐਨ ਸੀ ਸੀ ਨਾਲ ਜੁੜਨ ਲਈ ਪ੍ਰੇਰਿਤ ਕਰਦਾ ਹਾਂ। ਐਮਬਰੋਜ਼ੀਅਲ ਪਬਲਿਕ ਸਕੂਲ ਹਮੇਸ਼ਾਂ ਹੀ ਸਮੂਹਿਕ ਸਿੱਖਿਆ ਨੂੰ ਪ੍ਰਮੋਟ ਕਰਦਾ ਆ ਰਿਹਾ ਹੈ, ਜਿੱਥੇ ਵਿਦਿਆਰਥੀਆਂ ਨੂੰ ਅਕਾਦਮਿਕਸ, ਅਨੁਸ਼ਾਸਨ, ਨੇਤ੍ਰਿਤਵ ਅਤੇ ਦੇਸ਼ ਸੇਵਾ ਵਿੱਚ ਅੱਗੇ ਵਧਣ ਲਈ ਤਿਆਰ ਕੀਤਾ ਜਾਂਦਾ ਹੈ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ
ਈ-ਟੈਂਡਰ ਸੂਚਨਾ

ਲੋਨਿਵਿ (ਭ ਅਤੇ ਮ), ਕੇਲੋਨਿਵਿ, ਐਮਈਐਸ, ਪੁੱਡਾ, ਇਪਰੂਵਮੈਂਟ ਟਰੱਸਟ ਵਿਚੋਂ ਕਿਸੇ ਵੀ ਜਾਂ ਪੰਜਾਬ ਸਰਕਾਰ ਦੇ ਕਿਸੇ ਵੀ ਹੋਰ ਅਦਾਰੇ ਨਾਲ ਸੂਚੀਬੱਧ ਯੋਗ ਠੇਕੇਦਾਰਾਂ/ਫਰਮਾਂ/ਕਿਰਤ ਅਤੇ ਉਸਾਰੀ ਸਭਾਵਾਂ ਤੋਂ ਨਿਮਨ ਦਰਸਾਏ ਕੰਮ ਦੇ ਲਈ ਦੋ ਬੋਲੀ ਪ੍ਰਣਾਲੀ ਅਧੀਨ ਟੈਂਡਰ ਮੰਗੇ ਜਾਂਦੇ ਹਨ। ਲੜੀ ਨੰਬਰ 1 'ਤੇ ਕੰਮ ਦੇ ਲਈ, ਪਾਤਰਤਾ ਪ੍ਰਕਿਰਿਆ https://www.eproc.punjab.gov.in ਵਿਚ ਦਰਸਾਈ ਗਈ ਹੈ।

ਲੜੀ ਨੰ.	ਵੇਰਵਾ	ਟੈਂਡਰ ਲਾਗਤ
1.	ਆਰਆਰਐਸ, ਅਬੋਹਰ ਵਿਖੇ ਵਾਟਰ ਟੈਂਕ (160'x160'x10') ਦਾ ਨਿਰਮਾਣ।	ਰੁ. 8,00,000/-

ਬਿਆਨਾ ਰਕਮ : ਟੈਂਡਰ ਲਾਗਤ ਦਾ 2% ਜਾਂ ਲਾਗੂ ਅਨੁਸਾਰ।
ਟੈਂਡਰ ਫਾਰਮ ਫੀਸ ਰੁ. 1180/- ਹਰੇਕ (ਰੁ. 1000/- + ਜੀਐਸਟੀ 18% ਦੀ ਦਰ 'ਤੇ)

ਟੈਂਡਰ ਦੇ ਸਾਰੇ ਵੇਰਵਿਆਂ ਅਤੇ ਨਿਯਮ ਅਤੇ ਸ਼ਰਤਾਂ ਲਈ, ਕਿਰਪਾ ਕਰਕੇ https://www.eproc.punjab.gov.in ਅਤੇ www.apu.edu. ਵੈਬਸਾਈਟਾਂ ਅਤੇ ਦੇਖੋ। ਸੋਧ/ਵਾਧਾ/ਤਬਦੀਲੀਆਂ, ਜੇਕਰ ਕੋਈ ਹੋਣ, ਕੇਵਲ ਉਕਤ ਵੈਬਸਾਈਟਾਂ 'ਤੇ ਹੀ ਪਾਈਆਂ ਜਾਣਗੀਆਂ।

ਸਹੀ/-
ਕਾਰਜਕਾਰੀ ਇੰਜੀਨੀਅਰ (ਸੀ-1)
ਪੀਏਯੂ, ਲੁਧਿਆਣਾ
Ro No. PR Advt.No: 3853/12/2026-27/11460/Dated CHD :12.05.2025

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
(Regd. Office: PSEB Head Office, The Mall, Patiala)
Corporate Identification Number : U40109PB2010SGC033813
Website : www.pspcl.in
Contact No. 96461-19170

ਟੈਂਡਰ ਇਨਕੁਆਰੀ ਨੰ: 14/CCM/LDH/2026-27 **ਮਿਤੀ : 11.05.2026**

ਸੀਨੀਅਰ ਕਾਰਜਕਾਰੀ ਇੰਜੀਨੀਅਰ ਸਿਵਲ ਨਿਰਮਾਣ ਅਤੇ ਸੰਭਾਲ ਮੰਡਲ, ਕੋਠੀ ਨੰ. ਏ-2, ਪਾਵਰ ਕਲੋਨੀ ਨੰ. 1, ਫਿਰੋਜ਼ਪੁਰ ਰੋਡ, ਸਰਾਭਾ ਨਗਰ, ਪੀ.ਐਸ.ਪੀ.ਸੀ.ਐਲ., ਲੁਧਿਆਣਾ ਦੇ ਦਫ਼ਤਰ ਵੱਲੋਂ Water proofing & other civil mtc. works at Aggar Nagar division PSPCL, Ludhiana ਦਾ ਟੈਂਡਰ ਭਰਨ ਵਾਸਤੇ ਸੱਦਾ ਦਿੱਤਾ ਜਾ ਰਿਹਾ ਹੈ। ਇਸ ਦੀ ਵਧੇਰੀ ਜਾਣਕਾਰੀ ਵਾਸਤੇ ਸੀਨੀਅਰ ਕਾਰਜਕਾਰੀ ਇੰਜੀਨੀਅਰ ਸਿਵਲ ਨਿਰਮਾਣ ਅਤੇ ਸੰਭਾਲ ਮੰਡਲ ਲੁਧਿਆਣਾ, ਕੋਠੀ ਨੰ. ਏ-2 ਪਾਵਰ ਕਲੋਨੀ ਨੰ. 1 ਫਿਰੋਜ਼ਪੁਰ ਰੋਡ, ਸਰਾਭਾ ਨਗਰ, ਪੀ.ਐਸ.ਪੀ.ਸੀ.ਐਲ., ਲੁਧਿਆਣਾ ਨੂੰ ਸੰਪਰਕ ਕੀਤਾ ਜਾਵੇ।
ਨੋਟ :- ਕੋਰੀਜ਼ੰਡਮ ਅਤੇ ਜੋੜ (ਜੇਕਰ ਕੋਈ ਹੈ), https://pspcl.in ਤੇ ਅਪਲੋਡ ਕੀਤਾ ਜਾਵੇਗਾ।
C 569 / 26
Ro No. PR-Advt. No. 1079 / 12 / 2026-27 / 11461 / Dated CHD : 12.05.2026

ਨਗਰ ਨਿਗਮ ਚੰਡੀਗੜ੍ਹ
ਟੈਂਡਰ ਸੂਚਨਾ

ਲ. ਨੰ.	ਕੰਮ ਦਾ ਨਾਮ	ਬੋਲੀ ਜਮ੍ਹਾਂ ਸੂਚੀ (ਆਨਲਾਈਨ)	ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ)
	ਕਾਰਜਕਾਰੀ ਇੰਜੀਨੀਅਰ - ਸੜਕਾਂ ਡਿਵੀਜ਼ਨ ਨੰ.1		
1.	PH ਦੇ ਵਿਰੁੱਧ ਬਹਾਲੀ ਦਾ ਕੰਮ "SWD ਸਿਸਟਮ ਨੂੰ ਮਜ਼ਬੂਤ ਕਰਨ ਦਾ ਕੰਮ, ਦੱਖਣ ਮਾਰਗ ਅਤੇ ਸਰੋਵਰ ਮਾਰਗ 'ਤੇ ਬੰਦ/ਬੰਦ SWD ਸਿਸਟਮ ਦੇ ਵਿਰੁੱਧ ਮੀਂਹ ਦੇ ਪਾਣੀ ਦੇ ਸੁਚਾਰੂ ਨਿਪਟਾਰੇ ਲਈ 900mm, 600mm, 450mm ਅਤੇ 300mm SWD ਪਾਈਪ ਲਾਈਨ ਪ੍ਰਦਾਨ ਕਰਨਾ ਅਤੇ ਵਿਛਾਉਣਾ, ਜਿਸ ਵਿੱਚ ਸੈਕਟਰ 34 ਵਿਖੇ ਮੁਕਟ ਹਸਪਤਾਲ ਦੇ ਨੇੜੇ V-5 ਸੜਕ ਸ਼ਾਮਲ ਹੈ, SDE MCPH ਸਬ ਡਿਵੀਜ਼ਨ ਨੰਬਰ 18, ਚੰਡੀਗੜ੍ਹ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। (ਸੀਐੱਚ. ਨੂ: 4217 (P) SWD ਸਿਸਟਮ)। ਅੰਦਾਜ਼ਨ ਲਾਗਤ: 30.85 ਲੱਖ ਰੁਪਏ ਬਿਆਨਾ ਰਕਮ: 61,710/- ਰੁਪਏ ਸਮਾਂ ਹੱਦ: 01 ਮਹੀਨਾ	13.05.2026 To 20.05.2026 upto 12.00 noon	20.05.2026 12.00 noon
2.	ਮਾਰਕੀਟ ਸੈਕਟਰ 38-ਸੀ ਅਤੇ ਡੀ, ਚੰਡੀਗੜ੍ਹ ਦਾ ਅਪਗ੍ਰੇਡੇਸ਼ਨ। ਕੈਪਿਟਲ ਹੈੱਡ: ਸੜਕਾਂ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਸੁਧਾਰ। ਅੰਦਾਜ਼ਨ ਲਾਗਤ: 43.51 ਲੱਖ ਰੁਪਏ ਬਿਆਨਾ ਰਕਮ: 1,09,910/- ਰੁਪਏ ਸਮਾਂ ਸੀਮਾ: 02 ਮਹੀਨੇ	13.05.2026 To 20.05.2026 upto 12.00 noon	20.05.2026 12.00 noon
3.	ਸੈਕਟਰ 34-ਡੀ ਚੰਡੀਗੜ੍ਹ ਵਿੱਚ ਪਾਰਕਾਂ ਦੇ ਆਲੇ-ਦੁਆਲੇ ਪੇਵਰ ਬਲਾਕਾਂ ਦੀ ਮੁਰੰਮਤ ਅਤੇ ਉੱਚਾ ਚੁੱਕਣਾ। ਕੈਪਿਟਲ ਹੈੱਡ: ਸੜਕਾਂ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਸੁਧਾਰ÷ ਅੰਦਾਜ਼ਨ ਲਾਗਤ: 54.96 ਲੱਖ ਰੁਪਏ ਬਿਆਨਾ ਰਕਮ: 1,09,910/- ਰੁਪਏ ਸਮਾਂ ਹੱਦ: 02 ਮਹੀਨੇ	13.05.2026 To 20.05.2026 upto 12.00 noon	20.05.2026 12.00 noon
4.	ਸੈਕਟਰ 35 ਏ ਅਤੇ ਬੀ ਚੰਡੀਗੜ੍ਹ ਦੇ ਪਾਰਕਾਂ ਦੇ ਆਲੇ-ਦੁਆਲੇ ਪੇਵਰ ਬਲਾਕਾਂ ਦੀ ਮੁਰੰਮਤ ਅਤੇ ਉੱਚਾ ਚੁੱਕਣਾ। ਕੈਪਿਟਲ ਹੈੱਡ: ਸੜਕਾਂ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਸੁਧਾਰ÷ ਅੰਦਾਜ਼ਨ ਲਾਗਤ: 49.28 ਲੱਖ ਰੁਪਏ ਬਿਆਨਾ ਰਕਮ: 98,553/- ਰੁਪਏ ਸਮਾਂ ਹੱਦ: 02 ਮਹੀਨੇ	13.05.2026 To 20.05.2026 upto 12.00 noon	20.05.2026 12.00 noon
5.	ਸੈਕਟਰ 35 ਸੀ ਅਤੇ ਡੀ ਚੰਡੀਗੜ੍ਹ ਵਿੱਚ ਪਾਰਕ ਦੇ ਆਲੇ-ਦੁਆਲੇ ਪੇਵਰ ਬਲਾਕਾਂ ਦੀ ਉੱਚਾਈ ਅਤੇ ਮੁਰੰਮਤ। ਕੈਪਿਟਲ ਹੈੱਡ: ਸੜਕਾਂ/ਪਾਰਕਿੰਗ ਸਥਾਨਾਂ ਅਤੇ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਦਾ ਸੁਧਾਰ ਅੰਦਾਜ਼ਨ ਲਾਗਤ: 52.02 ਲੱਖ ਰੁਪਏ ਬਿਆਨਾ ਰਕਮ: 1,04,045/- ਰੁਪਏ ਸਮਾਂ ਹੱਦ: 02 ਮਹੀਨੇ	13.05.2026 To 20.05.2026 upto 12.00 noon	20.05.2026 12.00 noon
	ਕਾਰਜਕਾਰੀ ਇੰਜੀਨੀਅਰ - ਸੜਕਾਂ ਡਿਵੀਜ਼ਨ ਨੰ. 2		
6.	ਚੰਡੀਗੜ੍ਹ ਦੇ ਬਿਜ਼ਨਸ ਐਂਡ ਇੰਡਸਟਰੀਅਲ ਏਰੀਆ ਪਾਰਕ-1 ਵਿੱਚ ਸੁਖਨਾ ਚੋਅ ਵਿਖੇ ਮਾਨਸੂਨ ਵਿੱਚ ਭਾਰੀ ਮੀਂਹ ਦੌਰਾਨ ਹੋਏ ਨੁਕਸਾਨ ਦੀ ਮੁਰੰਮਤ। ਅੰਦਾਜ਼ਨ ਲਾਗਤ: 43.23 ਲੱਖ ਬਿਆਨਾ ਰਕਮ: 86,480/- ਰੁਪਏ ਸਮਾਂ ਹੱਦ: 23 ਮਹੀਨੇ	11.05.2026 To 18.05.2026 upto 12.00 noon	18.05.2026 at 12.00 noon
7.	ਐਮਐਚਸੀ, ਮਨੀਮਾਜਰਾ, ਚੰਡੀਗੜ੍ਹ ਵਿਖੇ ਗੇਟ ਨੰਬਰ 3 ਤੋਂ ਅੰਡਰਪਾਸ ਤੱਕ ਮਾਰਕੀਟ ਖੇਤਰ ਦਾ ਅਪਗ੍ਰੇਡੇਸ਼ਨ ਅਤੇ ਪੈਦਲ ਚੱਲਣ ਵਾਲੇ ਰਸਤੇ ਦਾ ਪੁਨਰ ਨਿਰਮਾਣ। ਅੰਦਾਜ਼ਨ ਲਾਗਤ: 42.51 ਲੱਖ ਬਿਆਨਾ ਰਕਮ: 85,023/- ਰੁਪਏ ਸਮਾਂ ਹੱਦ: 04 ਮਹੀਨੇ	13.05.2026 To 20.05.2026 upto 12.00 noon	20.05.2026 at 12.00 noon
	ਕਾਰਜਕਾਰੀ ਇੰਜੀਨੀਅਰ - SWM ਡਿਵੀਜ਼ਨ		
8.	ਸੈਕਟਰ-43, ਚੰਡੀਗੜ੍ਹ ਦੇ ਵੱਖ-ਵੱਖ ਸਥਾਨਾਂ 'ਤੇ ਮੀਂਹ ਦੇ ਪਾਣੀ ਦੇ ਸੁਚਾਰੂ ਨਿਕਾਸ ਲਈ ਸਟੋਰਮ ਵਾਟਰ ਡਰੇਨੇਜ ਸਿਸਟਮ ਨੂੰ ਮਜ਼ਬੂਤ ਕਰਨਾ। ਅੰਦਾਜ਼ਨ ਰਕਮ: 26,20,544/- ਰੁਪਏ ਬਿਆਨਾ ਰਕਮ: 52,411/- ਰੁਪਏ ਸਮਾਂ ਮਿਆਦ: 06 ਮਹੀਨੇ ਟੈਂਡਰ ਫੀਸ: 3,000/- ਰੁਪਏ	12.05.2026 at 5:00 P.M To 22.05.2026 at 03:00 P.M	22.05.2026 at 03:15 P.M

ਨੋਟ:- 1) ਟੈਂਡਰ ਨੋਟਿਸ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਸਮੇਤ ਵੈੱਬਸਾਈਟ www.chandigarh.gov.in ਜਾਂ etenders.chd.nic.in 'ਤੇ ਉਪਲਬਧ/ਅੱਪਲੋਡ ਕੀਤਾ ਜਾ ਸਕਦਾ ਹੈ।

ਕਾਰਜਕਾਰੀ ਇੰਜੀਨੀਅਰ
ਰੋਡਜ਼ ਡਿਵੀਜ਼ਨ ਨੰ.1, ਕਮਰਾ ਨੰ.304, ਐਮ.ਸੀ. ਚੰਡੀਗੜ੍ਹ।(ਓ) 0172-5021626
ਰੋਡਜ਼ ਡਿਵੀਜ਼ਨ ਨੰ.2, ਕਮਰਾ ਨੰ.304, ਐਮ.ਸੀ. ਚੰਡੀਗੜ੍ਹ ਅਤੇ SWM ਡਿਵੀਜ਼ਨ, ਕਮਰਾ ਨੰਬਰ 612, 6ਵੀਂ ਮੰਜ਼ਿਲ, ਨਵੀਂ ਡੀਲਕਸ ਬਿਲਡਿੰਗ, MC ਸੈਕਟਰ-17, ਚੰਡੀਗੜ੍ਹ
ਈਮੇਲ ਆਈਡੀ: mcc.swm2020@gmail.com

ਸਿਹਤਨਾਮਾ

ਮਾਨਸਿਕ ਸਿਹਤ ਇੱਕੀਵੀਂ ਸਦੀ ਦੀ ਸਭ ਤੋਂ ਵੱਡੀ ਚੁਣੌਤੀ

ਸਿਆਣੇ ਕਹਿੰਦੇ ਹਨ ਕਿ 'ਦਰਦ ਦਾ ਡਰ' ਦਰਦ ਨਾਲੋ ਭਿਆਨਕ ਹੁੰਦਾ ਹੈ। ਇਹ ਕਥਨ ਮਾਨਸਿਕ ਤੰਦਰੁਸਤੀ ਦੀ ਮਹੱਤਤਾ ਨੂੰ ਸਪੱਸ਼ਟ ਕਰਨ ਲਈ ਕਾਫੀ ਹੈ। ਜਦੋ ਅਸੀ ਕਿਸੇ ਨੂੰ ਤੰਦਰੁਸਤੀ ਦੀ ਕਸੌਟੀ 'ਤੇ ਪਰਖਦੇ ਹਾਂ ਤਾਂ ਅਕਸਰ ਸਰੀਰਕ ਤੌਰ 'ਤੇ ਰਿਸ਼ਟ-ਪੁਸ਼ਟ ਵਿਅਕਤੀ ਨੂੰ ਤੰਦਰੁਸਤ ਮੰਨ ਲਿਆ ਜਾਂਦਾ ਹੈ। ਕੁੱਝ ਵਿਅਕਤੀ ਤਾਂ ਤੰਦਰੁਸਤੀ ਅਤੇ ਸਰੀਰਕ ਸਿਹਤ ਨੂੰ ਇੱਕ-ਦੂਜੇ ਦੀ ਥਾਂ 'ਤੇ ਵੀ ਵਰਤ ਲੈਂਦੇ ਹਨ ਪਰ ਆਧੁਨਿਕਤਾ ਦੇ ਦੌਰ 'ਚ ਸਮੇ ਨੇ ਜੋ ਰਫ਼ਤਾਰ ਫੜੀ ਹੈ, ਉਸ ਨੂੰ ਦੇਖ ਕੇ ਕਿਹਾ ਜਾ ਸਕਦਾ ਹੈ ਕਿ ਰਵਾਇਤੀ ਪਰਿਭਾਸ਼ਾਵਾਂ 'ਤੇ ਪੁਨਰਵਿਚਾਰ ਕੀਤਾ ਜਾਵੇ। ਆਧੁਨਿਕ ਮਸ਼ੀਨੀਕਰਨ ਦੇ ਦੌਰ ਵਿੱਚ ਲਾਜ਼ਮੀ ਹੈ ਕਿ ਸਰੀਰਕ ਦੇ ਨਾਲ-ਨਾਲ ਮਾਨਸਿਕ ਸਿਹਤ ਨੂੰ ਵੀ ਤਵੱਜੋ ਦਿੱਤੀ ਜਾਵੇ। ਅਜੀਬ ਗੱਲ ਹੈ ਕਿ ਦੇਸ਼-ਵਿਦੇਸ਼ ਤੋਂ ਆ ਰਹੀਆਂ ਬਹੁਤੀਆਂ ਖ਼ਬਰਾਂ ਭਾਵੇਂ ਤਣਾਅ ਦੇਣ ਵਾਲੀਆਂ ਹੋਣ ਪਰ ਇਨ੍ਹਾਂ ਖ਼ਬਰਾਂ ਤੋਂ ਦੂਰ ਹੋਣ ਦਾ ਜੋਖ਼ਮ ਵੀ ਅਸੀ ਨਹੀ ਉਠਾ ਸਕਦੇ।

ਮੌਜੂਦਾ ਸਮੇਂ ਵਿੱਚ ਚਿਕਿਤਸਾ ਵਿਗਿਆਨ ਨੇ ਬਹੁਤੀਆਂ ਸਰੀਰਕ ਬਿਮਾਰੀਆਂ 'ਤੇ ਕਾਬੂ ਪਾ ਲਿਆ ਹੈ ਪਰ ਮਾਨਸਿਕ ਬਿਮਾਰੀਆਂ ਦੇ ਸੰਬੰਧ ਵਿੱਚ ਤਸਵੀਰ ਬਿਲਕੁਲ ਅਲੱਗ ਹੈ। ਸ਼ਾਇਦ ਇਸ ਦਾ ਸਭ ਤੋਂ ਅਹਿਮ ਕਾਰਨ ਇਹ ਹੈ ਕਿ ਅਜੇ ਤੱਕ ਸਾਡੇ ਸਮਾਜ ਵਿੱਚ 'ਮਾਨਸਿਕ ਰੋਗੀ' ਨੂੰ ਹੀਣਤਾ ਦੀ ਭਾਵਨਾ ਨਾਲ ਦੇਖਿਆ ਜਾਂਦਾ ਹੈ। ਅਜਿਹੀ ਸਥਿਤੀ ਵਿੱਚ ਕਈ ਵਾਰ ਇਹ ਵੀ ਹੁੰਦਾ ਹੈ ਕਿ ਵਿਅਕਤੀ ਹਾਲੋ ਬੇਹਾਲ ਹੁੰਦੇ ਹੋਏ ਵੀ ਖ਼ੁਦ ਜਾਂ ਉਸ ਦੇ ਸਕੇ ਸੰਬੰਧੀ ਉਸ ਨੂੰ 'ਮਾਨਸਿਕ ਬਿਮਾਰ' ਕਹਿਣ ਤੋਂ ਝਿਜਕਦੇ ਹਨ। ਇਸ ਮਨੋਬਿਰਤੀ ਨੂੰ ਬਦਲਣ ਦੀ ਲੋੜ ਹੈ।

ਸਾਨੂੰ ਸਮਝਣਾ ਪਵੇਗਾ ਕਿ ਸਰੀਰ ਦੀ ਤਰ੍ਹਾਂ ਮਨ ਵੀ ਬਿਮਾਰ ਹੋ ਸਕਦਾ ਹੈ ਅਤੇ ਮਾਨਸਿਕ ਇਲਾਜ ਵੀ ਸਰੀਰਕ ਇਲਾਜ ਵਾਂਗ ਹੀ ਹੁੰਦਾ ਹੈ। ਇਸ ਬਾਰੇ ਸਮਾਜ ਦੇ ਹਰ ਵਰਗ ਨੂੰ ਜਾਗਰੂਕ ਕਰਨਾ ਪਵੇਗਾ। ਸਾਡੇ ਸਮਾਜ ਦਾ ਇੱਕ ਹਿੱਸਾ ਅਜੇ ਤੱਕ ਵੀ ਸਟੀਕ ਮੈਡੀਕਲ ਸਹਾਇਤਾ ਤੱਕ ਪਹੁੰਚ ਕਰਨ ਦੀ ਬਜਾਏ 'ਓਹੜ ਪੋਹੜ' ਨੂੰ ਤਰਜੀਹ ਦਿੰਦਾ ਹੈ। ਕਈ ਵਾਰ ਅਜਿਹਾ ਵੀ ਦੇਖਣ ਵਿੱਚ ਆਉਂਦਾ ਹੈ ਕਿ ਚੰਗੇ ਸੂਝਵਾਨ ਲੋਕ ਵੀ ਬਿਮਾਰੀ ਦੇ ਅਸਲ ਕਾਰਨ ਦੀ ਥਾਂ ਉਸਦੇ ਲੱਛਣਾਂ ਦੇ ਇਲਾਜ 'ਤੇ ਹੀ ਸਮਾਂ ਅਤੇ ਪੈਸਾ ਬਰਬਾਦ ਕਰਦੇ ਹਨ। ਮਨੋਵਿਗਿਆਨ ਤਾਂ ਇੱਥੋ ਤੱਕ ਕਹਿੰਦਾ ਹੈ ਕਿ ਸ਼ੁਰੂ ਵਿੱਚ ਹਰੇਕ ਬਿਮਾਰੀ ਹੁੰਦੀ ਹੀ ਮਨੋਵਿਗਿਆਨਕ ਹੈ। ਸਮਾਜ ਦੇ ਹਰ ਕੋਨੇ ਤੱਕ ਇਹ ਗੱਲ ਸਪੱਸ਼ਟ ਰੂਪ ਵਿੱਚ ਲਿਜਾਣ ਦੀ ਲੋੜ ਹੈ ਕਿ ਜਿੰਨੀ ਜਲਦੀ ਕਿਸੇ ਬਿਮਾਰੀ ਦੀ ਸ਼ਨਾਖਤ ਹੋ ਜਾਂਦੀ ਹੈ, ਉਸਦੇ ਇਲਾਜ ਲਈ ਓਨੀ ਘੱਟ ਮੁਸ਼ੱਕਤ ਕਰਨੀ ਪੈਦੀ ਹੈ। ਇਸ ਨਾਲ ਜਿੱਥੇ ਫਾਲਤੂ ਭੱਜ ਦੌੜ ਤੋਂ ਨਿਜਾਤ ਮਿਲਦੀ ਹੈ, ਉੱਥੇ ਹੀ ਮਿਹਨਤ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ। ਨਵੀ ਅਤੇ ਪੁਰਾਣੀ ਪੀੜ੍ਹੀ ਦੇ ਵਿਚਾਰਾਂ ਵਿਚਕਾਰਲਾ ਫਾਸਲਾ ਵੀ ਮਾਨਸਿਕ ਤਣਾਅ ਵਧਾਉਦਾ ਹੈ। ਇਸ ਦਾ ਅਸਰ ਦੋਵਾਂ ਧਿਰਾਂ 'ਤੇ ਦੇਖਿਆ ਜਾਂਦਾ ਹੈ।

ਨਵੀ ਪੀੜ੍ਹੀ ਦੇ ਬੱਚਿਆਂ ਨੂੰ ਜਿੱਥੇ ਨਿੱਤ ਨਵੀ ਬਦਲਦੀ ਤਕਨੀਕ ਨਾਲ

ਪਰਵਿੰਦਰ ਸਿੰਘ ਢੀਂਡਸਾ

ਆਪਣੇ-ਆਪ ਨੂੰ ਅਪਡੇਟ ਰੱਖਣ ਦੀ ਚੁਣੌਤੀ ਨਾਲ ਜੂਝਣਾ ਪੈਦਾ ਹੈ, ਉੱਥੇ ਪੁਰਾਣੀ ਪੀੜ੍ਹੀ ਆਧੁਨਿਕ ਸੂਰਤ-ਏ-ਹਾਲ ਨੂੰ ਵੀ ਆਪਣੇ ਤਜਰਬੇ ਦੀ ਐਨਕ ਨਾਲ ਦੇਖਦੀ ਹੈ। ਸੋ ਆਪੋ-ਆਪਣੀ ਜਗ੍ਹਾ ਦੋਵੇ ਠੀਕ ਹੋਣ ਦੇ ਬਾਵਜੂਦ ਇੱਕ ਦੂਜੇ ਦੇ ਮਾਨਸਿਕ ਤਣਾਅ ਦਾ ਕਾਰਨ ਬਣਦੇ ਹਨ। ਸਾਨੂੰ ਤਸਲੀਮ ਕਰਨਾ ਪਵੇਗਾ ਕਿ ਨਾ ਤਾਂ ਮੌਜੂਦਾ ਸਮੇ ਹਰੇਕ ਕੰਮ ਪੁਰਾਣੇ ਵਸੀਲਿਆਂ ਨਾਲ ਹੋ ਸਕਦਾ ਹੈ ਅਤੇ ਨਾ ਹੀ ਆਧੁਨਿਕਤਾ ਦੇ ਨਾਲ ਕਦਮ ਮਿਲਾਉਣ ਲਈ ਪੁਰਾਣੀ ਪੀੜ੍ਹੀ ਦੇ ਤਜਰਬਿਆਂ ਨੂੰ ਮੁੱਢੋ ਨਕਾਰਨ ਦੀ ਲੋੜ ਹੈ। ਵਿਚਕਾਰਲਾ ਰਸਤਾ ਹਮੇਸ਼ਾ ਖੁੱਲ੍ਹਾ ਹੈ, ਸੋ ਸਮਝਦਾਰੀ ਇਸੇ ਵਿੱਚ ਹੈ ਕਿ ਆਧੁਨਿਕ ਅਤੇ ਤਜਰਬੇਕਾਰ ਲੋਕ ਇੱਕ-ਦੂਜੇ ਦੀ ਅਹਿਮੀਅਤ ਅਤੇ ਲੋੜਾਂ ਨੂੰ ਬਣਦਾ ਮਾਣ-ਸਨਮਾਨ ਦੇਣ। 'ਭਾਵਨਾਵਾਂ ਦਾ ਦਮਨ ਕਰਨਾ' ਮਾਨਸਿਕ ਰੋਗਾਂ ਦਾ ਕਾਰਨ ਬਣਦਾ ਹੈ। ਸਾਡੇ ਸਮਾਜ ਵਿੱਚ 'ਕਿਸੇ ਦੂਸਰੇ ਵਿਅਕਤੀ ਦੀ ਥਾਂ 'ਤੇ ਆਪਣੇ-ਆਪ ਨੂੰ ਰੱਖ ਕੇ ਦੇਖਣ ਦੀ ਪ੍ਰਵਿਰਤੀ' (empathy) ਦੀ ਘਾਟ ਵੀ ਮਾਨਸਿਕ ਵਿਗਾੜਾਂ ਦਾ ਇੱਕ ਮਹੱਤਵਪੂਰਨ ਕਾਰਨ ਹੈ। ਸਾਡਾ ਸਮਾਜ ਰਿਸ਼ਤਿਆਂ ਨੂੰ ਬਹੁਤ ਅਹਿਮੀਅਤ ਦਿੰਦਾ ਹੈ, ਪਰ ਰਿਸ਼ਤੇ, ਆਧੁਨਿਕਤਾ ਅਤੇ ਮਾਨਸਿਕ ਸਿਹਤ ਦੇ ਪੱਲੜਿਆਂ ਵਿਚਲਾ ਤਵਾਜ਼ਨ ਹੀ ਸਿਹਤਯਾਬ ਤੇ ਮਜ਼ਬੂਤ ਸ਼ਖ਼ਸੀਅਤ ਦੀ ਜਾਮਨੀ ਦੇ ਸਕਦਾ ਹੈ। ਤਣਾਅ ਅਤੇ ਚਿੰਤਾ ਇੱਕੀਵੀ ਸਦੀ ਦੇ ਮਸ਼ੀਨੀਕਰਨ ਦੁਆਰਾ ਮੌਜੂਦਾ ਪੀੜ੍ਹੀ ਦੇ ਰੂ-ਬ-ਰੂ ਕੀਤੀਆਂ ਦੋ ਅਜਿਹੀਆਂ ਅਲਾਮਤਾਂ ਹਨ ਜਿਨ੍ਹਾਂ ਤੋਂ ਪਾਰ ਪਾਉਣਾ ਸਾਡੇ ਸਮਿਆਂ ਦੀ ਸਭ ਤੋਂ ਅਹਿਮ ਚੁਣੌਤੀ ਹੈ। ਸੋਸ਼ਲ ਮੀਡੀਆ ਵੀ ਸਥਿਤੀ ਨੂੰ ਵਿਗਾੜਨ ਵਿੱਚ ਯੋਗਦਾਨ ਪਾ ਰਿਹਾ ਹੈ। ਸੋਸ਼ਲ ਮੀਡੀਆ ਤੋਂ ਬਿਨਾਂ ਅਜੋਕਾ ਸੰਸਾਰ ਕਲਪਨਾ ਤੋਂ ਪਰ੍ਹੇ ਦੀ ਗੱਲ ਲੱਗਦਾ ਹੈ ਪਰ ਇਸ ਦੇ ਚੰਗੇ ਅਤੇ ਮਾੜੇ ਪੱਖ ਘੋਖ ਕੇ ਹੀ ਕਿਸੇ ਨਤੀਜੇ 'ਤੇ ਪਹੁੰਚਣਾ ਚਾਹੀਦਾ ਹੈ। ਸੰਯੁਕਤ ਪਰਿਵਾਰਾਂ ਦੇ ਮੁਕਾਬਲੇ ਇਕਹਿਰੇ ਪਰਿਵਾਰਾਂ ਵਿੱਚ ਮਾਨਸਿਕ ਸਿਹਤ ਵਿੱਚ ਵਿਗਾੜ ਪੈਣ ਦਾ ਖ਼ਦਸ਼ਾ ਜ਼ਿਆਦਾ ਰਹਿੰਦਾ ਹੈ। ਇਕਹਿਰੇ ਪਰਿਵਾਰ ਵਿੱਚ ਮਾਨਸਿਕ ਸਮੱਸਿਆਵਾਂ ਨਾ ਸਿਰਫ਼ ਖੁਦ ਨੂੰ ਸਗੋ ਪੂਰੇ ਪਰਿਵਾਰ ਨੂੰ ਪ੍ਰਭਾਵਿਤ ਕਰਦੀਆਂ ਹਨ। ਇਸ ਪਦਾਰਥਵਾਦੀ ਸਮੇ ਦੀ ਵਿਡੰਬਨਾ ਹੈ ਕਿ ਸੰਯੁਕਤ ਪਰਿਵਾਰ ਦਿਨ ਪ੍ਰਤੀ ਦਿਨ ਘਟ ਰਹੇ ਹਨ ਅਤੇ ਮਾਨਸਿਕ ਉਲਝਣਾਂ ਉਸੇ ਰਫ਼ਤਾਰ ਨਾਲ ਵਧ ਰਹੀਆਂ ਹਨ, ਇਸ ਲਈ ਇਕਹਿਰੇ ਪਰਿਵਾਰਾਂ ਵਿੱਚ ਰਹਿ ਰਹੇ ਲੋਕਾਂ ਨੂੰ ਆਪਣੀ ਮਾਨਸਿਕ ਸਿਹਤ ਨੂੰ ਖ਼ਾਸ ਤਵੱਜੋ ਦੇਣੀ ਚਾਹੀਦੀ ਹੈ ਤਾਂ ਕਿ ਪੂਰੇ ਪਰਿਵਾਰ ਨੂੰ ਕਿਸੇ ਵੀ ਕਿਸਮ ਦੀ ਮਾਨਸਿਕ ਚੁਣੌਤੀ ਤੋਂ ਮਹਿਫ਼ੂਜ਼ ਰੱਖਿਆ ਜਾ ਸਕੇ।

ਉਪਰੋਕਤ ਚਰਚਿਤ ਕੁਝ ਕਾਰਨ ਹਨ ਜੋ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੇ ਹਨ। ਪਰ ਚੇਤੇ ਰੱਖਣਾ ਚਾਹੀਦਾ ਹੈ ਕਿ 'ਕਾਰਨਾਂ ਦੀ ਇਹ ਸੂਚੀ' ਉਪਰੋਕਤ ਚਰਚਾ ਤੱਕ ਮਹਿਦੂਦ ਨਹੀ ਹੈ ਸਗੋ ਹੋਰ ਅਨੇਕਾਂ ਅਜਿਹੇ ਤੱਥ ਵੀ ਹੋ ਸਕਦੇ ਹਨ ਜਿਨ੍ਹਾਂ ਨੂੰ ਸੂਚੀਬੱਧ ਕਰਨਾ ਲਗਪਗ ਨਾਮੁਮਕਿਨ ਹੈ। ਕੁਝ ਵਿਸ਼ੇਸ਼ ਹਾਲਾਤ ਵਿੱਚ ਕੁਝ ਵੱਖਰੀ ਕਿਸਮ ਦੇ ਕਾਰਕ ਵੀ ਮਾਨਸਿਕ ਸਿਹਤ ਨੂੰ ਪਰਿਭਾਸ਼ਤ ਕਰਨ ਵਿੱਚ ਯੋਗਦਾਨ ਪਾ ਸਕਦੇ ਹਨ ਪਰ ਇਹ ਲਗਪਗ ਪੂਰਨ ਰੂਪ ਵਿੱਚ ਸਪੱਸ਼ਟ ਹੈ ਕਿ ਮਾਨਸਿਕ ਪਹਿਲੂਆਂ ਅਤੇ ਹਾਲਾਤ ਵਿੱਚ ਤਵਾਜ਼ਨ ਕਿਸੇ ਸ਼ਖ਼ਸੀਅਤ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਹੰਤਾਵਾਇਰਸ: ਚਰਚਾ ਵਿੱਚ ਆਏ ਇਸ ਵਾਇਰਸ ਦੇ ਲੱਛਣ ਕੀ ਹਨ ?

ਫੈਲਦਾ ਕਿਵੇਂ ਹੈ ਤੇ ਕੀ ਇਸਦਾ ਇਲਾਜ ਮੁਹੱਈਆ ਹੈ ?

ਜਿਸ ਸਮੁੰਦਰੀ ਜਹਾਜ਼ 'ਤੇ ਹੰਤਾ ਵਾ ਦਾ ਪ੍ਰਕੋਪ ਫੈਲਿਆ ਸੀ, ਉਹ ਇਸ ਹਫ਼ਤੇ ਦੇ ਅੰਤ ਤੱਕ ਕੈਨਰੀ ਆਇਲੈਂਡਜ਼ ਵਿੱਚ ਡੌਕ ਕਰਨ ਵਾਲਾ ਹੈ। ਐਮਵੀ ਹੋਂਡੀਅਸ ਨਾਮ ਦੇ ਇਸ ਜਹਾਜ਼ ਵਿੱਚ ਸਫ਼ਰ ਕਰ ਰਹੇ ਪੰਜ ਲੋਕਾਂ ਵਿੱਚ ਵਾਇਰਸ ਹੋਣ ਦੀ ਪੁਸ਼ਟੀ ਹੋਈ ਹੈ ਅਤੇ ਅੱਠ ਸ਼ੱਕੀ ਮਾਮਲੇ ਇਸ ਨਾਲ ਜੁੜੇ ਹਨ। ਡਬਲਯੂਐਚਓ ਦੇ ਮੁਤਾਬਕ, ਹੁਣ ਤੱਕ ਪੰਜ ਮਾਮਲਿਆਂ ਦੀ ਪੁਸ਼ਟੀ ਹੋਈ ਹੈ, ਜਿਨ੍ਹਾਂ ਵਿੱਚ ਤਿੰਨ ਮੌਤਾਂ ਵੀ ਸ਼ਾਮਲ ਹਨ। ਪੁਸ਼ਟੀ ਕੀਤੇ ਗਏ ਮਾਮਲਿਆਂ ਵਿੱਚ ਇੱਕ ਡੱਚ ਮਹਿਲਾ ਸ਼ਾਮਲ ਸਨ, ਜਿਨ੍ਹਾਂ ਦੀ ਮੌਤ ਹੋ ਗਈ ਹੈ। ਇਸ ਤੋ ਇਲਾਵਾ ਇੱਕ ਬ੍ਰਿਟਿਸ਼ ਯਾਤਰੀ ਜੋ ਦੱਖਣੀ ਅਫ਼ਰੀਕਾ ਵਿੱਚ ਇੰਟੈਂਸਿਵ ਕੇਅਰ ਵਿੱਚ ਹਨ ਅਤੇ ਇੱਕ ਸਵਿਸ ਯਾਤਰੀ ਹਨ, ਜਿਨ੍ਹਾਂ ਦਾ ਜ਼ਿਊਰਿਖ਼ ਦੇ ਇੱਕ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਸ਼ੱਕੀ ਮਾਮਲਿਆਂ ਵਿੱਚ ਇੱਕ ਬ੍ਰਿਟਿਸ਼ ਪੁਰਸ਼, ਇੱਕ ਡੱਚ ਕਰੂ ਮੈਂਬਰ ਅਤੇ ਇੱਕ ਜਰਮਨ ਨਾਗਰਿਕ ਸ਼ਾਮਲ ਹਨ। ਇਨ੍ਹਾਂ ਵਿੱਚੋ ਦੋ ਇਲਾਜ ਲਈ ਨੀਦਰਲੈਂਡਜ਼ ਪਹੁੰਚ ਚੁੱਕੇ ਹਨ, ਜਦਕਿ ਤੀਜੇ ਵਿਅਕਤੀ ਦੀ ਹਾਲਤ ਸਥਿਰ ਹੈ। ਇਨ੍ਹਾਂ ਵਿੱਚੋ ਕਿਸੇ ਦਾ ਵੀ ਹੰਤਾ ਵਾਇਰਸ ਟੈਸਟ ਪਾਜ਼ਿਟਿਵ ਨਹੀ ਆਇਆ ਹੈ, ਪਰ ਦੋ ਲੋਕਾਂ ਵਿੱਚ ਇਸ ਦੇ ਲੱਛਣ ਨਜ਼ਰ ਆਏ ਹਨ। ਦੋ ਹੋਰ ਬ੍ਰਿਟਿਸ਼ ਯਾਤਰੀ ਵਾਇਰਸ ਦੇ ਸੰਭਾਵਿਤ ਸੰਪਰਕ ਵਿੱਚ ਆਉਣ ਤੋਂ ਬਾਅਦ ਘਰ ਵਿੱਚ ਆਇਸੋਲੇਸ਼ਨ ਵਿੱਚ ਹਨ। ਬ੍ਰਿਟੇਨ ਦੀ ਸਿਹਤ ਸੁਰੱਖਿਆ ਏਜੰਸੀ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੀ ਯਾਤਰਾ ਦੇ ਸ਼ੁਰੂਆਤੀ ਦੌਰ ਵਿੱਚ ਹੀ ਜਹਾਜ਼ ਛੱਡ ਦਿੱਤਾ ਸੀ ਅਤੇ ਉਨ੍ਹਾਂ ਵਿੱਚ ਕੋਈ ਲੱਛਣ ਨਹੀ ਦਿੱਸੇ ਹਨ। ਇਹ ਜਹਾਜ਼ ਅਰਜਨਟੀਨਾ ਤੋਂ ਐਟਲਾਂਟਿਕ ਮਹਾਂਸਾਗਰ ਪਾਰ ਕਰਕੇ ਕੇਪ ਵਰਡੇ ਜਾ ਰਿਹਾ ਸੀ। ਅਮਰੀਕਾ ਦੇ ਦੋ ਸੂਬਿਆਂ, ਐਰਿਜ਼ੋਨਾ ਅਤੇ ਜਾਰਜੀਆ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਉਹ ਤਿੰਨ ਅਜਿਹੇ ਯਾਤਰੀਆਂ ਦੀ ਨਿਗਰਾਨੀ ਕਰ ਹਨ ਜੋ ਕਰੂਜ਼ ਦੇ ਕੇਪ ਵਰਡੇ ਪਹੁੰਚਣ ਤੋਂ ਪਹਿਲਾਂ ਹੀ ਉਸ ਤੋਂ ਉਤਰ ਕੇ ਅਮਰੀਕਾ ਵਾਪਸ ਆ ਗਏ ਸਨ। ਇਨ੍ਹਾਂ ਵਿੱਚੋ ਕਿਸੇ ਵਿੱਚ ਵੀ ਹੰਤਾ ਵਾਇਰਸ ਦੇ ਲੱਛਣ ਨਹੀ ਦਿਖ ਰਹੇ ਹਨ। ਕੁੱਲ ਮਿਲਾ ਕੇ, 23 ਦੇਸ਼ਾਂ ਦੇ 146 ਲੋਕ ਅਜੇ ਵੀ ਐਮਵੀ ਹੋਂਡੀਅਸ 'ਤੇ ਸਵਾਰ ਹਨ, ਜੋ ਕੈਨਰੀ ਆਇਲੈਂਡਜ਼ ਵੱਲ ਵੱਧ ਰਿਹਾ ਹੈ। ਉੱਥੇ ਪਹੁੰਚਣ 'ਤੇ ਘਰ ਵਾਪਸ ਜਾਣ ਤੋਂ ਪਹਿਲਾਂ ਉਨ੍ਹਾਂ ਸਾਰੇ ਲੋਕਾਂ ਦੀ ਮੈਡੀਕਲ ਜਾਂਚ ਕੀਤੀ ਜਾਵੇਗੀ।

ਹੰਤਾ ਵਾਇਰਸ ਦਾ ਐਂਡੀਜ਼ ਸਟ੍ਰੇਨ ਕੀ ਹੈ ?

ਹੰਤਾ ਵਾਇਰਸ ਦਾ ਨਾਮ ਦੱਖਣੀ ਕੋਰੀਆ ਦੀ ਇੱਕ ਨਦੀ ਦੇ ਨਾਮ 'ਤੇ ਰੱਖਿਆ ਗਿਆ ਹੈ। ਇਹ ਕਿਸੇ ਇੱਕ ਬਿਮਾਰੀ ਨੂੰ ਨਹੀ, ਸਗੋ ਵਾਇਰਸਾਂ ਦੇ ਇੱਕ ਪੂਰੇ ਪਰਿਵਾਰ ਨੂੰ ਦਰਸਾਉਂਦਾ ਹੈ। ਵਿਸ਼ਵ ਸਿਹਤ ਸੰਗਠਨ (ਡਬਲਯੂਐਚਓ) ਦੇ ਮੁਤਾਬਕ, ਇਨ੍ਹਾਂ ਵਾਇਰਸਾਂ ਦੀਆਂ 20 ਤੋਂ ਵੱਧ ਵੱਖ-ਵੱਖ ਪ੍ਰਜਾਤੀਆਂ ਹਨ। ਇਨ੍ਹਾਂ ਵਿੱਚੋ ਲਗਭਗ ਸਭ ਦਾ ਸਬੰਧ ਰੋਡੈਂਟਸ- ਭਾਵ ਕੁਤਰਣ ਵਾਲੇ ਜਾਨਵਰਾਂ ਤੋ ਹੋਣ ਵਾਲੇ ਸੰਕਰਮਣ ਨਾਲ ਹੈ, ਜੋ ਆਮ ਤੌਰ 'ਤੇ ਚੂਹਿਆਂ ਅਤੇ ਕਾਟੋਆਂ ਦੇ ਸੁੱਕੇ ਮਲ-ਮੂਤਰ ਤੋ ਹੁੰਦਾ ਹੈ। ਇਸ ਦੀ ਇੱਕ ਕਿਸਮ 'ਐਂਡੀਜ਼ ਵਾਇਰਸ' ਦੇ ਨਾਮ ਨਾਲ ਜਾਣੀ ਜਾਂਦੀ ਹੈ ਅਤੇ ਮੰਨਿਆ ਜਾਂਦਾ ਹੈ ਕਿ ਇਹ ਇਨਸਾਨਾਂ ਤੋ ਇਨਸਾਨਾਂ ਵਿੱਚ ਫੈਲਦਾ ਹੈ, ਹਾਲਾਂਕਿ ਅਜਿਹਾ ਬਹੁਤ ਘੱਟ ਹੁੰਦਾ ਹੈ। ਦੱਖਣੀ ਅਫ਼ਰੀਕਾ ਦੇ ਸਿਹਤ ਮੰਤਰੀ ਦੇ ਮੁਤਾਬਕ, ਦੋ ਯਾਤਰੀਆਂ ਵਿੱਚ ਇਸ ਦੀ ਪੁਸ਼ਟੀ ਹੋਈ ਹੈ, ਜਿਨ੍ਹਾਂ ਵਿੱਚੋ ਇੱਕ ਬ੍ਰਿਟਿਸ਼ ਵਿਅਕਤੀ ਜੋ ਜੋਹਾਨਸਬਰਗ ਦੇ ਹਸਪਤਾਲ ਵਿੱਚ ਭਰਤੀ ਹਨ ਅਤੇ ਇੱਕ ਡੱਚ ਮਹਿਲਾ ਜਿਨ੍ਹਾਂ ਦੀ ਮੌਤ ਹੋ ਗਈ ਹੈ। ਐਂਡੀਜ਼ ਵਾਇਰਸ ਮੁੱਖ ਤੌਰ 'ਤੇ ਅਰਜਨਟੀਨਾ ਅਤੇ ਚਿਲੀ ਵਿੱਚ ਪਾਇਆ ਜਾਂਦਾ ਹੈ। ਸਾਲ 2018 ਦੇ ਅੰਤ ਵਿੱਚ, ਅਰਜਨਟੀਨਾ ਵਿੱਚ ਇਸ ਵਾਇਰਸ ਦਾ ਪ੍ਰਕੋਪ ਫੈਲਿਆ ਸੀ। ਇਸ ਦਾ ਪਤਾ ਉਨ੍ਹਾਂ ਲੋਕਾਂ ਤੋ ਲੱਗਿਆ ਸੀ, ਜਿਨ੍ਹਾਂ ਨੇ ਇੱਕ ਪਾਰਟੀ ਵਿੱਚ ਹਿੱਸਾ ਲਿਆ ਸੀ। ਮੰਨਿਆ ਜਾਂਦਾ ਹੈ ਕਿ ਵਾਇਰਸ ਨਾਲ ਸੰਕਰਮਿਤ ਇੱਕੋ ਵਿਅਕਤੀ ਨੇ ਅਣਜਾਣੇ ਵਿੱਚ 34 ਲੋਕਾਂ ਵਿੱਚ ਇਹ ਵਾਇਰਸ ਫੈਲਾ ਦਿੱਤਾ ਸੀ, ਜਿਨ੍ਹਾਂ ਵਿੱਚੋ 11 ਲੋਕਾਂ ਦੀ ਮੌਤ ਹੋ ਗਈ ਸੀ।

ਅੱਗੇ ਕੀ ਹੋ ਸਕਦਾ ਹੈ

ਡਬਲਯੂਐਚਓ ਇਸ ਵਿਚਾਰ (ਧਾਰਣਾ) 'ਤੇ ਕੰਮ ਕਰ ਰਿਹਾ ਹੈ ਕਿ ਇਹ ਵਾਇਰਸ ਜਹਾਜ਼ 'ਤੇ ਇੱਕ ਵਿਅਕਤੀ ਤੋ ਦੂਜੇ ਵਿਅਕਤੀ ਵਿੱਚ ਬਹੁਤ ਨਜ਼ਦੀਕੀ ਸੰਪਰਕ ਨਾਲ ਅਤੇ ਚੂਹਿਆਂ ਵਰਗੇ ਜੀਵਾਂ ਦੇ ਸੰਪਰਕ ਨਾਲ ਫੈਲ ਸਕਦਾ ਹੈ। ਹੁਣ ਜਦੋ ਐਂਡੀਜ਼ ਵਾਇਰਸ ਦੀ ਪੁਸ਼ਟੀ ਹੋ ਗਈ ਹੈ, ਤਾਂ ਜਹਾਜ਼ 'ਤੇ ਮੌਜੂਦ ਯਾਤਰੀਆਂ ਅਤੇ ਕਰੂ ਲਈ ਉਸ ਤਰ੍ਹਾਂ ਦੀ ਸੋਸ਼ਲ ਡਿਸਟੈਂਸਿੰਗ (ਆਪਸ ਵਿੱਚ ਦੂਰੀ) ਦੀ ਪਾਲਣਾ ਕਰਨਾ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ, ਜਿਵੇਂ ਕਿ ਅਸੀ ਕੋਵਿਡ ਮਹਾਂਮਾਰੀ ਦੌਰਾਨ ਕੀਤੀ ਸੀ। ਲਾਗ ਦੇ ਖ਼ਤਰੇ ਨੂੰ ਘੱਟ ਕਰਨ ਲਈ ਯਾਤਰੀਆਂ ਨੂੰ ਫ਼ਿਲਹਾਲ ਉਨ੍ਹਾਂ ਦੇ ਕੈਬਿਨ ਤੱਕ ਹੀ ਸੀਮਿਤ ਰੱਖਿਆ ਗਿਆ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਲਾਗ ਵਾਲੇ ਮਰੀਜ਼ਾਂ ਨੂੰ ਅਲੱਗ ਰੱਖਣਾ, ਨਿਯਮਿਤ ਤੌਰ 'ਤੇ ਹੱਥ ਧੋਣਾ, ਨਜ਼ਦੀਕੀ ਸੰਪਰਕਾਂ ਦਾ ਪਤਾ ਲਗਾਉਣਾ ਅਤੇ ਉਨ੍ਹਾਂ 'ਤੇ ਨਜ਼ਰ ਰੱਖਣਾ, ਅਤੇ ਲਾਗ ਫੈਲਣ ਤੋਂ ਰੋਕਣ ਦੇ ਉਪਾਅ ਕਰਨਾ- ਇਹ ਸਾਰੇ ਇਸ ਬਿਮਾਰੀ ਦੇ ਫੈਲਾਅ ਨੂੰ ਰੋਕਣ ਲਈ ਬਹੁਤ ਅਹਿਮ ਹੋਣਗੇ।

ਲਾਗ ਦੀ ਸ਼ੁਰੂਆਤ ਕਿੱਥੋਂ ਅਤੇ ਕਿਵੇਂ ਹੋਈ ?

ਅਜੇ ਵੀ ਇਹ ਸਪਸ਼ਟ ਨਹੀ ਹੈ ਕਿ ਇਸ ਲਾਗ ਦੀ ਸ਼ੁ

ਸਬ ਡਵੀਜ਼ਨ ਪੱਟੀ ਅਤੇ ਭਿੱਖੀਵਿੰਡ ਦੀ ਹਦੂਦ ’ਚ ਹਥਿਆਰ ਲੈ ਕੇ ਚੱਲਣ ’ਤੇ ਪਾਬੰਦੀ

ਚੋਹਲਾ ਸਾਹਿਬ , 12 ਮਈ : (ਭਗਤ ਸਿੰਘ ਸੰਧੂ) : ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ, ਤਰਨ ਤਾਰਨ ਸ੍ਰੀ ਰਾਹੁਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਬ ਡਵੀਜ਼ਨ ਪੱਟੀ ਅਤੇ ਭਿੱਖੀਵਿੰਡ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਲਾਇਸੰਸੀ ਹਥਿਆਰ, ਗੋਲੀ-ਸਿੱਕਾ, ਵਿਸਫੋਟਕ ਸਮੱਗਰੀ, ਮਾਰੂ ਹਥਿਆਰ ਆਦਿ ਨਾਲ ਲੈ ਕੇ ਜਾਣ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਸਬ ਡਵੀਜ਼ਨ ਪੱਟੀ ਅਤੇ ਭਿੱਖੀਵਿੰਡ ਦੀ ਹਦੂਦ ਅੰਦਰ ਸਾਰੇ ਅਸਲਾ ਲਾਇਸੰਸ ਧਾਰਕਾਂ ਨੂੰ ਵੀ ਹੁਕਮ ਦਿੱਤਾ ਹੈ ਕਿ ਜਿਨ੍ਹਾਂ ਨੂੰ ਜ਼ਿਲ੍ਹਾ ਸਕ੍ਰੀਨਿੰਗ ਕਮੇਟੀ ਦੀ ਸਿਫਾਰਸ਼ ਤੇ ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਜਾਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਦੇ ਦਫ਼ਤਰ ਦੁਆਰਾ ਜਾਰੀ ਕੀਤਾ ਗਿਆ ਅਜਿਹਾ ਨੋਟਿਸ/ਆਰਡਰ ਪ੍ਰਾਪਤ ਹੁੰਦਾ ਹੈ, ਉਹ ਆਪਣੇ ਹਥਿਆਰ ਅਤੇ ਗੋਲੀ ਸਿੱਕਾ ਅਜਿਹੇ ਨੋਟਿਸ/ਆਰਡਰ ਪ੍ਰਾਪਤ ਹੋਣ ਦੇ 7 ਦਿਨਾਂ ਦੇ ਅੰਦਰ-ਅੰਦਰ ਲੋਕਲ ਥਾਣੇ ਜਾਂ ਮਨਜ਼ੂਰਸ਼ੁਦਾ ਅਸਲਾ ਡੀਲਰਾਂ ਪਾਸ ਜਮ੍ਹਾਂ ਕਰਵਾਉਣ।ਜਾਰੀ ਹੁਕਮਾਂ ਅਨੁਸਾਰ ਵਰਦੀਧਾਰੀ ਪੁਲਿਸ, ਫ਼ੌਜੀ ਜਾਂ ਨੀਮ ਫ਼ੌਜੀ ਜਵਾਨਾਂ ਨੂੰ ਇਨ੍ਹਾਂ ਹੁਕਮਾਂ ਤੋਂ ਛੋਟ ਹੋਵੇਗੀ। ਇਸੇ ਤਰ੍ਹਾਂ ਡਿਊਟੀ ਤੇ ਤਾਇਨਾਤ ਉਨ੍ਹਾਂ ਸਰਕਾਰੀ ਕਰਮਚਾਰੀਆਂ ਨੂੰ ਵੀ ਇਨ੍ਹਾਂ ਹੁਕਮਾਂ ਤੋਂ ਛੋਟ ਹੋਵੇਗੀ, ਜਿਨ੍ਹਾਂ ਨੂੰ ਆਪਣੀਆਂ ਡਿਊਟੀਆਂ ਦੇ ਸਬੰਧ ਵਿੱਚ ਹਥਿਆਰ ਰੱਖਣ ਲਈ ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਉਹ ਖਿਡਾਰੀ, ਜੋ ਰਾਸ਼ਟਰੀ ਰਾਈਫ਼ਲ ਐਸੋਸੀਏਸ਼ਨ ਦੇ ਮੈਂਬਰ ਹਨ ਅਤੇ ਉਨ੍ਹਾਂ ਨੂੰ ਵੱਖ-ਵੱਖ ਖੇਡ ਸਮਾਗਮਾਂ ਵਿੱਚ ਹਿੱਸਾ ਲੈਣਾ ਪੈਂਦਾ ਹੈ ਜਿਨ੍ਹਾਂ ਵਿੱਚ ਉਹ ਆਪਣੀਆਂ ਰਾਈਫਲਾਂ ਦੀ ਵਰਤੋਂ ਕਰਦੇ ਹਨ, ਨੂੰ ਵੀ ਇਨ੍ਹਾਂ ਹੁਕਮਾਂ ਤੋਂ ਛੋਟ ਹੋਵੇਗੀ। ਜ਼ਿਲ੍ਹਾ ਤਰਨ ਤਾਰਨ ਵਿੱਚ ਮਿਉਂਸਪਲ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਵਿਖੇ ਇਹ ਚੋਣਾਂ ਕਰਵਾਈਆਂ ਜਾ ਰਹੀਆਂ ਹਨ। ਹਦੂਦ ਅੰਦਰ ਕਿਸੇ ਕਿਸਮ ਦਾ ਲਾਇਸੰਸੀ ਹਥਿਆਰ, ਗੋਲੀ-ਸਿੱਕਾ, ਵਿਸਫੋਟਕ ਸਮੱਗਰੀ, ਮਾਰੂ ਹਥਿਆਰ ਆਦਿ ਨੂੰ ਨਾਲ ਲੈ ਕੇ ਚੱਲਣ ਤੇ ਪਾਬੰਦੀ ਲਗਾਉਣੀ ਅਤਿ ਜ਼ਰੂਰੀ ਹੈ।

ਮਾਨ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ਸਮਾਨਤਾ ਦੇ ਸਿਧਾਂਤਾਂ ’ਤੇ ਕੰਮ ਕਰ ਰਹੀ ਹੈ : ਹਰਪਾਲ ਸਿੰਘ ਚੀਮਾ

ਨੌਜਵਾਨ ਗੁਰੂ ਸਾਹਿਬ ਦੇ ‘ਬੇਗਮਪੁਰਾ’ ਦੇ ਸੰਕਲਪ ਵਾਲਾ ਭਾਰਤ ਬਣਾਉਣ ਲਈ ਅੱਗੇ ਆਉਣ

ਅੰਮ੍ਰਿਤਸਰ,12 ਮਈ(ਬਬਲੂ ਮਹਾਜਨ) : ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ ’ਤੇ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਲੀਕੇ ਪ੍ਰੋਗਰਾਮਾਂ ਦੀ ਲੜੀ ਤਹਿਤ ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਿੱਤ, ਯੋਜਨਾ, ਕਰ ਤੇ ਆਬਕਾਰੀ ਅਤੇ ਟਰਾਂਸਪੋਰਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ, ਨੌਜਵਾਨਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ‘ਬੇਗਮਪੁਰਾ’ ਦੇ ਸੰਕਲਪ ਵਾਲਾ ਭਾਰਤ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ਸਮਾਨਤਾ ਦੇ ਸਿਧਾਂਤਾਂ ਅਨੁਸਾਰ ਕੰਮ ਕਰ ਰਹੀ ਹੈ।ਹਰਪਾਲ ਸਿੰਘ ਚੀਮਾ ਨੇ ਦੱਸਿਆ, ਪੰਜਾਬ ਸਰਕਾਰ ਵੱਲੋਂ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਯਾਦਗਾਰ ਦਾ ਵਿਸਥਾਰ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਫਰੀਦਪੁਰ ਪਿੰਡ ਵਿਖੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜਿਸ ਦਾ ਕੰਮ ਬਹੁਤ ਜਲਦ ਸ਼ੁਰੂ ਹੋਵੇਗਾ।ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਨੇ ਕਿਹਾ, ਭਾਵੇਂ ਕਿ ਭਾਰਤ ਸਮੇਤ ਦੁਨੀਆਂ ਦੇ ਸਾਰੇ ਦੇਸ਼ਾਂ ਦੇ ਸੰਵਿਧਾਨ ਸਮਾਨਤਾ ਅਤੇ ਇਨਸਾਫ਼ ਦੀ ਗੱਲ ਕਰਦੇ ਹਨ, ਪਰ ਸ੍ਰੀ ਗੁਰੂ ਰਵਿਦਾਸ ਜੀ ਨੇ ਕਰੀਬ 650 ਸਾਲ ਪਹਿਲਾਂ ਹੀ ਇਹ ਸੰਦੇਸ਼ ਅਧਿਆਤਮਿਕ ਰੂਪ ਵਿੱਚ ਮਨੁੱਖਤਾ ਤੱਕ ਪਹੁੰਚਾਇਆ ਅਤੇ ਦੁਨੀਆਂ ਨੂੰ ‘ਬੇਗਮਪੁਰਾ’ ਦਾ ਸੰਕਲਪ ਦਿੱਤਾ। ਅੱਜ ਵੀ ਸਮਾਜ ਵਿੱਚੋਂ ਵਿਤਕਰਾ ਖ਼ਤਮ ਕਰਨ ਅਤੇ ਸਮਾਨਤਾ ਲਿਆਉਣ ਲਈ ਸ੍ਰੀ ਗੁਰੂ ਰਵਿਦਾਸ ਜੀ ਦੇ ਸਿਧਾਂਤਾਂ ’ਤੇ ਚੱਲਣ ਦੀ ਲੋੜ ਹੈ।ਸ਼ਤਾਬਦੀ ਸਮਾਗਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, ਇਹ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਅਸੀਂ ਆਪਣੇ ਮਹਾਨ ਗੁਰੂਆਂ ਦੀਆਂ ਸ਼ਤਾਬਦੀਆਂ ਮਨਾ ਰਹੇ ਹਾਂ। ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਖੁਰਾਲਗੜ੍ਹ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ ’ਤੇ ਮਨਾਉਣ ਅਤੇ ਗੁਰੂ ਸਾਹਿਬ ਦਾ ਸੰਦੇਸ਼ ਪੂਰੀ ਦੁਨੀਆਂ ਤੱਕ ਪਹੁੰਚਾਉਣ ਲਈ ਸਾਲ ਭਰ ਵਿਸ਼ੇਸ਼ ਪ੍ਰੋਗਰਾਮ ਕਰਵਾਉਣ ਦਾ ਐਲਾਨ ਕੀਤਾ ਸੀ।ਹਰਪਾਲ ਸਿੰਘ ਚੀਮਾ ਨੇ ਕਿਹਾ, ਅਜਿਹੇ ਸੈਮੀਨਾਰਾਂ ਦਾ ਮਕਸਦ ਯੂਨੀਵਰਸਿਟੀਆਂ ਅਤੇ ਵਿੱਦਿਅਕ ਸੰਸਥਾਵਾਂ ਵਿੱਚ ਅਧਿਆਤਮਿਕ ਮਾਹੌਲ ਸਿਰਜਣਾ ਅਤੇ ਵਿਦਿਆਰਥੀਆਂ ਨੂੰ ਗੁਰੂ ਰਵਿਦਾਸ ਜੀ ਦੇ ਸਮਾਜਿਕ ਸੁਧਾਰ ਦੇ ਸੰਦੇਸ਼ ਨਾਲ ਜੋੜਨਾ ਹੈ।ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ’ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਸੰਤ ਗੁਰਦੀਪ ਗਿਰੀ ਜੀ ਨੇ ਕਿਹਾ, ਸ੍ਰੀ ਗੁਰੂ ਰਵਿਦਾਸ ਜੀ ਦੇ 40 ਸ਼ਬਦ ਅਤੇ ਇੱਕ ਸਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹਨ। ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਵਿੱਚ ਪ੍ਰੇਮ ਅਤੇ ਭਗਤੀ ਨੂੰ ਵਿਸ਼ੇਸ਼ ਮਹੱਤਵ ਦਿੱਤਾ ਅਤੇ ਸਮਾਜਿਕ ਨਾਬਰਾਬਰੀ ਤੇ ਜਾਤ-ਪਾਤ ਦੇ ਵਿਤਕਰੇ ਦੇ ਖ਼ਿਲਾਫ਼ ਆਵਾਜ਼ ਉਠਾਈ। ਨੌਜਵਾਨ ਪੀੜ੍ਹੀ ਨੂੰ ਸੰਬੋਧਨ ਕਰਦਿਆਂ ਸੰਤ ਗੁਰਦੀਪ ਗਿਰੀ ਜੀ ਨੇ ਕਿਹਾ, ਨੌਜਵਾਨਾਂ ਨੂੰ ਜਾਤ-ਪਾਤ ਅਤੇ ਸਮਾਜਿਕ ਵੰਡ ਤੋਂ ਉੱਪਰ ਉੱਠ ਕੇ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ਮਾਰਗ ’ਤੇ ਚੱਲਣਾ ਚਾਹੀਦਾ ਹੈ। ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, ਸਾਨੂੰ ਸਾਰਿਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ 650 ਸਾਲ ਪਹਿਲਾਂ ਦਿੱਤੇ ਸਮਾਨਤਾ ਅਤੇ ਸਭ ਨੂੰ ਬਰਾਬਰ ਮੌਕੇ ਦੇਣ ਦੇ ਸਿਧਾਂਤਾਂ ਨੂੰ ਆਪਣੇ ਵਿਹਾਰਕ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਦਾ ਸੰਦੇਸ਼ ਵਿਸ਼ਵ ਪੱਧਰ ’ਤੇ ਫੈਲਾਉਣ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ।

ਨਸ਼ਾ ਤਸਕਰੀ ਵਿਰੋਧੀ ਕਾਰਵਾਈ ਤਹਿਤ ਗ਼ੈਰ-ਕਾਨੂੰਨੀ ਇਮਾਰਤ ਢਾਹੀ

ਮਜੀਠਾ, 12 ਮਈ (ਅਸ਼ਵਨੀ ਨਈਅਰ) : ਅੱਜ ਕਸਬਾ ਮਜੀਠਾ ਦੇ ਖਾਸ ਪੱਤੀ ਇਲਾਕੇ ਵਿਚ ਨਸ਼ਾ ਤਸਕਰਾਂ ਨਾਲ ਜੁੜੀ ਹੋਈ ਗੈਰ-ਕਾਨੂੰਨੀ ਉਸਾਰੀ ਉੱਤੇ ਸਰਕਾਰੀ ਬੁਲਡੋਜ਼ਰ ਚੱਲਿਆ। ਨਗਰ ਕੌਂਸਲ ਮਜੀਠਾ, ਡਿਊਟੀ ਮੈਜਿਸਟ੍ਰੇਟ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਇੱਕ ਦੋ-ਮੰਜ਼ਿਲਾ ਬਿਲਡਿੰਗ ਨੂੰ ਢਾਹਿਆ ਗਿਆ। ਇਸ ਡਿਮੋਲਿਸ਼ਨ ਕਾਰਵਾਈ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਐਸ.ਐਸ.ਪੀ. ਸੁਹੇਲ ਮੀਤ ਖੁਦ ਮੌਕੇ ਉੱਤੇ ਹਾਜ਼ਰ ਸਨ ਤੇ ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਵੱਲੋਂ ਕਈ ਵਾਰ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਸ ਤੋਂ ਬਾਅਦ ਏ.ਡੀ.ਸੀ. ਦਫ਼ਤਰ ਰਾਹੀਂ ਪੁਲਿਸ ਮਦਦ ਮੰਗੀ ਗਈ ਸੀ। ਅੱਜ ਡਿਊਟੀ ਮੈਜਿਸਟ੍ਰੇਟ ਗੁਰਪ੍ਰੀਤ ਸਿੰਘ ਦੀ ਹਾਜ਼ਰੀ ਵਿਚ ਇਹ ਕਾਰਵਾਈ ਕੀਤੀ ਗਈ ਹੈ। ਐਸ.ਐੱਸ.ਪੀ. ਸੁਹੇਲ ਮੀਤ ਨੇ ਪੱਤਰਕਾਰਾਂ ਨਾਲ ਗੱਲਬਾਤ ਵਿਚ ਕਿਹਾ ਕਿ ਇਹ ਪ੍ਰਾਪਰਟੀ ਸੁੱਚਾ ਸਿੰਘ ਦੇ ਬੇਟਿਆਂ ਸੁਨੀਲ ਅਤੇ ਕੁਰਨੂ ਉਰਫ ਕੰਨੂ ਦੀ ਹੈ। ਸੁਨੀਲ ਉੱਤੇ ਹਰਿਆਣਾ ਵਿਚ ਯੂਏਪੀਏ ਤਹਿਤ ਮਾਮਲਾ ਦਰਜ ਹੈ ਅਤੇ ਉਹ ਉੱਥੇ ਜੇਲ੍ਹ ਵਿਚ ਬੰਦ ਹੈ, ਜਦਕਿ ਉਸ ਦੇ ਭਰਾ ਕਰਨ ਉੱਤੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਪੰਜ ਵੱਖ-ਵਖ ਥਾਣਿਆਂ ਵਿਚ ਮੁਕੱਦਮੇ ਦਰਜ ਹਨ।ਇਸ ਕਾਰਵਾਈ ਨੂੰ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੋਧੀ ਮੁਹਿੰਮ ਦਾ ਹਿੱਸਾ ਦੱਸਦਿਆਂ ਐੱਸ.ਐੱਸ.ਪੀ. ਨੇ ਇਹ ਵੀ ਸਪੱਸ਼ਟ ਕੀਤਾ ਕਿ ਅਜਿਹੀਆਂ ਡਿਮੋਲਿਸ਼ਨ ਕਾਰਵਾਈਆਂ ਜਾਰੀ ਰਹਿਣਗੀਆਂ।ਇਹ ਮਜੀਠਾ ਇਲਾਕੇ ਵਿਚ ਇਸ ਤਰ੍ਹਾਂ ਦੀ ਇਹ ਪਹਿਲੀ ਵੱਡੀ ਕਾਰਵਾਈ ਹੈ। ਇਸ ਕਾਰਵਾਈ ਵਿੱਚ ਐਸ ਐਸ ਪੀ ਨਾਲ ਡੀ.ਐੱਸ.ਪੀ. ਐੱਨ.ਡੀ.ਪੀ.ਐੱਸ. ਇੰਦਰਜੀਤ ਸਿੰਘ, ਡੀ.ਐੱਸ.ਪੀ. ਮਜੀਠਾ ਕਮਲਮੀਤ ਸਿੰਘ, ਐੱਸ.ਐੱਚ.ਓ. ਕਰਮਪਾਲ ਸਿੰਘ ਰੰਧਾਵਾ ਸਬ ਇੰਸਪੈਕਟਰ ਹਰਪ੍ਰੀਤ ਕੌਰ, ਰੀਡਰ ਡੀ ਐਸ ਪੀ ਰਾਜ ਕੁਮਾਰ, ਅਵਤਾਰ ਸਿੰਘ, ਮੇਜਰ ਸਿੰਘ, ਹਰਜਿੰਦਰ ਸਿੰਘ ਸਾਰ ਅਤੇ ਨਗਰ ਕੌਂਸਲ ਅਧਿਕਾਰੀ ਮੌਜੂਦ ਸਨ।

ਐਸੋਸੀਏਟ ਅਧਿਆਪਕਾਂ ਦੀਆਂ ਮੰਗਾਂ ਹੱਲ ਕਰਨ ਦੀ ਮੰਗ

ਦੀਨਾਨਗਰ, 12 ਮਈ (ਡਾ.ਰਮੇਸ਼ ਸਰੰਗਲ) :ਅਧਿਆਪਕ ਯੂਨੀਅਨ ਦੇ ਸੀਨੀਅਰ ਆਗੂ ਭਗਵਾਨ ਦਾਸ ਸੈਣੀ ਨੇ ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਐਸੋਸੀਏਟ ਅਧਿਆਪਕਾਂ ਦੀਆਂ ਮੰਗਾਂ ਨੂੰ ਜਾਣ ਬੁੱਝ ਕੇ ਹੱਲ ਨਹੀਂ ਕਰ ਰਹੀ, ਜਿਸ ਕਾਰਨ ਪੰਜਾਬ ਭਰ ਦੇ ਐਸੋਸੀਏਟ ਅਧਿਆਪਕਾਂ ਵਿੱਚ ਪੰਜਾਬ ਸਰਕਾਰ ਪ੍ਰਤੀ ਭਾਰੀ ਦੁੱਖ ਦੀ ਲਹਿਰ ਪਾਈ ਜਾ ਰਹੀ ਹੈ, ਜਦਕਿ ਪਹਿਲਾਂ ਹੀ ਪਿੱਛਲੀਆ ਸਰਕਾਰਾਂ ਨੇ ਅੰਗਰੇਜ਼ਾਂ ਦੇ ਨਕਸ਼ੇ ਕਦਮ ਉੱਪਰ ਚੱਲਦੇ ਹੋਏ ਇਹਨਾਂ ਅਧਿਆਪਕਾਂ ਦਾ ਜੋ ਸ਼ੋਸ਼ਣ ਕੀਤਾ ਹੈ ਉਸ ਨੂੰ ਬਰਦਾਸ਼ਤ ਕਰਨਾ ਔਖਾ ਹੈ। ਆਰਟੀਕਲ 39 (ਡੀ) ਬਰਾਬਰ ਕੰਮ ਬਰਾਬਰ ਤਨਖਾਹ ਦੇ ਅਧਿਕਾਰ ਨੂੰ ਪੈਰਾਂ ਥੱਲੇ ਕੁਚਲਿਆ ਜਾ ਰਿਹਾ ਹੈ। ਪੰਜਾਬ ਭਰ ਦੇ ਐਸੋਸੀਏਟ ਅਧਿਆਪਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਜੀ ਨੂੰ ਜੋਰਦਾਰ ਮੰਗ ਕੀਤੀ ਜਾਂਦੀ ਹੈ ਕਿ ਐਸੋਸੀਏਟ ਅਧਿਆਪਕਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕਰਕੇ ਸਰਕਾਰ ਆਪਣਾ ਵਾਅਦਾ ਪੂਰਾ ਕਰੇ। ਤਾਂ ਜੋ ਇਹਨਾਂ ਅਧਿਆਪਕਾਂ ਨੂੰ ਸੰਘਰਸ਼ ਦੇ ਰਸ਼ਤੇ ਉੱਪਰ ਨਾ ਚੱਲਣਾ ਪਵੇ।

ਬਿਨਾਂ ਮਨਜ਼ੂਰੀ ਚਲਾਏ ਜਾਣ ਵਾਲੇ ‘ਬਾਲ ਘਰ’ ਮੁਖੀ ਨੂੰ ਹੋ ਸਕਦੀ ਹੈ 1 ਸਾਲ ਦੀ ਕੈਦ : ਬਾਲ ਸੁਰੱਖਿਆ ਅਫਸਰ

ਅੰਮ੍ਰਿਤਸਰ 12 ਮਈ (ਬਬਲੂ ਮਹਾਜਨ) : ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੋਈ ਵੀ ਬਾਲ ਘਰ, ਜਿਸ ਵਿੱਚ 0 ਤੋਂ 18 ਸਾਲ ਦੇ ਅਨਾਥ ਅਤੇ ਬੇਸਹਾਰਾ ਬੱਚਿਆਂ ਜਾਂ ਦਿਵਿਆਂਗ ਬੱਚਿਆਂ ਲਈ ਕੋਈ ਵੀ ਬਾਲ ਘਰ ਜੋ ਕਿ ਜੁਵੇਨਾਈਲ ਜਸਟਿਸ ਐਕਟ 2015 ਦੀ ਧਾਰਾ 41 (1) ਅਧੀਨ ਰਜਿਸਟਰ ਨਹੀ ਹਨ, ਉਨਾਂ ਬਾਲ ਘਰ ਦੇ ਮੁਖੀ ਤੇ ਵਿਭਾਗ ਵੱਲੋਂ ਜੁਵੇਨਾਈਲ ਜਸਟਿਸ ਐਕਟ 2015 ਦੀ ਧਾਰਾ 42 ਅਨੁਸਾਰ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ 1 ਸਾਲ ਦੀ ਸਜ਼ਾ ਜਾਂ ਇੱਕ ਲੱਖ ਰੁਪਏ ਜੁਰਮਾਨਾ ਜਾਂ ਦੋਨੋ ਹੀ ਹੋ ਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆ ਜਿਲ੍ਹਾ ਬਾਲ ਸੁਰੱਖਿਆ ਅਫਸਰ ਅੰਮ੍ਰਿਤਸਰ ਸ. ਤਰਨਜੀਤ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋ ਬਣਾਏ ਗਈ ਜੁਵੇਨਾਈਲ ਜਸਟਿਸ ਐਕਟ 2015 ਅਨੁਸਾਰ ਅਜਿਹਾ ਕੋਈ ਵੀ ਬਾਲ ਘਰ ਜੋ ਕਿ ਕਿਸੀ ਸਰਕਾਰੀ ਗੈਰ-ਸਰਕਾਰੀ ਸੰਸਥਾ ਵੱਲੋ ਚਲਾਇਆ ਜਾ ਰਿਹਾ ਹੈ, ਜਿਸ ਵਿੱਚ 0 ਤੋ 18 ਸਾਲ ਦੇ ਅਨਾਥ ਅਤੇ ਬੇਸਹਾਰਾ ਬੱਚਿਆਂ ਜਾਂ ਦਿਵਿਆਂਗ ਬੱਚਿਆਂ ਦੇ ਰਹਿਣ ਅਤੇ ਖਾਣ ਪੀਣ ਦੇਖਭਾਲ ਦੀ ਸੁਵਿਧਾ ਮੁਹੱਈਆ ਕਰਵਾਈ ਜਾਂਦੀ ਹੈ ਅਤੇ ਸਰਕਾਰ ਵੱਲੋ ਗ੍ਰਾਂਟ ਪ੍ਰਾਪਤ ਕਰਦੇ ਹਨ ਜਾਂ ਨਹੀ, ਉਨਾਂ ਦਾ ਜੁਵੇਨਾਈਲ ਜਸਟਿਸ ਐਕਟ 2015 ਦੀ ਧਾਰਾ 41 (1) ਅਧੀਨ ਰਜਿਸਟਰ ਹੋਣਾ ਜ਼ਰੂਰੀ ਹੈ। ਉਨਾਂ ਕਿਹਾ ਕਿ ਸਰਕਾਰੀ ਅਤੇ ਗੈਰ-ਸਰਕਾਰੀ ਸੰਸਥਾ ਵੱਲੋ ਰਜਿਸਟਰੇਸ਼ਨ ਲਈ ਸਬੰਧਤ ਜ਼ਿਲੇ ਦੇ ਡਿਪਟੀ ਕਮਿਸ਼ਨਰ ਨੂੰ ਜੁਵੇਨਾਈਲ ਜਸਟਿਸ (ਬੱਚਿਆਂ ਦੀ ਸੁਰੱਖਿਆ ਅਤੇ ਦੇਖਭਾਲ) ਅਧੀਨ ਬੇਨਤੀ ਪੱਤਰ ਦਿੱਤਾ ਜਾਣਾ ਹੈ, ਜਿਸ ਤੇ ਜ਼ਿਲ੍ਹਾ ਪੱਧਰੀ ਨਿਗੀਖਣ ਕਮੇਟੀ ਵੱਲੋ ਉਕਤ ਬਾਲ ਘਰ ਦੀ ਨਿਰੀਖਣ ਕਰਨ ਉਪਰੰਤ ਰਾਜ ਸਰਕਾਰ ਨੂੰ ਡਿਪਟੀ ਕਮਿਸ਼ਨਰ

ਰੋਜ਼ਾਨਾ ਚੜ੍ਹਦੀਕਲਾ
ਸਿਹਤ ਖ਼ਬਰਨਾਮਾ



ਤੁਰੰਤ ਛੱਡ ਦਿਓ ਇਹ 3 ਡ੍ਰਿੰਕਸ, ਨਹੀਂ ਤਾਂ ਕਿਡਨੀ ਹੋ ਜਾਏਗੀ ਫੇਲ੍ਹ

ਅਜੋਕੀ ਭੱਜ-ਦੌੜ ਭਰੀ ਜ਼ਿੰਦਗੀ 'ਚ ਲੋਕ ਆਪਣੀ ਪਿਆਸ ਬੁਝਾਉਣ ਜਾਂ ਤੁਰੰਤ ਐਨਰਜੀ ਪਾਉਣ ਲਈ ਕਈ ਤਰ੍ਹਾਂ ਦੇ ਡ੍ਰਿੰਕਸ ਦਾ ਸਹਾਰਾ ਲੈਂਦੇ ਹਨ। ਪਰ ਮਾਹਰਾਂ ਅਨੁਸਾਰ, ਬਾਜ਼ਾਰ ਵਿੱਚ ਮਿਲਣ ਵਾਲੇ ਕੁਝ ਅਜਿਹੇ ਡ੍ਰਿੰਕਸ ਹਨ ਜੋ ਸਾਡੀ ਕਿਡਨੀ ਸੰਤੁਲਨ ਵਿਗਾੜ ਦਿੰਦੇ ਹਨ, ਜਿਸ ਨਾਲ ਕਿਡਨੀ ਸਟੋਨ (ਪੱਥਰੀ) ਬਣਨ ਦਾ ਖ਼ਤਰਾ ਵਧ ਜਾਂਦਾ ਹੈ। ਇਸ ਤੋਂ ਇਲਾਵਾ, ਇਨ੍ਹਾਂ ਵਿਚਲੀ ਸ਼ੂਗਰ ਕਾਰਨ ਕਿਡਨੀ ਨੂੰ ਖੂਨ ਫਿਲਟਰ ਕਰਨ ਲਈ ਵਾਧੂ ਮਿਹਨਤ ਕਰਨੀ ਪੈਂਦੀ ਹੈ।

ਜ਼ਿਆਦਾ ਕੌਫੀ ਦਾ ਸੇਵਨ: ਹਾਲਾਂਕਿ ਸੀਮਤ ਮਾਤਰਾ ਵਿੱਚ ਕੌਫੀ ਨੁਕਸਾਨਦੇਹ ਨਹੀਂ ਹੈ, ਪਰ ਦਿਨ ਭਰ ਵਿੱਚ ਕਈ ਕੱਪ ਕੌਫੀ ਪੀਣ ਨਾਲ ਸਰੀਰ ਵਿੱਚ ਡੀਹਾਈਡ੍ਰੇਸ਼ਨ (ਪਾਣੀ ਦੀ ਕਮੀ) ਹੋ ਸਕਦੀ ਹੈ। ਇਸ ਨਾਲ ਖੂਨ ਗਾੜ੍ਹਾ ਹੋ ਜਾਂਦਾ ਹੈ ਅਤੇ ਕਿਡਨੀ ਨੂੰ ਸਰੀਰ ਵਿੱਚੋਂ ਗੰਦਗੀ ਬਾਹਰ ਕੱਢਣ ਵਿੱਚ ਮੁਸ਼ਕਲ ਆਉਂਦੀ ਹੈ। ਜ਼ਿਆਦਾ ਕੈਫੀਨ ਬਲੱਡ ਪ੍ਰੈਸ਼ਰ ਵੀ ਵਧਾ ਸਕਦੀ ਹੈ।

ਸਪੋਰਟਸ ਅਤੇ ਐਨਰਜੀ ਡ੍ਰਿੰਕਸ: ਜਿਮ ਜਾਣ ਵਾਲੇ ਨੌਜਵਾਨ ਅਕਸਰ ਇਨ੍ਹਾਂ ਦਾ ਸੇਵਨ ਕਰਦੇ ਹਨ, ਪਰ ਇਨ੍ਹਾਂ ਵਿੱਚ ਮੌਜੂਦ ਆਰਟੀਫੀਸ਼ੀਅਲ ਫਲੇਵਰ ਅਤੇ ਕਲਰਿੰਗ ਏਜੰਟ ਸਰੀਰ ਦੇ ਫਲੂਇਡ ਬੈਲੇਂਸ ਨੂੰ ਵਿਗਾੜ ਸਕਦੇ ਹਨ ਅਤੇ ਕਿਡਨੀ 'ਤੇ ਵਾਧੂ ਦਬਾਅ ਪਾਉਂਦੇ ਹਨ।

ਸੋਡਾ ਅਤੇ ਸਾਫਟ ਡ੍ਰਿੰਕਸ: ਸੋਡਾ ਅਤੇ ਜ਼ਿਆਦਾਤਰ ਸਾਫਟ ਡ੍ਰਿੰਕਸ 'ਚ ਫਾਸਫੋਰਿਕ ਐਸਿਡ ਅਤੇ ਭਾਰੀ ਮਾਤਰਾ ਵਿੱਚ ਸ਼ੂਗਰ ਹੁੰਦੀ ਹੈ। ਇਹ ਸਰੀਰ ਵਿੱਚ ਕੈਲਸ਼ੀਅਮ ਅਤੇ ਫਾਸਫੇਟ ਦਾ (ਗੁਰਦਿਆਂ) 'ਤੇ ਸਿੱਧਾ ਬੁਰਾ ਅਸਰ ਪਾਉਂਦੇ ਹਨ ਅਤੇ ਇਨ੍ਹਾਂ ਦਾ ਜ਼ਿਆਦਾ ਸੇਵਨ ਕਿਡਨੀ ਫੇਲ੍ਹ ਹੋਣ ਦਾ ਕਾਰਨ ਵੀ ਬਣ ਸਕਦਾ ਹੈ।

ਪੰਜਾਬ ਡੇਅਰੀ ਸੈਕਟਰ ਨੂੰ ਅਮੁੱਲ ਮਾਡਲ ਦੀ ਪਾਲਣਾ ਕਰਨੀ ਚਾਹੀਦੀ ਹੈ: ਸਾਹਨੀ

ਨਵੀਂ ਦਿੱਲੀ, 12 ਮਈ (ਚ.ਨ.ਸ.) : ਸੀ ਆਈ ਏ ਸਾਲਾਨਾ ਸੰਮੇਲਨ ਵਿੱਚ ਬੋਲਦਿਆਂ, ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦੁਹਰਾਇਆ ਕਿ ਪੰਜਾਬ ਵਿੱਚ ਡੇਅਰੀ ਫਾਰਮਿੰਗ ਅਤੇ ਡੇਅਰੀ ਸਹਿਕਾਰੀ ਸਭਾਵਾਂ ਦੀਆਂ ਬਹੁਤ ਸੰਭਾਵਨਾਵਾਂ ਹਨ ਅਤੇ ਗੁਜਰਾਤ ਵਿੱਚ ਅਮੁੱਲ ਦੇ ਸਫਲ ਮਾਡਲ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਡਾ. ਸਾਹਨੀ ਨੇ ਦੁੱਖ ਪ੍ਰਗਟ ਕੀਤਾ ਕਿ ਪੰਜਾਬ ਵਿੱਚ ਗਾਵਾਂ ਦੇ ਉਚ ਪੱਧਰ ਤੱਕ ਦੁਧਾਰੂ ਹੋਣ ਅਤੇ ਚਾਰੇ ਦੀ ਉਪਲਬਧਤਾ ਦੇ ਬਾਵਜੂਦ, ਪੰਜਾਬ ਨੇ ਡੇਅਰੀ ਫਾਰਮਿੰਗ ਨੂੰ

ਪੂਰੀ ਤਰ੍ਹਾਂ ਵਧਾ ਕੇ ਡੇਅਰੀ ਸਹਿਕਾਰੀ ਸਭਾਵਾਂ ਅਤੇ ਡਾਊਨਸਟ੍ਰੀਮ ਦੁੱਧ ਉਤਪਾਦਾਂ ਵਿੱਚ ਮੋਹਰੀ ਨਹੀਂ ਬਣਾਇਆ ਹੈ ਜੋ ਪੂਰੇ ਭਾਰਤ ਵਿੱਚ ਮਾਰਕੀਟ ਕੀਤੇ ਜਾ ਰਹੇ ਹਨ ਅਤੇ ਨਿਰਯਾਤ ਵੀ ਹੋ ਰਿਹਾ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਹੋਰ ਔਰਤਾਂ ਦੀ ਅਗਵਾਈ ਵਾਲੇ ਸਹਿਕਾਰੀ, ਸਵੈ-ਸਹਾਇਤਾ ਸਮੂਹ ਅਤੇ ਪੇਂਡੂ ਉੱਦਮ ਹੋਣੇ ਚਾਹੀਦੇ ਹਨ ਜਿਨ੍ਹਾਂ ਨੂੰ ਵਧੇਰੇ ਮਜ਼ਬੂਤ ਸੰਸਥਾਗਤ ਸਮਰਥਨ ਪ੍ਰਾਪਤ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਕਾਰਪੋਰੇਟ ਪੇਂਡੂ ਮੰਗ ਨੂੰ ਪੂਰਾ ਕਰਨ ਅਤੇ ਉਤਸ਼ਾਹਿਤ ਕਰਨ ਲਈ ਸਹਿਕਾਰੀ ਸਭਾਵਾਂ ਨਾਲ ਸਹਿਯੋਗ ਕਰਨ ਦਾ ਲਾਭ ਉਠਾ ਸਕਦੇ ਹਨ ਅਤੇ ਸਮਾਜਿਕ ਉੱਦਮਾਂ ਦਾ ਵੀ ਟੀਚਾ ਰੱਖ ਸਕਦੇ ਹਨ।

ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਅੱਜ ਇੱਥੇ ਚੜ੍ਹਦੀਕਲਾ ਅਦਾਰਾ ਦੇ ਚੇਅਰਮੈਨ 'ਪਦਮਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਿਆ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ। ਇਸ ਮੌਕੇ 'ਪਦਮਸ਼੍ਰੀ' ਜਗਜੀਤ ਸਿੰਘ ਦਰਦੀ ਨੇ ਸਿਹਤ ਮੰਤਰੀ ਨਾਲ ਕਈ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਨਾਲ ਹੀ ਚੜ੍ਹਦੀਕਲਾ ਅਦਾਰਾ ਸਮੇਤ ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲਾਂ ਦੀ ਸ਼ੁਰੂਆਤ ਬਾਰੇ ਚਾਨਣਾ ਪਾਇਆ ਅਤੇ ਉਹਨਾਂ ਨੂੰ ਸਿਰੋਪਾਓ ਅਤੇ ਕਿਤਾਬਾਂ ਭੇਟ ਕੀਤੀਆਂ। ਇਸ ਮੌਕੇ ਸਰਦਾਰਨੀ ਜਸਵਿੰਦਰ ਕੌਰ ਦਰਦੀ, ਸ੍. ਹਰਪ੍ਰੀਤ ਸਿੰਘ ਦਰਦੀ ਡਾਇਰੈਕਟਰ, ਡਾ. ਕਮਲਜੀਤ ਕੌਰ, ਸ. ਪਰਮਜੀਤ ਸਿੰਘ ਮੈਨੇਜਰ, ਸ. ਮਨਪ੍ਰੀਤ ਸਿੰਘ ਮੈਨੇਜਰ, ਦਮਨਦੀਪ ਸਿੰਘ ਚੀਫ ਅਕਾਊਂਟੈਂਟ, ਗੁਰਮੁਖ ਸਿੰਘ ਰੁਪਾਣਾ ਵਿਸ਼ੇਸ਼ ਪ੍ਰਤੀਨਿਧ, ਅਮਰਜੀਤ ਸਿੰਘ ਸਰਤਾਜ ਰਿਪੋਰਟਰ ਅਤੇ ਦਲਜਿੰਦਰ ਸਿੰਘ ਸਨੀ ਸਮੇਤ ਹੋਰ ਸਟਾਫ ਮੈਂਬਰ ਮੌਜੂਦ ਸਨ।

ਦਸਵੀਂ ਦੇ ਸਾਲਾਨਾ ਨਤੀਜੇ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪ੍ਰੈਸ ਰੋਡ ਪਟਿਆਲਾ ਦਾ ਨਤੀਜਾ 100 ਪ੍ਰਤੀਸ਼ਤ ਰਿਹਾ

ਪਟਿਆਲਾ, 12 ਮਈ (ਚ.ਨ.ਸ.) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਸਲਾਨਾ ਨਤੀਜੇ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪ੍ਰੈਸ ਰੋਡ ਪਟਿਆਲਾ ਦਾ ਨਤੀਜਾ 100 ਪ੍ਰਤੀਸ਼ਤ ਰਿਹਾ, ਜਿਸ ਵਿਚ ਹਰਜੀਤ ਸਿੰਘ ਨੇ 91% ਪ੍ਰਤੀਸ਼ਤ ਪ੍ਰਾਪਤ ਕਰਕੇ ਪਹਿਲਾਂ ਦਰਜਾ ਪ੍ਰਾਪਤ ਕੀਤਾ ਸੁਖਮਨਪ੍ਰੀਤ ਕੌਰ ਨੇ 90% ਪ੍ਰਤੀਸ਼ਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਰਵਨੀਤ ਕੌਰ ਨੇ 89%ਪ੍ਰਤੀਸ਼ਤ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਸ੍ਰੀ ਮਤੀ ਜਸਵਿੰਦਰ ਕੌਰ ਦਰਦੀ ਨੇ ਬੱਚਿਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਬੱਚਿਆਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਕਰਵਾਈ ਸਖ਼ਤ ਮਿਹਨਤ ਦਾ ਨਤੀਜਾ ਹੈ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਕੇ ਉਚ ਪੁਜੀਸ਼ਨਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਰਾਜਪਾਲ ਕਟਾਰੀਆ ਨੇ ਆਸਾਮ ਦੇ ਮੁੱਖ ਮੰਤਰੀ ਦੇ ਸਹੁੰ ਚੁੱਕ ਸਮਾਗਮ ਵਿੱਚ ਹਿੱਸਾ ਲਿਆ

ਗੁਹਾਟੀ/ਚੰਡੀਗੜ੍ਹ, 12 ਮਈ (ਚ.ਨ.ਸ.) : ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ, ਅੱਜ ਗੁਹਾਟੀ ਵਿੱਚ ਆਯੋਜਿਤ ਇੱਕ ਸ਼ਾਨਦਾਰ ਸਮਾਰੋਹ ਵਿੱਚ ਸ਼੍ਰੀ ਹਿਮੰਤ ਬਿਸਵਾ ਸਰਮਾ ਦੇ ਅਸਾਮ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਏ। ਇਸ ਮੌਕੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ, ਰੱਖਿਆ ਮੰਤਰੀ ਸ਼੍ਰੀ ਰਾਜਨਾਥ ਸਿੰਘ, ਵੱਖ-ਵੱਖ ਰਾਜਾਂ ਦੇ ਮੁੱਖ ਮੰਤਰੀ ਅਤੇ ਰਾਜਪਾਲ ਅਤੇ ਕਈ ਪਤਵੰਤੇ ਮੌਜੂਦ ਸਨ। ਸਮਾਗਮ ਦੌਰਾਨ, ਸ਼੍ਰੀ ਕਟਾਰੀਆ ਨੇ ਸ਼੍ਰੀ ਹਿਮੰਤ ਬਿਸਵਾ ਸਰਮਾ ਨੂੰ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ 'ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟ

ਕੀਤਾ ਕਿ ਸ਼੍ਰੀ ਸਰਮਾ ਦੀ ਅਗਵਾਈ ਹੇਠ, ਅਸਾਮ ਵਿਕਾਸ, ਸੁਸ਼ਾਸਨ, ਸੱਭਿਆਚਾਰਕ ਖੁਸ਼ਹਾਲੀ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਨਵੀਆਂ ਉਚਾਈਆਂ ਪ੍ਰਾਪਤ ਕਰੇਗਾ। ਇਹ ਜ਼ਿਕਰਯੋਗ ਹੈ ਕਿ ਸ਼੍ਰੀ ਗੁਲਾਬ ਚੰਦ ਕਟਾਰੀਆ ਪਹਿਲਾਂ ਅਸਾਮ ਦੇ ਰਾਜਪਾਲ ਵਜੋਂ ਸੇਵਾ ਨਿਭਾ ਚੁੱਕੇ ਹਨ, ਮੁੱਖ ਮੰਤਰੀ ਸ਼੍ਰੀ ਹਿਮੰਤ ਬਿਸਵਾ ਸਰਮਾ ਦੇ ਪਿਛਲੇ ਕਾਰਜਕਾਲ ਦੌਰਾਨ ਇੱਕ ਸਾਲ ਤੋਂ ਵੱਧ ਸਮੇਂ ਤੱਕ ਇਸ ਅਹੁਦੇ 'ਤੇ ਰਹੇ ਸਨ। ਉਨ੍ਹਾਂ ਦੇ ਕਾਰਜਕਾਲ ਦੌਰਾਨ, ਦੋਵਾਂ ਵਿਚਕਾਰ ਪ੍ਰਸ਼ਾਸਕੀ ਤਾਲਮੇਲ ਅਤੇ ਵਿਕਾਸ-ਮੁਖੀ ਪਹੁੰਚ ਨੂੰ ਵਿਆਪਕ ਪ੍ਰਸ਼ੰਸਾ ਮਿਲੀ। ਸਹੁੰ ਚੁੱਕ ਸਮਾਗਮ ਵਿੱਚ ਉੱਤਰ-ਪੂਰਬੀ ਰਾਜਾਂ ਦੀ ਸੱਭਿਆਚਾਰਕ ਵਿਭਿੰਨਤਾ ਅਤੇ ਰਵਾਇਤੀ ਵਿਰਾਸਤ ਦੀ ਇੱਕ ਵਿਸ਼ੇਸ਼ ਝਲਕ ਵੀ ਦਿਖਾਈ ਗਈ। ਵੱਡੀ ਗਿਣਤੀ ਵਿੱਚ ਜਨਤਕ ਪ੍ਰਤੀਨਿਧੀ, ਸਮਾਜਿਕ ਸੰਗਠਨਾਂ ਦੇ ਪ੍ਰਤੀਨਿਧੀ ਅਤੇ ਵੱਖ-ਵੱਖ ਖੇਤਰਾਂ ਦੇ ਵਿਸ਼ੇਸ਼ ਮਹਿਮਾਨ ਮੌਜੂਦ ਸਨ। ਸ਼੍ਰੀ ਕਟਾਰੀਆ ਨੇ ਕਿਹਾ ਕਿ ਉੱਤਰ-ਪੂਰਬੀ ਭਾਰਤ ਦੇਸ਼ ਦੀ ਏਕਤਾ, ਸੱਭਿਆਚਾਰਕ ਖੁਸ਼ਹਾਲੀ ਅਤੇ ਵਿਕਾਸ ਯਾਤਰਾ ਦਾ ਇੱਕ ਮਹੱਤਵਪੂਰਨ ਕੇਂਦਰ ਹੈ, ਅਤੇ ਅਸਾਮ ਨੇ ਹਾਲ ਹੀ ਦੇ ਸਾਲਾਂ ਵਿੱਚ ਬੁਨਿਆਦੀ ਢਾਂਚੇ, ਨਿਵੇਸ਼, ਸੈਰ-ਸਪਾਟਾ ਅਤੇ ਸਮਾਜਿਕ ਵਿਕਾਸ ਦੇ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਨਵੀਂ ਸਰਕਾਰ ਵਿਕਸਤ ਭਾਰਤ ਦੇ ਸੰਕਲਪ ਨੂੰ ਹੋਰ ਤੇਜ਼ ਕਰੇਗੀ।

ਏਮਜ਼ ਹੁਣ ਸਿਰਫ਼ ਅੰਤਰਰਾਸ਼ਟਰੀ ਮਾਪਦੰਡਾਂ ਦਾ ਪਿੱਛਾ ਨਹੀਂ ਕਰ ਰਿਹੈ: ਉਪ ਰਾਸ਼ਟਰਪਤੀ

ਨਵੀਂ ਦਿੱਲੀ, 12 ਮਈ (ਚ.ਨ.ਸ.) ਭਾਰਤ ਦੇ ਉਪ ਰਾਸ਼ਟਰਪਤੀ, ਸ਼੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਨਵੀਂ ਦਿੱਲੀ ਦੇ 51ਵੇਂ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕੀਤਾ। ਸਿਹਤ ਸੰਭਾਲ ਸਪੁਰਦਗੀ ਵਿੱਚ ਏਮਜ਼ ਦੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸੰਸਥਾ ਡਾਕਟਰੀ ਨਵੀਨਤਾ ਅਤੇ ਸਿਹਤ ਸੰਭਾਲ ਉੱਤਮਤਾ ਦੇ ਦੇਸ਼ ਦੇ ਪ੍ਰਾਇਮਰੀ ਇੰਜਣ ਵਜੋਂ ਉਭਰੀ ਹੈ, ਮਰੀਜ਼ਾਂ ਦੀ ਦੇਖਭਾਲ ਅਤੇ ਆਧੁਨਿਕ ਦਵਾਈ ਦੇ ਉੱਚਤਮ ਮਿਆਰ ਸਥਾਪਤ ਕਰਦੀ ਹੈ ਜਦੋਂ ਕਿ ਆਮ ਲੋਕਾਂ ਲਈ ਕਾਫ਼ੀ ਕਿਫਾਇਤੀ ਬਣੀ ਰਹਿੰਦੀ ਹੈ। ਉਨ੍ਹਾਂ ਨੇ ਦੇਖਿਆ ਕਿ ਮਹਾਂਮਾਰੀ ਦੇ ਲਚਕੀਲੇਪਣ ਤੋਂ ਲੈ ਕੇ ਪੇਂਡੂ ਸਿਹਤ ਸੰਭਾਲ ਤੱਕ, ÷ਏਮਜ਼ ਬ੍ਰਾਂਡ÷ ਪੂਰੇ ਭਾਰਤ ਅਤੇ ਦੱਖਣ-ਪੂਰਬੀ ਏਸ਼ੀਆਈ ਖੇਤਰ ਵਿੱਚ ਵਿਸ਼ਵਾਸ ਅਤੇ ਇਮਾਨਦਾਰੀ ਦਾ ਸਮਾਨਾਰਥੀ ਬਣ ਗਿਆ ਹੈ। ਉਪ ਰਾਸ਼ਟਰਪਤੀ ਨੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਅਤੇ ਏਮਜ਼ ਦੇ ਪ੍ਰਧਾਨ, ਸ਼੍ਰੀ ਜਗਤ ਪ੍ਰਕਾਸ਼ ਨੱਡਾ, ਏਮਜ਼ ਦੇ ਡਾਇਰੈਕਟਰ ਅਤੇ ਫੈਕਲਟੀ ਮੈਂਬਰਾਂ ਦੀ ਅਕਾਦਮਿਕ ਮਿਆਰਾਂ ਨਾਲ ਸਮਝੌਤਾ ਕੀਤੇ ਬਿਨਾਂ ਵੱਡੇ ਪੱਧਰ 'ਤੇ ਮਰੀਜ਼ਾਂ ਦਾ ਕੁਸ਼ਲਤਾ ਨਾਲ ਪ੍ਰਬੰਧਨ ਕਰਨ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਏਮਜ਼ ਨੇ ਦਹਾਕਿਆਂ ਤੋਂ, ਅਜਿਹੇ ਵਿਦਵਾਨਾਂ ਨੂੰ ਪੈਦਾ ਕੀਤਾ ਹੈ ਜੋ ਡਾਕਟਰੀ ਉੱਤਮਤਾ ਨੂੰ ਨੈਤਿਕਤਾ ਅਤੇ ਹਮਦਰਦੀ ਨਾਲ ਜੋੜਦੇ ਹਨ, ਇਸਦੇ ਸਾਬਕਾ ਵਿਦਿਆਰਥੀ ਦੁਨੀਆ ਭਰ ਦੇ ਨਾਮਵਰ ਸੰਸਥਾਵਾਂ ਵਿੱਚ ਮੋਹਰੀ ਅਹੁਦਿਆਂ 'ਤੇ ਬਿਰਾਜਮਾਨ ਹਨ। ਇਸ ਸਾਲ ਦੇ ਸ਼ੁਰੂ ਵਿੱਚ ਅੰਟਾਰਕਟਿਕਾ ਵਿੱਚ ਰਿਮੋਟ ਰੋਬੋਟਿਕ ਅਲਟਰਾਸਾਊਂਡ ਕਰਵਾਉਣ ਦੀ ਏਮਜ਼ ਦੀ ਪ੍ਰਾਪਤੀ ਦਾ ਹਵਾਲਾ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਟਿੱਪਣੀ ਕੀਤੀ ਕਿ ਇਸ ਪ੍ਰਾਪਤੀ ਨੇ ਦਿਖਾਇਆ ਹੈ ਕਿ ਭੂਗੋਲ ਹੁਣ ਭਾਰਤੀ ਕਲੀਨਿਕਲ ਉੱਤਮਤਾ ਲਈ ਰੁਕਾਵਟ ਨਹੀਂ ਹੈ। ਉਨ੍ਹਾਂ ਨੇ ਸੰਸਥਾ ਦੇ ਵਧਦੇ ਅੰਤਰਰਾਸ਼ਟਰੀ ਸਹਿਯੋਗਾਂ ਨੂੰ ਵੀ ਉਜਾਗਰ ਕੀਤਾ, ਜਿਸ ਵਿੱਚ ਇੰਡੋ-ਫ੍ਰੈਂਚ ਸੈਂਟਰ ਫਾਰ ਏਆਈ ਇਨ ਹੈਲਥ ਸ਼ਾਮਲ ਹੈ। ਉਪ ਰਾਸ਼ਟਰਪਤੀ ਨੇ ਕਿਹਾ ਕਿ ਏਮਜ਼ ਹੁਣ ਸਿਹਤ ਸੰਭਾਲ ਅਤੇ ਡਾਕਟਰੀ ਸਿੱਖਿਆ ਵਿੱਚ ਗਲੋਬਲ ਮਾਪਦੰਡ ਸਥਾਪਤ ਕਰ ਰਿਹਾ ਹੈ। ਕਿਉਂਐਸ ਵਿਸ਼ਵ ਦਰਜਾਬੰਦੀ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਨੇ ਨੋਟ ਕੀਤਾ ਕਿ ਏਮਜ਼ ਸਿਰਫ ਦੋ ਸਾਲਾਂ ਵਿੱਚ 40 ਸਥਾਨ ਚੜ੍ਹ ਕੇ ਵਿਸ਼ਵ ਪੱਧਰ @ਤੇ 105ਵੇਂ ਸਥਾਨ @ਤੇ ਪਹੁੰਚ ਗਿਆ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਸੰਸਥਾ ਜਲਦੀ ਹੀ ਚੋਟੀ ਦੇ 100 ਵਿੱਚ ਸ਼ਾਮਲ ਹੋ ਜਾਵੇਗੀ ਅਤੇ ਇੱਕ ਦਿਨ ਦੁਨੀਆ ਦੀ ਨੰਬਰ ਇੱਕ ਸੰਸਥਾ ਵਜੋਂ ਉਭਰੇਗੀ। ਉਨ੍ਹਾਂ ਅੱਗੇ ਕਿਹਾ ਕਿ ਏਮਜ਼ ਨੇ 2018 ਤੋਂ 2025 ਤੱਕ ਲਗਾਤਾਰ NIRF ਮੈਡੀਕਲ ਸ਼੍ਰੇਣੀ ਵਿੱਚ ਸਿਖਰਲਾ ਸਥਾਨ ਬਰਕਰਾਰ ਰੱਖਿਆ ਹੈ।

ਟੈਨਿਸ ਵਿੱਚ ਇਨਾਮੀ ਰਾਸ਼ੀ ਵਧਾਉਣ ਲਈ ਜੈਸਿਕਾ ਪੇਗੁਲਾ ਨੇ ਸੰਭਾਲੀ ਕਮਾਨ

ਰੋਮ, 12 ਮਈ (ਚ.ਨ.ਸ.) : ਟੈਨਿਸ ਜਗਤ ਵਿੱਚ ਖਿਡਾਰੀਆਂ ਨੂੰ ਮਿਲਣ ਵਾਲੀ ਇਨਾਮੀ ਰਾਸ਼ੀ ਨੂੰ ਲੈ ਕੇ ਇੱਕ ਵੱਡੀ ਮੁਹਿੰਮ ਸ਼ੁਰੂ ਹੋ ਗਈ ਹੈ। ਵਿਸ਼ਵ ਦੀ ਪੰਜਵੇਂ ਨੰਬਰ ਦੀ ਖਿਡਾਰਨ ਜੈਸਿਕਾ ਪੇਗੁਲਾ ਪੁਰਸ਼ ਅਤੇ ਮਹਿਲਾ ਖਿਡਾਰੀਆਂ ਨੂੰ ਇਕਜੁੱਟ ਕਰਨ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਹੈ ਤਾਂ ਜੋ ਟੂਰਨਾਮੈਂਟਾਂ, ਖਾਸ ਕਰਕੇ ਗ੍ਰੈਂਡ ਸਲੈਮਾਂ ਵਿੱਚ ਇਨਾਮੀ ਰਾਸ਼ੀ ਵਧਾਈ ਜਾ ਸਕੇ। ਇਸ ਮੁਹਿੰਮ ਨੂੰ ਵਿਸ਼ਵ ਦੇ ਨੰਬਰ ਇੱਕ ਖਿਡਾਰੀ ਯਾਨਿਕ ਸਿਨਰ ਅਤੇ ਆਰੀਨਾ ਸਬਾਲੇਂਕਾ ਦਾ ਵੀ ਭਰਪੂਰ ਸਮਰਥਨ ਮਿਲਿਆ ਹੈ।ਜੈਸਿਕਾ ਪੇਗੁਲਾ, ਜੋ ਕਿ ਖੇਡ ਪ੍ਰਬੰਧਕਾਂ ਦੇ ਪਰਿਵਾਰ ਵਿੱਚ ਪਲੀ-ਬੜ

ਸੀ.ਐਚ.ਸੀ ਭੁੰਗਾ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਮਨਾਇਆ

ਗੜ੍ਹਦੀਵਾਲਾ 12 ਮਈ ਗੌਰਵਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁੰਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਦੀ ਅਗਵਾਈ ਹੇਠ ਸੀ.ਐਚ.ਸੀ ਭੁੰਗਾ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਸੁਦੇਸ਼ ਰਾਜਨ ਨੇ ਕਿਹਾ ਕਿ ਇਸ ਦਿਨ ਦਾ ਉਦੇਸ਼ ਨਰਸਿੰਗ ਪੇਸ਼ੇ ਨਾਲ ਜੁੜੇ ਸਿਹਤ ਕਰਮਚਾਰੀਆਂ ਦੀ ਨਿਸ਼ਕਾਮ ਸੇਵਾ, ਸਮਰਪਣ ਅਤੇ ਮਨੁੱਖਤਾ ਪ੍ਰਤੀ ਯੋਗਦਾਨ ਨੂੰ ਸਨਮਾਨਿਤ ਕਰਨਾ ਹੈ। ਨਰਸਿੰਗ ਪੇਸ਼ਾ ਸਿਰਫ਼ ਇੱਕ ਨੌਕਰੀ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਚਾ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਨਰਸਾਂ ਸਿਹਤ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ, ਜੋ ਦਿਨ-ਰਾਤ ਮਰੀਜ਼ਾਂ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਂਦੀਆਂ ਹਨ। ਉਨ੍ਹਾਂ ਨੇ ਨਰਸਿੰਗ ਸਟਾਫ ਨੂੰ ਆਪਣੇ ਪੇਸ਼ੇ ਪ੍ਰਤੀ ਇਮਾਨਦਾਰੀ, ਸੇਵਾ ਭਾਵਨਾ ਅਤੇ ਸੰਵੇਦਨਸ਼ੀਲਤਾ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਅੱਗੇ ਕਿਹਾ ਕਿ ਸਿਹਤ ਵਿਭਾਗ ਪੰਜਾਬ ਵੱਲੋਂ ਨਰਸਿੰਗ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਗੁਣਵੱਤਾਪੂਰਨ ਸਿਖਲਾਈ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਨਰਸਿੰਗ ਸਟਾਫ ਦੀ ਕੋਵਿਡ ਮਹਾਂਮਾਰੀ ਸਮੇਤ ਵੱਖ-ਵੱਖ ਸਿਹਤ ਮੁਹਿੰਮਾਂ ਵਿੱਚ ਦਿੱਤੀਆਂ ਗਈਆਂ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਜਸਤਿੰਦਰ ਸਿੰਘ ਬੀ.ਈ.ਈ ਨੇ ਕਿਹਾ ਕਿ ਨਰਸਿੰਗ ਪੇਸ਼ਾ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਚਾ ਅਤੇ ਸਤਿਕਾਰਯੋਗ ਪੇਸ਼ਾ ਹੈ। ਉਨ੍ਹਾਂ ਕਿਹਾ ਕਿ ਨਰਸਾਂ ਮਰੀਜ਼ਾਂ ਦੀ ਸੇਵਾ, ਦੇਖਭਾਲ ਅਤੇ ਹੌਸਲਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਨਰਸਿੰਗ ਸਟਾਫ ਨੂੰ ਆਪਣੇ ਫਰਜ਼ਾਂ ਨੂੰ ਇਮਾਨਦਾਰੀ, ਸਮਰਪਣ ਅਤੇ ਸੇਵਾ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਬਲਵਿੰਦਰ ਸਿੰਘ ਚੀਫ ਫਾਰਮੇਸੀ ਅਫਸਰ ਅਤੇ ਸਮੂਹ ਨਰਸਿੰਗ ਸਟਾਫ ਮੌਜੂਦ ਸੀ ।

ਜਨਤਾ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਾਰਨ ਭਾਜਪਾ, ਸ਼ਿਵ ਸੈਨਾ ਤੇ ਅਵਾਧਸ ਨੇ ਪੰਜਾਬ ਸਰਕਾਰ ਦਾ ਫੂਕਿਆ ਪੁਤਲਾ

ਟਾਂਡਾ ਉੜਮੁੜ, 12 ਮਈ (ਅਰਜੁਨ ਜੈਨ)-ਪੰਜਾਬ ਚ ਅੱਤਵਾਦੀਆਂ ਵੱਲੋਂ ਹਿੰਦੂ ਨੇਤਾਵਾਂ ਨੂੰ ਮਿਲ ਰਹੀਆਂ ਧਮਕੀਆਂ, ਦਲਿਤ ਸਮਾਜ ਤੇ ਪਿਛੜੀਆਂ ਜਾਤੀਆਂ ਲਈ ਵਰਤੋਂ ਕੀਤੀ ਜਾ ਰਹੀ ਭੱਦੀ ਸ਼ਬਦਾਵਲੀ, ਭਾਜਪਾ ਨੇਤਾਵਾਂ ਤੇ ਆਪ ਲੀਡਰਾਂ ਵੱਲੋਂ ਕੀਤੇ ਜਾ ਰਹੇ ਜਾਨਲੇਵਾ ਹਮਲਿਆਂ ਅਤੇ ਬੇਅਦਬੀ ਕਾਨੂੰਨ ਚ ਹਿੰਦੂ ਤੇ ਹੋਰ ਧਰਮਾਂ ਦੀ ਕੀਤੀ ਗਈ ਅਣਦੇਖੀ ਦੇ ਰੋਸ ਵਜੋਂ ਅੱਜ ਸਰਕਾਰੀ ਹਸਪਤਾਲ ਚੌਕ ਟਾਂਡਾ ਵਿਖੇ ਭਾਜਪਾ ਨੇਤਾ ਉਪਕਾਰ ਸਿੰਘ ਬਾਵਾ, ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਅਤੇ ਅਖਿਲ ਵਾਲਮੀਕਿ ਧਰਮ ਸਮਾਜ (ਅਵਾਧਸ) ਦੇ ਪੰਜਾਬ ਸੀਨੀਅਰ ਚੇਅਰਮੈਨ ਗਗਨ ਭੱਟੀ ਦੀ ਅਗਵਾਈ ਚ ਸੈਂਕੜੇ ਵਰਕਰਾਂ ਨੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ ਪੁਤਲਾ ਫੂਕ ਪ੍ਰਦਰਸ਼ਨ ਕੀਤਾ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਭਾਜਪਾ ਨੇਤਾ ਉਪਕਾਰ ਸਿੰਘ ਬਾਵਾ ਨੇ ਕਿਹਾ ਕਿ ਬੰਗਾਲ ਚ ਭਾਜਪਾ ਦੀ ਹੋਈ ਭਾਰੀ ਜਿੱਤ ਤੋਂ ਡਰ ਕੇ ਮਾਨ ਸਰਕਾਰ ਦੇ ਹੱਥ ਪੈਰ ਫੁੱਲ ਗਏ ਹਨ ਕਿ ਹੁਣ ਪੰਜਾਬ ਚ ਵੀ ਭਾਜਪਾ ਨੇ ਸਰਕਾਰ ਬਣਾ ਲੈਣੀ ਹੈ। ਉਨ੍ਹਾਂ ਕਿਹਾ ਕਿ ਇਸੇ ਘਬਰਾਹਟ ਕਾਰਨ ਮਾਨ ਸਰਕਾਰ ਭਾਜਪਾ ਦੇ ਨੇਤਾਵਾਂ ਤੇ ਝੂਠੇ ਪਰਚੇ ਦਰਜ ਕਰਨ ਤੋਂ ਇਲਾਵਾ ਭਾਜਪਾ ਵਰਕਰਾਂ ਤੇ ਜਾਨਲੇਵਾ ਹਮਲੇ ਕਰ ਕੇ ਦਹਿਸ਼ਤ ਦਾ ਮਾਹੌਲ ਪੈਦਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਇਹ ਤਾਨਾਸ਼ਾਹੀ ਭਾਜਪਾ ਵਰਕਰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਅਤੇ ਸਮਾਂ ਆਉਣ ਤੇ ਇਸ ਦਾ ਢੁਕਵਾਂ ਜਵਾਬ ਦੇਣਗੇ।ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਨੇ ਕਿਹਾ ਕਿ ਪੰਜਾਬ ਚ ਅੱਤਵਾਦੀ ਸ਼ਰੇਆਮ ਹਿੰਦੂ ਨੇਤਾਵਾਂ ਨੂੰ ਜਾਨੋ ਮਾਰ ਦੇਣ ਦੀਆਂ ਧਮਕੀਆਂ ਦੇ ਰਹੇ ਹਨ ਅਤੇ ਮਾਨ ਸਰਕਾਰ ਦਾ ਪੁਲਸ ਪ੍ਰਸ਼ਾਸਨ ਕਾਗਜੀ ਕਾਰਵਾਈਆਂ ਕਰ ਕੇ ਖਾਨਾ ਪੂਰਤੀ ਕਰਦੇ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਚ ਲਾਅ ਐਂਡ ਆਰਡਰ ਖਤਮ ਹੋ ਚੁੱਕਿਆ ਹੈ, ਦਿਨ ਦਿਹਾੜੇ ਲੁੱਟਾਂ ਖੋਹਾਂ ਤੇ ਕਤਲੇਆਮ ਦੀਆਂ ਵਾਰਦਾਤਾਂ ਚ ਵਾਧਾ ਹੁੰਦਾ ਜਾ ਰਿਹਾ ਹੈ। ਉਨਾਂ ਕਿਹਾ ਕਿ ਮਾਨ ਸਰਕਾਰ ਕਈ ਧਰਮਾਂ ਦੀ ਬੇਅਦਬੀ ਲਈ ਕਈ ਕਾਨੂੰਨ ਪਾਸ ਕਰਦੀ ਜਾ ਰਹੀ ਹੈ ਪਰ ਹਿੰਦੂਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਅਨਦੇਖਾ ਕਰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ।ਅਖਿਲ ਵਾਲਮੀਕਿ ਧਰਮ ਸਮਾਜ ਦੇ ਪੰਜਾਬ ਸੀਨੀਅਰ ਚੇਅਰਮੈਨ ਗਗਨ ਭੱਟੀ ਨੇ ਕਿਹਾ ਕਿ ਮਾਨ ਸਰਕਾਰ ਨੇ ਜਾਤੀਗਤ ਜਨਗਣਨਾ ਚ ਜਿਹੜੇ ਇਤਰਾਜ਼ਯੋਗ ਸ਼ਬਦਾਵਲੀ ਦੀ ਵਰਤੋਂ ਕੀਤੀ ਹੈ ਉਸ ਨੂੰ ਦਲਿਤ ਸਮਾਜ ਕਦੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਲਿਤ ਸਮਾਜ ਅਤੇ ਪਿਛੜੀਆਂ ਜਾਤੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਦੀ ਥਾਂ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਜਿਸ ਤਰ੍ਹਾਂ ਠੇਸ ਪਹੁੰਚਾ ਰਹੀ ਹੈ ਉਸ ਨੂੰ ਅਖਿਲ ਵਾਲਮੀਕਿ ਧਰਮ ਸਮਾਜ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਅੱਖੋਂ ਪਰੋਖੇ ਕਰ ਕੇ ਜਿਹੜਾ ਬੇਅਦਬੀ ਵਿਰੋਧੀ ਕਾਨੂੰਨ ਪਾਸ ਕੀਤਾ ਹੈ ਉਸ ਚ ਕਈ ਖਾਮੀਆਂ ਹਨ ਜਿਸ ਨੂੰ ਮਾਨ ਸਰਕਾਰ ਜਲਦ ਦਰੁਸਤ ਕਰੇ ਨਹੀਂ ਤਾਂ ਇਸਦਾ ਖਾਮਿਆਜ਼ਾ, ਆਪ ਪਾਰਟੀ ਨੂੰ ਬੜਾ ਹੀ ਮਹਿੰਗਾ ਪਵੇਗਾ।

ਧੀ ਮਾਰੂ ਸੋਚ ਬਰਦਾਸ਼ਤ ਨਹੀਂ, ਕਾਨੂੰਨ ਤੋੜਨ ਵਾਲੇ ਜਾਣਗੇ ਜੇਲ੍ਹ : ਡਾ. ਹਰੀਸ਼ ਕਿਰਪਾਲ

ਨਵਾਂਸ਼ਹਿਰ, 12 ਮਈ - ਸੁਖਦੇਵ ਸਿੰਘ ਉੜਾਪੜ :ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਹਰੀਸ਼ ਕਿਰਪਾਲ ਵੱਲੋਂ ਅੱਜ ਨਵਾਂਸ਼ਹਿਰ ਵਿੱਚ ਚਾਰ ਤੇ ਰਾਹੋਂ ਵਿੱਚ ਇਕ ਨਿੱਜੀ ਅਲਟਰਾਸਾਊਂਡ ਸਕੈਨ ਸੈਂਟਰਾਂ 'ਤੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਰਿਕਾਰਡ ਦੀ ਬਰੀਕੀ ਨਾਲ ਜਾਂਚ ਕੀਤੀ ਗਈ। ਕਾਰਵਾਈ ਦੌਰਾਨ ਕਾਰਜਕਾਰੀ ਪੀ.ਐਨ.ਡੀ.ਟੀ. ਕੋਆਰਡੀਨੇਟਰ ਹਰਨੇਕ ਸਿੰਘ ਵੀ ਮੌਜੂਦ ਰਹੇ।ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਹਰੀਸ਼ ਕਿਰਪਾਲ ਨੇ ਕਿਹਾ ਕਿ ਪੀ.ਸੀ.ਪੀ.ਐਨ.ਡੀ.ਟੀ. ਐਕਟ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਗਰਭ ਅਵਸਥਾ ਦੌਰਾਨ ਲਿੰਗ ਜਾਂਚ ਕਰਨਾ ਜਾਂ ਕਰਵਾਉਣਾ ਗੰਭੀਰ ਅਪਰਾਧ ਹੈ ਅਤੇ ਦੋਸ਼ੀ ਸਾਬਤ ਹੋਣ 'ਤੇ ਘੱਟੋ-ਘੱਟ ਤਿੰਨ ਸਾਲ ਦੀ ਕੈਦ ਦੀ ਸਜ਼ਾ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਇਸ ਐਕਟ ਦਾ ਮੁੱਖ ਉਦੇਸ਼ ਮਾਦਾ ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ 'ਤੇ ਰੋਕ ਲਗਾਉਣਾ ਅਤੇ ਮੈਡੀਕਲ ਤਕਨੀਕਾਂ ਦੀ ਗਲਤ ਵਰਤੋਂ ਨੂੰ ਰੋਕਣਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਇਸ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ ਅਤੇ ਹਰ ਗਤੀਵਿਧੀ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ।ਡਾ. ਕਿਰਪਾਲ ਨੇ ਸੈਂਟਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਪੀ.ਸੀ.ਪੀ.ਐਨ.ਡੀ.ਟੀ. ਐਕਟ ਦੀਆਂ ਧਾਰਾਵਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ, ਨਹੀਂ ਤਾਂ ਸਖ਼ਤ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਲਿੰਗ ਜਾਂਚ 'ਤੇ ਸਖ਼ਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਲੰਘਣਾ ਕਰਨ 'ਤੇ ਗੱਲ ਜੇਲ੍ਹ ਤੱਕ ਪਹੁੰਚੇਗੀ।

ਫਾਜ਼ਿਲਕਾ ਪੁਲਿਸ ਪ੍ਰਸ਼ਾਸਨ ਵਿੱਚ ਵੱਡਾ ਫੇਰਬਦਲ, ਇੰਸਪੈਕਟਰ ਪਰਮਜੀਤ ਕੁਮਾਰ ਨੇ ਸੰਭਾਲਿਆ ਥਾਣਾ ਸਿਟੀ ਦਾ ਚਾਰਜ

ਫ਼ਾਜ਼ਿਲਕਾ 12 ਮਈ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਫ਼ਾਜ਼ਿਲਕਾ ਜ਼ਿਲ੍ਹੇ ਦੇ ਨਵ-ਨਿਯੁਕਤ ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਵੱਲੋਂ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਜ਼ਿਲ੍ਹੇ ਦੀ ਕਾਨੂੰਨ-ਵਿਵਸਥਾ ਨੂੰ ਹੋਰ ਚੁਸਤ-ਦਰੁਸਤ ਬਣਾਉਣ ਲਈ ਪੁਲਿਸ ਪ੍ਰਸ਼ਾਸਨ ਵਿੱਚ ਵੱਡਾ ਫੇਰਬਦਲ ਕੀਤਾ ਗਿਆ ਹੈ। ਜਾਰੀ ਤਾਜ਼ਾ ਹੁਕਮਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੇ ਮੁਖੀਆਂ ਦੇ ਤਬਾਦਲੇ ਕੀਤੇ ਗਏ ਹਨ। ਇਨ੍ਹਾਂ ਤਬਾਦਲਿਆਂ ਤਹਿਤ ਇੰਸਪੈਕਟਰ ਪਰਮਜੀਤ ਕੁਮਾਰ ਨੂੰ ਥਾਣਾ ਅਰਨੀਵਾਲਾ ਤੋਂ ਤਬਦੀਲ ਕਰਕੇ ਥਾਣਾ ਸਿਟੀ ਫ਼ਾਜ਼ਿਲਕਾ ਦਾ ਮੁੱਖ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਦੂਜੇ ਪਾਸੇ, ਥਾਣਾ ਸਿਟੀ ਫ਼ਾਜ਼ਿਲਕਾ ਵਿੱਚ ਤਾਇਨਾਤ ਇੰਸਪੈਕਟਰ ਸਚਿਨ ਕੰਬੋਜ ਨੂੰ ਬਦਲ ਕੇ ਥਾਣਾ ਸਿਟੀ ਜਲਾਲਾਬਾਦ ਦਾ ਮੁੱਖ ਅਫ਼ਸਰ ਲਗਾਇਆ ਗਿਆ ਹੈ। ਹੁਕਮਾਂ ਤੋਂ ਤੁਰੰਤ ਬਾਅਦ ਇੰਸਪੈਕਟਰ ਪਰਮਜੀਤ ਕੁਮਾਰ ਨੇ ਅੱਜ ਥਾਣਾ ਸਿਟੀ ਫ਼ਾਜ਼ਿਲਕਾ ਵਿਖੇ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਪਰਮਜੀਤ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਵਿੱਚ ਸੁਰੱਖਿਆ ਦਾ ਮਾਹੌਲ ਬਣਾਈ ਰੱਖਣਾ ਹੋਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ, ਗੈਰ-ਕਾਨੂੰਨੀ ਗਤੀਵਿਧੀਆਂ ਅਤੇ ਅਪਰਾਧਿਕ ਤੱਤਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣਾ ਅਤੇ ਲੋਕਾਂ ਨੂੰ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਦੇਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ ਉਨ੍ਹਾਂ ਕਿਹਾ ਕਿ ਸੀਨੀਅਰ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਟੀਮਵਰਕ ਨਾਲ ਕੰਮ ਕਰਦਿਆਂ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇਗੀ। ਨਾਲ ਹੀ ਪੁਲਿਸ ਦੀਆਂ ਪੀ.ਸੀ.ਆਰ. ਟੀਮਾਂ ਸ਼ਹਿਰ ਦੇ ਭੀੜ-ਭੜੱਕੇ ਵਾਲੇ ਇਲਾਕਿਆਂ ਅਤੇ ਵਿਦਿਅਕ ਸੰਸਥਾਵਾਂ ਦੇ ਬਾਹਰ ਲਗਾਤਾਰ ਗਸ਼ਤ ਕਰਨਗੀਆਂ ਤਾਂ ਜੋ ਔਰਤਾਂ ਅਤੇ ਵਿਦਿਆਰਥਣਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਅੰਤ ਵਿੱਚ ਉਨ੍ਹਾਂ ਦੁਹਰਾਇਆ ਕਿ ਪੁਲਿਸ ਦਾ ਮੁੱਖ ਮਕਸਦ ਲੋਕਾਂ ਦੀ ਸੇਵਾ ਅਤੇ ਸੁਰੱਖਿਆ ਹੈ। ਉਨ੍ਹਾਂ ਦੇ ਅਹੁਦਾ ਸੰਭਾਲਣ ਨਾਲ ਸ਼ਹਿਰ ਵਾਸੀਆਂ ਵਿੱਚ ਉਮੀਦ ਜਗੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਦੀ ਕਾਨੂੰਨ-ਵਿਵਸਥਾ ਵਿੱਚ ਹੋਰ ਸੁਧਾਰ ਦੇਖਣ ਨੂੰ ਮਿਲੇਗਾ।

ਹਰਚੋਵਾਲ-ਗੁਰਦਾਸਪੁਰ ਸੜਕ ਦੇ ਬੁਰਾ ਹਾਲ, ਰੋਜ਼ਾਨਾ ਵਾਪਰ ਰਹੇ ਹਾਦਸੇ

ਸ੍ਰੀ ਹਰਗੋਬਿੰਦਪੁਰ ਸਾਹਿਬ12 ਮਈ :-(ਡਾਕਟਰ ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ) ਹਰਚੋਵਾਲ ਤੋਂ ਗੁਰਦਾਸਪੁਰ ਜਾਣ ਵਾਲੀ ਮੁੱਖ ਸੜਕ ਦੇ ਹਾਲਾਤ ਦਿਨੋਂ-ਦਿਨ ਖ਼ਰਾਬ ਹੁੰਦੇ ਜਾ ਰਹੇ ਹਨ। ਟੁੱਟੀ ਸੜਕ, ਧੱਸ ਚੁੱਕੀ ਪੁਲੀ ਅਤੇ ਖੜ੍ਹੇ ਪਾਣੀ ਕਾਰਨ ਇਸ ਮਾਰਗ 'ਤੇ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ, ਜਿਸ ਨਾਲ ਲੋਕਾਂ ਦੀ ਜਾਨ ਨੂੰ ਗੰਭੀਰ ਖ਼ਤਰਾ ਬਣਿਆ ਹੋਇਆ ਹੈ। ਇਲਾਕਾ ਵਾਸੀਆਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਲੰਮੇ ਸਮੇਂ ਤੋਂ ਸੜਕ ਦੀ ਮੁਰੰਮਤ ਦੀ ਮੰਗ ਕੀਤੀ ਜਾ ਰਹੀ ਹੈ, ਪਰ ਪ੍ਰਸ਼ਾਸਨ ਵੱਲੋਂ ਅਜੇ ਤੱਕ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ।ਸਥਾਨਕ ਲੋਕਾਂ ਨੇ ਦੱਸਿਆ ਕਿ ਸੜਕ ਦੇ ਹੇਠਾਂ ਬਣੀ ਪੁਲੀ ਵੀ ਹੇਠਾਂ ਨੂੰ ਧੱਸ ਚੁੱਕੀ ਹੈ, ਜਿਸ ਕਾਰਨ ਵਾਹਨਾਂ ਦੀ ਆਵਾਜਾਈ ਬਹੁਤ ਖ਼ਤਰਨਾਕ ਹੋ ਗਈ ਹੈ। ਸੜਕ 'ਤੇ ਪਾਣੀ ਖੜ੍ਹਾ ਰਹਿਣ ਕਰਕੇ ਵੱਡੇ ਖੱਡੇ ਬਣ ਚੁੱਕੇ ਹਨ ਅਤੇ ਰੋਜ਼ਾਨਾ ਦਰਜਨਾਂ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ। ਕਈ ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਵੀ ਹੋ ਚੁੱਕੇ ਹਨ।ਬੀਤੇ ਦਿਨ ਇਸ ਸੜਕ ਦੀ ਮਾੜੀ ਹਾਲਤ ਕਾਰਨ ਕਣਕ ਨਾਲ ਭਰੀ ਇੱਕ ਟਰਾਲੀ ਸੜਕ ਦੇ ਧੱਸੇ ਹਿੱਸੇ ਵਿੱਚ ਫਸ ਗਈ, ਜਿਸ ਨਾਲ ਕਿਸਾਨ ਨੂੰ ਕਾਫ਼ੀ ਆਰਥਿਕ ਨੁਕਸਾਨ ਝੱਲਣਾ ਪਿਆ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਸੜਕ ਦੀ ਮੁਰੰਮਤ ਨਾ ਹੋਈ ਤਾਂ ਕੋਈ ਵੱਡਾ ਹਾਦਸਾ ਵੀ ਵਾਪਰ ਸਕਦਾ ਹੈ।ਇਸ ਮੌਕੇ ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾ

ਗਲੋਬਲ ਡਿਸਕਵਰੀ 'ਚ 'ਆਪ੍ਰੇਸ਼ਨ ਸਿੰਦੂਰ' ਦੀ ਵਰ੍ਹੇਗੰਢ ਮੌਕੇ ਜੋਸ਼ੀਲੇ ਭਾਸ਼ਣ ਨਾਲ ਗੂੰਜਿਆ ਮਾਹੌਲ

ਰਾਮਪੁਰਾ ਫੂਲ,12 ਮਈ (ਮਨਪ੍ਰੀਤ ਮਿੰਟੂ): ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਵਿੱਚ ਸਕੂਲ ਪ੍ਰਿੰਸੀਪਲ ਕਾਵਿਆ ਅਸੀਜਾ ਦੀ ਅਗਵਾਈ ਹੇਠ "ਮਿਸ਼ਨ ਸਿੰਦੂਰ" ਦੀ ਵਰ੍ਹੇਗੰਢ ਮੌਕੇ ਭਾਰਤੀ ਫੌਜ ਦੇ ਸਹਿਯੋਗ ਨਾਲ ਇੱਕ ਪ੍ਰੇਰਣਾਦਾਇਕ ਸੈਮੀਨਾਰ ਤੇ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਆਰਮੀ ਏਅਰ ਡਿਫੈਂਸ, ਬਠਿੰਡਾ ਕੈਂਟ ਤੋਂ ਲੈਫਟੀਨੈਂਟ ਕਰਨਲ ਵਿਜੈ ਰਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਲੈਫਟੀਨੈਂਟ ਕਰਨਲ ਵਿਜੈ ਰਾਵਾ ਨੇ ਆਪਣੇ ਫੌਜੀ ਅਨੁਭਵ ਵਿਦਿਆਰਥੀਆਂ ਨਾਲ ਸਾਂਝੇ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੇ ਜੰਮੂ-ਕਸ਼ਮੀਰ ਵਿੱਚ ਸੱਤ ਸਾਲ ਤੋਂ ਵੱਧ ਸਮੇਂ ਤੱਕ 'ਕਾਊਂਟਰ ਟੈਰਰਿਜ਼ਮ' ਅਪ੍ਰੇਸ਼ਨਾਂ ਵਿੱਚ ਸੇਵਾ ਨਿਭਾਈ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ "ਆਪਰੇਸ਼ਨ ਸਿੰਦੂਰ" ਦੀ ਪੂਰੀ ਪ੍ਰਕਿਰਿਆ ਵਿਸਥਾਰ ਨਾਲ ਸਮਝਾਈ ਅਤੇ ਦੱਸਿਆ ਕਿ ਕਿਸ ਤਰ੍ਹਾਂ ਭਾਰਤੀ ਫੌਜ ਪੂਰੀ ਚੌਕਸੀ, ਰਣਨੀਤੀ ਅਤੇ ਤਕਨੀਕੀ ਦਖਲ ਨਾਲ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਦੀ ਹੈ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪਹਿਲਗਾਮ ਵਿੱਚ ਹੋਏ ਆਤੰਕੀ ਹਮਲੇ ਬਾਰੇ ਵੀ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਜਵਾਬ ਵਜੋਂ ਭਾਰਤੀ ਫੌਜ ਵੱਲੋਂ 7 ਮਈ ਨੂੰ "ਆਪਰੇਸ਼ਨ ਸਿੰਦੂਰ" ਚਲਾਇਆ ਗਿਆ। ਲੈਫਟੀਨੈਂਟ ਕਰਨਲ ਵਿਜੈ ਰਾਵਾ ਨੇ ਵਿਦਿਆਰਥੀਆਂ ਨੂੰ ਇਹ ਵੀ ਪ੍ਰੇਰਿਤ ਕੀਤਾ ਕਿ ਉਹ ਸਹੀ ਸੋਸ਼ਲ ਮੀਡੀਆ ਅਤੇ ਖ਼ਬਰ ਮਾਧਿਅਮਾਂ ਰਾਹੀਂ ਦੇਸ਼-ਦੁਨੀਆ ਦੀਆਂ ਮਹੱਤਵਪੂਰਨ ਘਟਨਾਵਾਂ ਅਤੇ ਫੌਜ ਨਾਲ ਜੁੜੀਆਂ ਜਾਣਕਾਰੀਆਂ ਬਾਰੇ ਸੁਚੇਤ ਰਹਿਣ, ਤਾਂ ਜੋ ਉਨ੍ਹਾਂ ਵਿੱਚ ਰਾਸ਼ਟਰਰਹਿਤ ਪ੍ਰਤੀ ਸਮਝ ਅਤੇ ਜਾਗਰੂਕਤਾ ਵਿਕਸਿਤ ਹੋਵੇ। ਭਾਸ਼ਣ ਤੋਂ ਬਾਅਦ ਪਾਵਰਪੌਇੰਟ ਪ੍ਰਸਤੁਤੀ ਤੇ ਸਵਾਲ ਜਵਾਬ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ 'ਤੇ ਸਕੂਲ ਦੇ ਉਪ-ਚੇਅਰਮੈਨ ਅਮਿਤ ਸਰਾਫ ਨੇ ਕਿਹਾ ਕਿ ਭਾਰਤੀ ਫੌਜ ਦੇ ਅਧਿਕਾਰੀ ਵੱਲੋਂ ਅਜਿਹੇ ਆਯੋਜਨ ਬੱਚਿਆਂ ਵਿੱਚ ਦੇਸ਼-ਪ੍ਰੇਮ, ਜ਼ਿੰਮੇਵਾਰੀ ਤੇ ਸਮਰਪਣ ਦੀ ਭਾਵਨਾ ਨੂੰ ਵਿਕਸਿਤ ਕਰਦੇ ਹਨ। ਕਾਰਜਕ੍ਰਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਵੱਲੋਂ ਮਿਸ ਨੰਦਿਨੀ ਗਰਗ ਨੇ ਵਿਜੈ ਰਾਵਾ ਦਾ ਧੰਨਵਾਦ ਕੀਤਾ।

ਬਾਰ ਐਸੋਸੀਏਸ਼ਨ ਧੂਰੀ ਨੂੰ 4 ਲੱਖ ਦੀ ਗਰਾਂਟ ਮਿਲੀ

ਧੂਰੀ, 12 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਾਰ ਐਸੋਸੀਏਸ਼ਨ ਧੂਰੀ ਲਈ 4 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ। ਇਸ ਗਰਾਂਟ ਦੇ ਮਿਲਣ ਨਾਲ ਵਕੀਲ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਬਾਰ ਐਸੋਸੀਏਸ਼ਨ ਧੂਰੀ ਦੇ ਮੈਂਬਰਾਂ ਨੇ ਇਸ ਫੈਸਲੇ ਨੂੰ ਵਕੀਲਾਂ ਦੀ ਭਲਾਈ ਲਈ ਇਕ ਮਹੱਤਵਪੂਰਨ ਕਦਮ ਕਰਾਰ ਦਿੱਤਾ ਹੈ। ਇਸ ਮੌਕੇ ਗੁਰਵਿੰਦਰ ਸਿੰਘ ਸਰਾਓ ਪ੍ਰਧਾਨ ਆਮ ਆਦਮੀ ਪਾਰਟੀ ਲੀਗਲ ਵਿੰਗ ਧੂਰੀ ਅਤੇ ਅਮਨਦੀਪ ਸਿੰਘ ਚਹਿਲ ਪ੍ਰਧਾਨ ਬਾਰ ਐਸੋ.ਧੂਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੁਖਵੀਰ ਸਿੰਘ ਓ.ਐਸ.ਡੀ. ਮੁੱਖ ਮੰਤਰੀ ਪੰਜਾਬ ਦਾ ਵਿਸ਼ੇਸ਼ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਵਕੀਲ ਭਾਈਚਾਰੇ ਦੀਆਂ ਜਾਇਜ਼ ਮੰਗਾਂ ਪ੍ਰਤੀ ਸੰਵੇਦਨਸ਼ੀਲ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਗਰਾਂਟ ਬਾਰ ਐਸੋਸੀਏਸ਼ਨ ਧੂਰੀ ਦੇ ਵਿਕਾਸ ਕਾਰਜਾਂ ਅਤੇ ਮੈਂਬਰਾਂ ਦੀਆਂ ਸਹੂਲਤਾਂ ਵਿੱਚ ਵਾਧਾ ਕਰਨ ਲਈ ਵਰਤੀ ਜਾਵੇਗੀ। ਇਸ ਨਾਲ ਬਾਰ ਰੂਮ ਅਤੇ ਹੋਰ ਜ਼ਰੂਰੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ। ਗੁਰਵਿੰਦਰ ਸਿੰਘ ਸਰਾਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਮੇਸ਼ਾਂ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਕੀਲਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਅਮਨਦੀਪ ਸਿੰਘ ਚਹਿਲ ਨੇ ਕਿਹਾ ਕਿ ਬਾਰ ਐਸੋਸੀਏਸ਼ਨ ਧੂਰੀ ਮੁੱਖ ਮੰਤਰੀ ਵੱਲੋਂ ਦਿੱਤੀ ਗਈ ਇਸ ਗਰਾਂਟ ਲਈ ਹਮੇਸ਼ਾਂ ਆਭਾਰੀ ਰਹੇਗੀ। ਉਨ੍ਹਾਂ ਕਿਹਾ ਕਿ ਇਸ ਸਹਾਇਤਾ ਨਾਲ ਐਸੋਸੀਏਸ਼ਨ ਦੇ ਕੰਮਾਂ ਨੂੰ ਹੋਰ ਬਿਹਤਰ ਢੰਗ ਨਾਲ ਚਲਾਇਆ ਜਾ ਸਕੇਗਾ।

ਇਸ ਮੌਕੇ ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰਾਂ ਗੁਰਪ੍ਰੀਤ ਸਿੰਘ ਗਿੱਲ ਸੈਕਟਰੀ, ਸਰਫਰਾਜ ਅਲੀ ਜੁਆਇੰਟ ਸੈਕਟਰੀ, ਸਤਿੰਦਰ ਸਿੰਘ ਖਜਾਨਚੀ, ਕੇਵਲ ਸਿੰਘ ਚਹਿਲ ਸਾਬਕਾ ਪ੍ਰਧਾਨ, ਬੀ.ਐਸ. ਹਰੀਕਾ ਮੀਤ ਪ੍ਰਧਾਨ ਲੀਗਲ ਵਿੰਗ ਆਮ ਆਦਮੀ ਪਾਰਟੀ, ਅਮਿਤ ਗਰਗ ਮੀਤ ਪ੍ਰਧਾਨ ਆਮ ਆਦਮੀ ਪਾਰਟੀ ਲੀਗਲ ਵਿੰਗ ਕੁਲਦੀਪ ਸਿੰਘ ਸੰਧੂ ਜੁਆਇੰਟ ਸੈਕਟਰੀ ਆਮ ਆਦਮੀ ਪਾਰਟੀ ਲੀਗਲ ਸੈਲ, ਹਰਸ਼ ਜਿੰਦਲ, ਗਾਂਧੀ ਸਿੰਘ ਐਡਵੋਕੇਟ, ਬਲਵਿੰਦਰ ਸਿੰਘ ਸੋਹੀ, ਅਮਨਜੀਤ ਸਿੰਘ ਭਸੌੜ, ਬਲਜੀਤ ਸਿੰਘ ਸਿੱਧੂ, ਰਜਨੀਸ਼ ਧੀਰ, ਐਸ.ਕੇ. ਸ਼ੋਰੀ, ਆਦਿ ਨੇ ਵੀ ਪੰਜਾਬ ਸਰਕਾਰ ਦੇ ਇਸ ਫੈਸਲੇ ਦੀ ਸਰਾਹਨਾ ਕੀਤੀ ਅਤੇ ਮੁੱਖ ਮੰਤਰੀ ਦਾ ਧੰਨਵਾਦ ਪ੍ਰਗਟਾਇਆ।

ਡੇਰਾ ਬੋਪੁਰ ਦੇ 8ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਸੰਤ ਸੰਮੇਲਨ 21 ਨੂੰ : ਸੰਤ ਬਾਬਾ ਜਗਦੀਸ਼ ਦਾਸ ਜੀ

ਖਨੌਰੀ 12 ਮਈ (ਓਮਪ੍ਰਕਾਸ ਮੁਆਲ): ਸ੍ਰੀ ਗੁਰੂ ਰਵਿਦਾਸ ਮੰਦਿਰ ਬੇਗਮਪੁਰਾ ਧਰਮ ਅਸਥਾਨ ਡੇਰਾ ਬੋਪੁਰ ਦਾ 8 ਵਾਂ ਸਥਾਪਨਾ ਦਿਵਸ 21 ਮਈ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਬਾਰੇ ਨਜ਼ਦੀਕੀ ਪਿੰਡ ਠਸਕਾ ਵਿੱਚ ਜਾਣਕਾਰੀ ਦਿੰਦਿਆਂ ਮੁੱਖ ਸੰਚਾਲਕ ਸ੍ਰੀ ਮਾਨ ਸੰਤ ਬਾਬਾ ਜਗਦੀਸ਼ ਦਾਸ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੋਪੁਰ ਡੇਰੇ ਦਾ ਸਥਾਪਨਾ ਦਿਵਸ 21 ਮਈ ਦਿਨ ਵੀਰਵਾਰ ਨੂੰ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਸ੍ਰੀ 108 ਸੰਤ ਨਿਰੰਜਣ ਦਾਸ ਜੀ ਮਹਾਰਾਜ ਡੇਰਾ ਸੱਚਖੰਡ ਬੱਲਾ (ਜਲੰਧਰ) ਵਿਸ਼ੇਸ਼ ਤੌਰ ਪਹੁੰਚ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੌਰਾਨ ਹੋਰ ਸੰਤ ਮਹਾਂਪੁਰਸ਼ ਵੀ ਹਾਜ਼ਰੀ ਭਰਦੇ ਹੋਏ ਸੰਗਤਾਂ ਨੂੰ ਸ਼ਬਦ ਵਿਚਾਰ ਤੇ ਕਥਾ ਕੀਰਤਨ ਰਾਹੀਂ ਗੁਰੂਆਂ ਦੇ ਦਰਸ਼ਾਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਗੁਰੂ ਰਵਿਦਾਸ ਸੁਸਾਇਟੀ, ਡਾ. ਭੀਮ ਰਾਓ ਅੰਬੇਡਕਰ ਲੋਕ ਭਲਾਈ ਕਲੱਬ ਪਿੰਡ ਬੋਪੁਰ ਅਤੇ ਸਮੂਹ ਇਲਾਕਾ ਨਿਵਾਸੀ ਤੇ ਪਿੰਡ ਠਸਕਾ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

ਪਿੰਡ ਮੰਡੀ ਕਲਾਂ ਦੀ ਨਾਬਾਲਗ ਲੜਕੀ 10 ਦਿਨਾਂ ਤੋਂ ਲਾਪਤਾ

ਰਾਮਪੁਰਾ ਫੂਲ, 12 ਮਈ (ਮਨਪ੍ਰੀਤ ਮਿੰਟੂ): ਪਿੰਡ ਮੰਡੀ ਕਲਾਂ ਦੀ ਇਕ ਨਾਬਾਲਗ ਲੜਕੀ ਪਿਛਲੇ ਦਸ ਦਿਨਾਂ ਤੋਂ ਭੇਦਭਰੇ ਹਾਲਾਤਾਂ ਵਿੱਚ ਲਾਪਤਾ ਹੈ,ਜਿਸਦੀ ਹਾਲੇ ਕੋਈ ਤੱਕ ਕੋਈ ਉੱਘ ਸੁੱਘ ਨਹੀਂ ਮਿਲੀ। ਜਦੋਂ ਕਿ ਦੂਜੇ ਪਾਸੇ ਥਾਣਾ ਬਾਲਿਆਂਵਾਲੀ ਦੇ ਐਸ ਐਚ ਓ ਫਰਵਿੰਦਰ ਸਿੰਘ ਨੇ ਕਿਹਾ ਹੈ ਕਿ ਪੁਲਿਸ ਵੱਖ ਵੱਖ ਥਾਵਾਂ ਤੇ ਪੜਤਾਲ ਕਰ ਰਹੀ ਹੈ, ਜਲਦੀ ਹੀ ਲੜਕੀ ਨੂੰ ਮਾਪਿਆਂ ਹਵਾਲੇ ਕਰ ਦਿੱਤਾ ਜਾਵੇਗਾ।ਮਿਲੇ ਵੇਰਵਿਆਂ ਅਨੁਸਾਰ ਲੜਕੀ ਗੋਰਖੀ ਪੁੱਤਰੀ ਜਰਨੈਲ ਰਾਮ ਅੱਜ ਤੋਂ ਤਕਰੀਬਨ ਦਸ ਕੁ ਦਿਨ ਪਹਿਲਾਂ ਅਚਾਨਕ ਘਰੋਂ ਚਲੀ ਗਈ, ਜਿਸਦੀ ਕਾਫੀ ਪੜਤਾਲ ਕੀਤੀ, ਪਰ ਉਸਦਾ ਕੋਈ ਥਹੁ ਪਤਾ ਨਹੀਂ ਚੱਲਿਆ। ਉਪਰੰਤ ਲੜਕੀ ਦੇ ਵਾਰਸਾਂ ਨੇ ਥਾਣਾ ਬਾਲਿਆਂਵਾਲੀ ਵਿਖੇ ਲੜਕੀ ਦੇ ਗੁੰਮ ਹੋਣ ਦੀ ਰਪਟ ਦਰਜ ਕਰਵਾ ਦਿੱਤੀ,ਪਰ ਦਸ ਦਿਨ ਲੰਘ ਜਾਣ ਦੇ ਬਾਵਜੂਦ ਵੀ ਮਾਮਲਾ ਹੱਲ ਨਹੀਂ ਹੋ ਸਕਿਆ। ਉਧਰ ਅੱਜ ਪਰਿਵਾਰ ਸਮੇਤ ਪਿੰਡ ਵਾਸੀਆਂ ਦਾ ਵੱਡਾ ਇਕੱਠ ਕੀਤਾ, ਜਿਸ ਵਿੱਚ ਥਾਣਾ ਬਾਲਿਆਂਵਾਲੀ ਦੇ ਮੁਖੀ ਫਰਵਿੰਦਰ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਾਮਲ ਹੋਕੇ ਪਿੰਡ ਦੀ ਸਮੁੱਚੀ ਪੰਚਾਇਤ, ਪਰਿਵਾਰ ਤੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਵਾਇਆ ਕਿ ਜਲਦੀ ਹੀ ਲੜਕੀ ਦਾ ਪਤਾ ਕਰ ਲਿਆ ਜਾਵੇਗਾ। ਉਹਨਾਂ ਦੱਸਿਆ ਕਿ ਮਾਮਲਾ ਹੱਲ ਕਰਨ ਲਈ ਪੁਲਸ ਸਿਰਤੋੜ ਯਤਨ ਕਰ ਰਹੀ ਹੈ।

ਪਦਮਜੀਤ ਮਹਿਤਾ ਵੱਲੋਂ ਲਾਲ ਸਿੰਘ ਬਸਤੀ 'ਚ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ

ਬਠਿੰਡਾ, 12 ਮਈ (ਦੀਪਕ ਸ਼ਰਮਾ): ਵਾਰਡ ਨੰ. 30 ਦੇ ਵਸਨੀਕਾਂ ਨੂੰ ਦਰਪੇਸ਼ ਸੀਵਰੇਜ ਦੀ ਵੱਡੀ ਮੁਸ਼ਕਲ ਦਾ ਹੱਲ ਕਰਦਿਆਂ ਸਾਬਕਾ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਲਾਲ ਸਿੰਘ ਨਗਰ ਇਲਾਕੇ ਵਿੱਚ ਨਵੀਂ ਸੀਵਰੇਜ ਪਾਈਪਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਸੋਮਵਾਰ ਨੂੰ ਕਰਵਾਏ

ਗਏ ਇੱਕ ਸਮਾਗਮ ਦੌਰਾਨ ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਕਰੀਬ ਡੇਢ ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਇਸ ਮੌਕੇ ਇਲਾਕੇ ਦੇ ਲੋਕਾਂ ਨੇ ਇਕੱਠੇ ਹੋ ਕੇ ਪਦਮਜੀਤ ਮਹਿਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਡੇਢ ਦਹਾਕੇ ਤੋਂ ਉਹ ਇਸ ਸਹੂਲਤ ਨੂੰ ਤਰਸ ਰਹੇ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਦਮਜੀਤ ਮਹਿਤਾ ਨੇ ਕਿਹਾ ਕਿ ਲਾਲ ਸਿੰਘ ਬਸਤੀ ਵਿੱਚ ਪਿਛਲੇ 15 ਸਾਲਾਂ ਤੋਂ ਸੀਵਰੇਜ ਨਾ ਹੋਣ ਕਾਰਨ ਗੰਦਾ ਪਾਣੀ ਗਲੀਆਂ ਵਿੱਚ ਖੜ੍ਹਦਾ ਸੀ, ਜਿਸ ਕਾਰਨ ਲੋਕ ਬੇਹੱਦ ਪਰੇਸ਼ਾਨ ਸਨ। ਨਗਰ ਨਿਗਮ ਨੇ ਇਲਾਕਾ ਨਿਵਾਸੀਆਂ ਦੀ ਮੰਗ ਨੂੰ ਪਹਿਲ ਦੇ ਅਧਾਰ 'ਤੇ ਮੰਨਦਿਆਂ ਇਹ ਵੱਡਾ ਬਜਟ ਰਾਖਵਾਂ ਰੱਖਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਪਾਈਪਲਾਈਨ ਦੇ ਵਿਛਣ ਨਾਲ ਪਾਣੀ ਦੇ ਭਰਾਅ ਤੇ ਗੰਦਗੀ ਤੋਂ ਸਥਾਨਕ ਲੋਕਾਂ ਨੂੰ ਪੱਕੇ ਤੌਰ 'ਤੇ ਛੁਟਕਾਰਾ ਮਿਲ ਜਾਵੇਗਾ।

ਉਨ੍ਹਾਂ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਤੇਜ਼ ਕਰ ਰਹੀ ਹੈ ਤਾਂ ਜੋ ਆਮ ਲੋਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਘਰਾਂ ਦੇ ਨੇੜੇ ਮਿਲ ਸਕਣ। ਇਸ ਮੌਕੇ ਸੂਬਾ ਸਿੰਘ ਬਰਾੜ, ਕੁਲਵਿੰਦਰ ਸਿੰਘ ਮਾਂਕੜ, ਜਗਤਾਰ ਸਿੰਘ ਬਾਹੀਆ ਸਮੇਤ ਕਈ ਮੋਹਤਬਰ ਵਿਅਕਤੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਚੌਗਿਰਦਾ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ।

ਮਨੁੱਖਤਾ ਦੀ ਸੇਵਾ 'ਚ ਨਰਸਾਂ ਦਾ ਯੋਗਦਾਨ ਬੇਮਿਸਾਲ : ਸਿਵਲ ਸਰਜਨ

ਬਠਿੰਡਾ, 12 ਮਈ (ਦੀਪਕ ਸ਼ਰਮਾ): ਸਿਹਤ ਸੇਵਾਵਾਂ ਵਿੱਚ ਨਰਸਿੰਗ ਕੈਡਰ ਦੀ ਅਹਿਮ ਭੂਮਿਕਾ ਨੂੰ ਸਲਾਹੁੰਦਿਆਂ ਬਠਿੰਡਾ ਵਿਖੇ ਅੰਤਰਰਾਸ਼ਟਰੀ ਨਰਸ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਸਮੂਹ ਨਰਸਿੰਗ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਰੀਜ਼ਾਂ ਦੇ ਇਲਾਜ ਤੇ ਉਨ੍ਹਾਂ ਦੀ ਦੇਖਭਾਲ ਵਿੱਚ ਨਰਸਾਂ ਰੀੜ੍ਹ ਦੀ ਹੱਡੀ ਵਾਂਗ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਇਹ ਦਿਵਸ "ਸਾਡੀ ਨਰਸ ਹੈ ਸਾਡਾ ਭਵਿੱਖ ਤੇ ਦੇਖਭਾਲ ਦੀ ਆਰਥਿਕ ਸ਼ਕਤੀ" ਦੇ ਵਿਸ਼ੇ (ਥੀਮ) ਹੇਠ ਮਨਾਇਆ ਜਾ ਰਿਹਾ ਹੈ, ਜੋ ਇਹ ਦਰਸਾਉਂਦਾ ਹੈ ਕਿ ਸਿਹਤ ਪ੍ਰਣਾਲੀ ਨਰਸਾਂ ਤੋਂ ਬਿਨਾਂ ਅਧੂਰੀ ਹੈ। ਸਿਵਲ ਸਰਜਨ ਨੇ ਕਿਹਾ ਕਿ ਨਰਸਾਂ ਆਪਣੀ ਡਿਊਟੀ ਨੂੰ ਸਿਰਫ਼ ਨੌਕਰੀ ਨਹੀਂ ਬਲਕਿ ਮਨੁੱਖਤਾ ਦੀ ਸੇਵਾ ਸਮਝ ਕੇ ਨਿਭਾਉਂਦੀਆਂ ਹਨ। ਐਮਰਜੈਂਸੀ ਅਤੇ ਔਖੇ ਹਾਲਾਤਾਂ ਵਿੱਚ ਨਰਸਿੰਗ ਸਟਾਫ ਦੀ ਕਾਰਗੁਜ਼ਾਰੀ ਹਮੇਸ਼ਾ ਹੀ ਕਾਬਿਲੇ-ਤਾਰੀਫ਼ ਰਹੀ ਹੈ। ਉਨ੍ਹਾਂ ਅਪੀਲ ਕੀਤੀ ਕਿ ਭਵਿੱਖ ਵਿੱਚ ਵੀ ਉਹ ਇਸੇ ਜਜ਼ਬੇ ਨਾਲ ਲੋਕਾਂ ਦੀ ਸੇਵਾ ਕਰਦੇ ਰਹਿਣ।

ਇਸ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਜੱਚਾ-ਬੱਚਾ ਹਸਪਤਾਲ ਡਾ. ਪ੍ਰੀਤਮਨਿੰਦਰ ਨੇ ਫਲੋਰੈਂਸ ਨਾਈਟਿੰਗੇਲ ਦੀ ਜੀਵਨੀ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਮਰੀਜ਼ਾਂ ਦੇ ਲੇਖੇ ਲਾਇਆ ਸੀ ਅਤੇ ਉਨ੍ਹਾਂ ਦੇ ਜਨਮ ਦਿਨ 'ਤੇ ਹੀ ਇਹ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਕਰੋਨਾ ਕਾਲ ਦਾ ਜ਼ਿਕਰ ਕਰਦਿਆਂ ਕਿਹਾ ਕਿ ਨਰਸਾਂ ਨੇ ਆਪਣੀ ਜਾਨ ਜ਼ੋਖ਼ਮ ਵਿੱਚ ਪਾ ਕੇ ਮਰੀਜ਼ਾਂ ਦੀ ਸੇਵਾ ਕੀਤੀ ਹੈ। ਸਮਾਰੋਹ ਦੌਰਾਨ ਸਟਾਫ ਅਤੇ ਵਿਦਿਆਰਥੀਆਂ ਨੇ ਮਰੀਜ਼ਾਂ ਨਾਲ ਚੰਗੇ ਵਰਤਾਅ ਦੀ ਸਹੁੰ ਵੀ ਚੁੱਕੀ।

ਪੁਲਿਸ ਵੱਲੋਂ ਨਸ਼ਿਆਂ ਸਬੰਧੀ 2 ਕੇਸ ਦਰਜ, ਮੁਲਜ਼ਮ ਕਾਬੂ

ਸੰਗਰੂਰ, 12 ਮਈ (ਹਰਕੰਵਲ ਸਿੰਘ ਹੈਪੀ) ਡਾ. ਰਵਜੋਤ ਗਰੇਵਾਲ, ਐਸ.ਐਸ. ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ

ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਪ੍ਰਧਾਨ ਮੰਤਰੀ ਦੀ ਬੱਚਤ ਕਰਨ ਦੀ ਅਪੀਲ 'ਤੇ ਹੋਈ ਵਿਚਾਰ ਚਰਚਾ

ਬਰਨਾਲਾ, 12 ਮਈ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਇੱਕ ਸਾਲ ਤੱਕ ਸੋਨਾ ਨਾ ਖਰੀਦੋ, ਪੈਟਰੋਲ ਡੀਜ਼ਲ ਦੀ ਬੱਚਤ ਕਰੋ, ਖਾਣ ਵਾਲੇ ਤੇਲ ਦੀ ਵਰਤੋਂ ਘੱਟ ਕਰੋ, ਘਰੋਂ ਕੰਮ ਕਰਨ ਨੂੰ ਤਰਜੀਹ ਦਿਓ, ਰਸਾਇਣਿਕ ਖਾਦਾਂ ਦੀ ਵਰਤੋਂ ਘੱਟ ਕਰੋ, ਸਵਦੇਸ਼ੀ ਉਤਪਾਦ ਅਪਣਾਓ ਅਤੇ ਇੱਕ ਸਾਲ ਤੱਕ ਵਿਦੇਸ਼ੀ ਯਾਤਰਾਵਾਂ ਤੋਂ ਬਚੋ। ਇਸ ਵਿਸ਼ੇ 'ਤੇ ਆਯੋਜਿਤ ਵਿਚਾਰ ਚਰਚਾ 'ਚ ਬੋਲਦਿਆਂ ਪ੍ਰੋਫ਼ੈਸਰ (ਡਾ.) ਮਨਦੀਪ ਘਈ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਪੀਲ ਆਰਥਿਕ ਸਥਿਰਤਾ ਅਤੇ ਵਿਦੇਸ਼ੀ ਮੁਦਰਾ ਦੀ ਬੱਚਤ ਨਾਲ ਜੁੜੀ ਹੋਈ ਹੈ। ਭਾਰਤ ਦੇ ਲੋਕ ਹਰ ਸਾਲ ਵੱਡੀ ਪੱਧਰ 'ਤੇ ਸੋਨੇ ਦੀ ਖ਼ਰੀਦ ਕਰਦੇ ਹਨ। ਇਹ ਸੋਨਾ ਬਾਹਰੋਂ ਮੰਗਵਾਉਣ ਨਾਲ ਵਿਦੇਸ਼ੀ ਮੁਦਰਾ ਖ਼ਰਚ ਹੁੰਦੀ ਹੈ। ਸਮਾਜ ਸੇਵੀ ਪਿਆਰਾ ਲਾਲ ਰਾਏਸਰ ਵਾਲਿਆਂ ਨੇ ਕਿਹਾ ਕਿ ਮੱਧ ਏਸ਼ੀਆ 'ਚ ਅੱਜ ਵੀ ਜੰਗ ਵਰਗੇ ਹਾਲਾਤ ਹੋਣ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਤੇਜ਼ੀ ਨਾਲ ਵੱਧ ਰਹੀਆਂ ਹਨ। ਵਾਤਾਵਰਣ ਪ੍ਰੇਮੀ ਬਸੰਤ ਕੁਮਾਰ ਗੋਇਲ ਨੇ ਕਿਹਾ ਕਿ ਸੋਨੇ ਦੀ ਦਰਾਮਦ ਨਾਲ ਡਾਲਰ ਦੀ ਮੰਗ ਵੱਧਦੀ ਹੈ ਤੇ ਰੁਪਈਆ ਕਮਜ਼ੋਰ ਹੁੰਦਾ ਹੈ। ਇਸ ਮੌਕੇ ਬੋਲਦਿਆਂ ਨੀਰਜ਼ ਬਾਲਾ ਦਾਨੀਆ ਨੇ ਕਿਹਾ ਕਿ ਆਲਮੀ ਸੰਕਟ ਦੇ ਮੁਕਾਬਲੇ ਲਈ ਬੱਚਤ ਕਰਨੀ ਦੇਸ਼ ਨੂੰ ਆਰਥਿਕ ਤੌਰ 'ਤੇ ਆਤਮ ਨਿਰਭਰ ਬਣਾਉਣ ਲਈ ਜ਼ਰੂਰੀ ਕਦਮ ਹੈ, ਕਿਉਂਕਿ ਜੰਗ ਦਾ ਅਸਰ ਲੱਗਭੱਗ ਸਾਰੇ ਦੇਸ਼ਾਂ 'ਤੇ ਪੈ ਰਿਹਾ ਹੈ। ਇਸ ਦੌਰਾਨ ਵਾਤਾਵਰਣ ਪ੍ਰੇਮੀ ਸੋਮਾ ਭੰਡਾਰੀ ਨੇ ਕਿਹਾ ਕਿ ਬੱਚਤ ਕਰਕੇ ਅਸੀਂ ਵਪਾਰਕ ਘਾਟੇ ਨੂੰ ਘਟਾ ਸਕਦੇ ਹਾਂ। ਖਾਣੇ ਦੇ ਤੇਲ 'ਚ ਕੁਝ ਕਮੀ ਕਰਨ ਨਾਲ ਵਿਦੇਸ਼ੀ ਮੁਦਰਾ ਬਚੇਗੀ। ਸਮਾਜ ਸੇਵੀ ਜੋਤੀ ਸ਼ਰਮਾ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਰਾਸ਼ਟਰੀ ਸੰਕਟ ਮੌਕੇ ਬੱਚਤ ਕਰਨਾ ਵੀ ਇੱਕ ਦੇਸ਼ ਭਗਤੀ ਹੈ। ਇੱਕ ਸਮਾਂ ਸੀ ਜਦੋਂ ਦੇਸ਼ 'ਤੇ ਸੰਕਟ ਆਉਂਦਾ ਸੀ ਤਾਂ ਲੋਕ ਸੋਨਾ ਦਾਨ ਦਿੰਦੇ ਸਨ, ਪ੍ਰੰਤੂ ਹੁਣ ਤਾਂ ਕੇਵਲ ਬੱਚਤ ਕਰਨ ਲਈ ਅਪੀਲ ਕੀਤੀ ਗਈ ਹੈ। ਇਸ ਲਈ ਦੇਸ਼ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਦੇ ਹੋਏ ਸਾਨੂੰ ਇਕੱਠੇ ਹੋ ਕੇ ਇਸ ਰਾਸ਼ਟਰੀ ਸੰਕਟ ਨਾਲ ਲੜਨਾ ਪਵੇਗਾ।

ਸੀਨੀਅਰ ਮੈਡੀਕਲ ਅਫ਼ਸਰ ਧਨੌਲਾ ਦੀ ਬਦਲੀ ਕਾਰਨ ਲੋਕਾਂ 'ਚ ਰੋਸ, ਲੋਕਾਂ ਨੇ ਸੰਘਰਸ਼ ਦੀ ਦਿੱਤੀ ਚੇਤਾਵਨੀ

ਧਨੌਲਾ, 12 ਮਈ (ਚਮਕੌਰ ਸਿੰਘ ਗੱਗੀ) : ਸਿਵਲ ਹਸਪਤਾਲ ਧਨੌਲਾ ਦੇ ਸੀਨੀਅਰ ਮੈਡੀਕਲ ਅਫਸਰ ਐਮ ਡੀ ਮੈਡੀਸਨ ਸਪੈਸ਼ਲਿਸਟ ਡਾਕਟਰ ਸਤਵੰਤ ਸਿੰਘ ਔਜਲਾ ਦੀ ਅਚਾਨਕ ਬਦਲੀ ਕੀਤੇ ਜਾਣ ਕਾਰਨ ਧਨੌਲਾ ਦੇ ਲੋਕਾਂ ਵਿੱਚ ਰੋਸ ਪੈਦਾ ਹੋ ਗਿਆ, ਅਤੇ ਬਦਲੀ ਰੱਦ ਕਰਵਾਉਣ ਦੀ ਅਪੀਲ ਕਰਦਿਆਂ ਸੰਘਰਸ਼ ਦੀ ਚੇਤਾਵਨੀ ਦਿੱਤੀ। ਸੀ ਐੱਚ ਸੀ ਭਦੌੜ ਵਿਖੇ ਬਦਲੀ ਹੋਣ ਕਾਰਨ ਮਰੀਜ਼ਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰੋਸ ਵਿੱਚ ਆਏ ਧਨੌਲਾ ਦੇ ਇਨਸਾਫ਼ ਪਸੰਦ ਵਿਅਕਤੀਆਂ ਨਿਰਮਲ ਸਿੰਘ ਢਿੱਲੋਂ, ਹਰਿੰਦਰ ਜੀਤ ਸਿੰਘ ਢੀਂਡਸਾ, ਗੁਰਪ੍ਰੀਤ ਸਿੰਘ ਸਿੱਧੂ, ਗੁਰਜੰਟ ਸਿੰਘ ਵਿਰਕ, ਕਿਸਾਨ ਆਗੂ ਇੰਦਰਜੀਤ ਸਿੰਘ ਨੇ ਕਿਹਾ ਕਿ ਧਨੌਲਾ ਦੇ ਸੀ ਐੱਚ ਸੀ ਸੈਂਟਰ ਵਿੱਚ 26 ਪਿੰਡਾਂ ਅਤੇ ਸ਼ਹਿਰ ਦੇ 13 ਵਾਰਡਾਂ ਦੇ ਹਜ਼ਾਰਾਂ ਲੋਕ ਇੱਥੋਂ ਦਵਾਈ ਲੈਂਦੇ ਹਨ ਅਤੇ ਆਪਣਾ ਇਲਾਜ ਕਰਵਾਉਂਦੇ ਹਨ, ਇਸ ਹਸਪਤਾਲ ਵਿੱਚ ਇੱਕੋ ਇੱਕ ਐਮ ਡੀ ਮੈਡੀਸਨ ਡਾਕਟਰ ਸਤਵੰਤ ਸਿੰਘ ਔਜਲਾ ਸੀਨੀਅਰ ਮੈਡੀਕਲ ਅਫਸਰ ਦੀ ਬਦਲੀ ਕਰਕੇ ਇਸ ਹਸਪਤਾਲ ਨੂੰ ਬਿਲਕੁੱਲ ਖਾਲੀ ਕਰ ਦਿੱਤਾ। ਇਸ ਹਸਪਤਾਲ ਵਿੱਚ ਧਨੌਲਾ ਤੋਂ ਇਲਾਵਾ ਆਸ ਪਾਸ ਦੇ ਪਿੰਡਾਂ ਸਮੇਤ ਹੋਰਨਾਂ ਜ਼ਿਲ੍ਹਿਆਂ ਦੇ ਮਰੀਜ਼ ਵੀ ਇੱਥੋਂ ਇਲਾਜ ਕਰਵਾਉਣ ਆਉਂਦੇ ਹਨ, ਜਿਸ ਕਾਰਨ ਇਸ ਹਸਪਤਾਲ ਨੂੰ ਵਧੀਆ ਸੇਵਾਵਾਂ ਬਦਲੇ ਇਨਾਮ ਵੀ ਮਿਲਿਆ ਸੀ, ਪਰ ਸਰਕਾਰ ਵੱਲੋਂ ਇਸ ਹਸਪਤਾਲ ਨੂੰ ਇੱਕ ਨਾਮ ਦਾ ਹਸਪਤਾਲ ਹੀ ਬਣਾ ਦਿੱਤਾ ਹੈ, ਇੱਥੋਂ ਡਾਕਟਰਾਂ ਦੀਆਂ ਡਿਊਟੀਆਂ ਬਦਲ ਕੇ ਕਿਤੇ ਹੋਰ ਲਾ ਦਿੱਤੀਆਂ ਗਈਆਂ ਹਨ, ਜੇਕਰ ਸਮਾਂ ਰਹਿੰਦੇ ਸੀਨੀਅਰ ਮੈਡੀਕਲ ਅਫਸਰ ਦੀ ਬਦਲੀ ਰੱਦ ਨਾ ਕੀਤੀ ਤਾਂ ਵੱਡਾ ਸੰਘਰਸ਼ ਕੀਤਾ ਜਾਵੇਗਾ।

ਕੈਸ਼ ਨਾ ਮਿਲਣ ਕਾਰਨ ਖਾਤਾਧਾਰਕਾਂ ਨੂੰ ਕਰਨਾ ਪੈ ਰਿਹੈ ਮੁਸ਼ਕਿਲਾਂ ਦਾ ਸਾਹਮਣਾ

ਤਪਾ ਮੰਡੀ, 12 ਮਈ (ਰਾਜੂ ਮਹਿਰਾ) : ਬੈਂਕਾਂ ਵਿੱਚੋਂ ਕੈਸ਼ ਨਾ ਮਿਲਣ ਕਾਰਨ ਖਾਤਾਧਾਰਕਾਂ ਨੂੰ ਜਿੱਥੇ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਦੂਜੇ ਪਾਸੇ ਏ.ਟੀ.ਐਮ ਮਸ਼ੀਨਾਂ ਨੂੰ ਵੀ ਗ੍ਰਹਿਣ ਲੱਗ ਗਿਆ ਹੈ, ਜਿਨ੍ਹਾਂ ਵਿੱਚੋਂ ਵੀ ਕੈਸ਼ ਨਹੀਂ ਨਿੱਕਲ ਰਿਹਾ। ਜਿਸ ਕਰਕੇ ਖਾਤਾਧਾਰਕਾਂ ਨੂੰ ਹੋਰ ਵੀ ਨਿਰਾਸ਼ਾ ਝੱਲਣੀ ਪੈ ਰਹੀ ਹੈ। ਜਦ ਇਸ ਸਬੰਧੀ ਵੱਖ ਵੱਖ ਬੈਂਕਾਂ ਪੀ.ਐਨ.ਬੀ, ਐਚਡੀਐਫਸੀ ਅਤੇ ਹੋਰ ਬੈਂਕਾਂ ਦੇ ਕਰਮਚਾਰੀਆਂ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਪਿੱਛੋਂ ਹੀ ਕੈਸ਼ ਦੀ ਸਪਲਾਈ ਘੱਟ ਆ ਰਹੀ ਹੈ, ਉਹਨਾਂ ਪਾਸ ਜਿੰਨਾ ਵੀ ਕੈਸ਼ ਜਮ੍ਹਾਂ ਹੋ ਰਿਹਾ ਹੈ ਉਹ ਉਸਦੇ ਹਿਸਾਬ ਨਾਲ ਲੋੜ ਮੁਤਾਬਿਕ ਖਾਤਾਧਾਰਕਾਂ ਨੂੰ ਪੈਸੇ ਦੇ ਰਹੇ ਹਨ ਤਾਂ ਜੋ ਉਹਨਾਂ ਦਾ ਹੱਲ ਹੋ ਸਕੇ। ਇਸ ਸਬੰਧੀ ਖਾਤਾਧਾਰਕਾਂ ਨੇ ਕਿਹਾ ਕਿ ਇੱਕ ਪਾਸੇ ਭਿਆਨਕ ਗਰਮੀ ਪੈ ਰਹੀ ਹੈ, ਦੂਜੇ ਪਾਸੇ ਜਦ ਬੈਂਕਾਂ ਵਿਚੋਂ ਕੈਸ਼ ਨਾ ਹੋਣ ਸਬੰਧੀ ਕਿਹਾ ਜਾਂਦਾ ਹੈ ਤਾਂ ਉਹਨਾਂ ਨੂੰ ਹੋਰ ਵੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸਦੇ ਚੱਲਦਿਆਂ ਖਾਤਾਧਾਰਕਾਂ 'ਚ ਬੈਂਕਾਂ ਦੀ ਇਸ ਮਾੜੀ ਕਾਰਗੁਜ਼ਾਰੀ ਨੂੰ ਲੈ ਕੇ ਰੋਸ ਪਾਇਆ ਜਾ ਰਿਹਾ ਹੈ। ਪੈਸੇ ਕਢਵਾਉਣ ਨੂੰ ਲੈ ਕੇ ਬਜ਼ੁਰਗ, ਨੌਜਵਾਨ ਅਤੇ ਔਰਤਾਂ ਇੱਕ ਏਟੀਐਮ ਤੋਂ ਦੂਜੇ ਏਟੀਐਮ ਤੱਕ ਭਟਕਦੇ ਨਜ਼ਰ ਆ ਰਹੇ ਹਨ। ਕਈ ਲੋਕ ਸਵੇਰੇ ਤੋਂ ਸ਼ਾਮ ਤੱਕ ਪੈਸੇ ਕੱਢਵਾਉਣ ਲਈ ਕੋਸ਼ਿਸ਼ ਕਰਦੇ ਰਹੇ ਪਰ ਉਨ੍ਹਾਂ ਨੂੰ ਨਿਰਾਸ਼ਾ ਹੀ ਹੱਥ ਲੱਗੀ।

ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਧਨੌਲਾ, ਤਪਾ ਤੇ ਭਦੌੜ ਲਈ 26 ਮਈ ਨੂੰ ਹੋਣਗੀਆਂ ਚੋਣਾਂ

ਬਰਨਾਲਾ, 12 ਮਈ (ਬਘੇਲ ਸਿੰਘ ਧਾਲੀਵਾਲ) : ਰਾਜ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਨਗਰ ਨਿਗਮਾਂ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਕਰਵਾਉਣ ਲਈ ਚੋਣ ਸ਼ਡਿਊਲ ਦਾ ਐਲਾਨ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਵਿੱਚ ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਤਪਾ, ਨਗਰ ਕੌਂਸਲ ਧਨੌਲਾ ਅਤੇ ਨਗਰ ਕੌਂਸਲ ਭਦੌੜ ਲਈ ਚੋਣਾਂ ਹੋਣੀਆਂ ਹਨ। ਚੋਣ ਸ਼ਡਿਊਲ ਮੁਤਾਬਕ ਇਨ੍ਹਾਂ ਚੋਣਾਂ ਲਈ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ 13.05.2026 (ਬੁੱਧਵਾਰ) (ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ) ਤੋਂ ਦਾਖਲ ਕੀਤੀਆਂ ਜਾ ਸਕਣਗੀਆਂ। ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 16.05.20265 (ਸ਼ਨੀਵਾਰ) ਹੋਵੇਗੀ। ਇਹ ਨਾਮਜ਼ਦਗੀਆਂ ਸਬੰਧਤ ਰਿਟਰਨਿੰਗ ਅਫਸਰਾਂ ਦੇ ਦਫ਼ਤਰਾਂ ਵਿੱਚ ਭਰੀਆਂ ਜਾਣਗੀਆਂ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 18.05.2026 (ਸੋਮਵਾਰ) ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19.05.2026 (ਮੰਗਲਵਾਰ) (ਦੁਪਹਿਰ 03:00 ਵਜੇ ਤੱਕ) ਹੈ। ਸਾਰੇ ਨਾਮਜ਼ਦਗੀ ਫਾਰਮਾਂ ਦੇ ਨਾਲ ਹਲਫੀਆ ਬਿਆਨ ਸ਼ਾਮਲ ਹੋਣੇ ਚਾਹੀਦੇ ਹਨ ਅਤੇ ਜੇਕਰ ਕਿਸੇ ਉਮੀਦਵਾਰ ਨੂੰ ਕਿਸੇ ਸਿਆਸੀ ਪਾਰਟੀ ਵੱਲੋਂ ਸਪਾਂਸਰ ਕੀਤਾ ਗਿਆ ਹੈ ਤਾਂ ਉਸ ਸਬੰਧਤ ਰਾਜਨੀਤਿਕ ਪਾਰਟੀ ਦਾ ਅਧਿਕਾਰ ਪੱਤਰ ਵੀ ਸ਼ਾਮਲ ਹੋਣਾ ਚਾਹੀਦਾ ਹੈ। ਉਮੀਦਵਾਰਾਂ ਦੇ ਕੇਵਾਈਸੀ ਵੇਰਵੇ ਜ਼ਿਲ੍ਹੇ ਦੀਆਂ ਵੈੱਬਸਾਈਟਾਂ 'ਤੇ ਅਪਲੋਡ ਕੀਤੇ ਜਾਣਗੇ। ਚੋਣਾਂ 26.05.2026 (ਮੰਗਲਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਕਰਵਾਈਆਂ ਜਾਣਗੀਆਂ। ਚੋਣਾਂ ਤੋਂ ਬਾਅਦ ਵੋਟਾਂ ਦੀ ਗਿਣਤੀ 29.05.2026 (ਸ਼ੁੱਕਰਵਾਰ) ਨੂੰ ਸਥਾਪਿਤ ਗਿਣਤੀ ਕੇਂਦਰਾਂ ਵਿੱਚ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਨਗਰ ਨਿਗਮ ਬਰਨਾਲਾ ਅਧੀਨ 50 ਵਾਰਡਾਂ, ਨਗਰ ਕੌਂਸਲ ਤਪਾ ਦੇ 15 ਵਾਰਡਾਂ, ਨਗਰ ਕੌਂਸਲ ਧਨੌਲਾ ਦੇ 13 ਵਾਰਡਾਂ, ਨਗਰ ਕੌਂਸਲ ਭਦੌੜ ਦੇ 13 ਵਾਰਡਾਂ ਲਈ ਚੋਣਾਂ ਹੋਣੀਆਂ ਹਨ। ਨਗਰ ਨਿਗਮ ਬਰਨਾਲਾ ਦੀਆਂ ਚੋਣਾਂ ਲਈ 33 ਪੋਲਿੰਗ ਲੋਕੇਸ਼ਨਾਂ ਅਤੇ 100 ਪੋਲਿੰਗ ਸਟੇਸ਼ਨ, ਨਗਰ ਕੌਂਸਲ ਤਪਾ ਲਈ 12 ਪੋਲਿੰਗ ਲੋਕੇਸ਼ਨਾਂ ਅਤੇ 17 ਪੋਲਿੰਗ ਸਟੇਸ਼ਨ, ਨਗਰ ਕੌਂਸਲ ਧਨੌਲਾ ਲਈ 9 ਪੋਲਿੰਗ ਲੋਕੇਸ਼ਨਾਂ ਅਤੇ 21 ਪੋਲਿੰਗ ਸਟੇਸ਼ਨ ਅਤੇ ਨਗਰ ਕੌਂਸਲ ਭਦੌੜ ਲਈ 9 ਪੋਲਿੰਗ ਲੋਕੇਸ਼ਨਾਂ ਅਤੇ 16 ਪੋਲਿੰਗ ਸਟੇਸ਼ਨ ਹਨ। ਉਹਨਾਂ ਦੱਸਿਆ ਕਿ ਕੱਲ੍ਹ ਚੋਣ ਸ਼ਡਿਊਲ ਦੇ ਐਲਾਨ ਦੇ ਨਾਲ ਨਗਰ ਨਿਗਮ ਬਰਨਾਲਾ ਅਤੇ ਨਗਰ ਕੌਂਸਲਾਂ ਦੇ ਅਧਿਕਾਰ ਖੇਤਰ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ। ਇਹ ਜ਼ਾਬਤਾ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

'ਲੋਕਤੰਤਰ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਨੇ' ਭਾਜਪਾ ਨੇ ਨਗਰ ਨਿਗਮ ਚੋਣਾਂ 'ਤੇ ਚੁੱਕੇ ਸਵਾਲ

ਬਰਨਾਲਾ, 12 ਮਈ (ਬਘੇਲ ਸਿੰਘ ਧਾਲੀਵਾਲ) : ਪੰਜਾਬ ਵਿੱਚ ਹੋਣ ਜਾ ਰਹੀਆਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਭਖ ਗਿਆ ਹੈ। ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਦੇ ਇੱਕ ਉੱਚ ਪੱਧਰੀ ਵਫ਼ਦ ਨੇ ਰਾਜ ਚੋਣ ਕਮਿਸ਼ਨਰ ਨੂੰ ਇੱਕ ਮੰਗ ਪੱਤਰ ਸੌਂਪਦਿਆਂ ਮੌਜੂਦਾ ਚੋਣ ਪ੍ਰਕਿਰਿਆ @ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਭਾਜਪਾ ਨੇ ਦੋਸ਼ ਲਾਇਆ ਹੈ ਕਿ ਸੂਬਾ ਸਰਕਾਰ ਅਤੇ ਚੋਣ ਕਮਿਸ਼ਨ ਮਿਲ ਕੇ ਲੋਕਤੰਤਰੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ। ਭਾਜਪਾ ਦਾ ਇਹ ਵਫ਼ਦ ਵਿੱਚ ਪੰਜਾਬ ਭਾਜਪਾ ਦੇ ਸੂਬਾ ਕੌਰ ਕਮੇਟੀ ਮੈਂਬਰਾਂ ਤੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਚੋਣ ਕਮਿਸ਼ਨਰ ਨੂੰ ਮਿਲਿਆ, ਇਸ ਵਫ਼ਦ ਵਿੱਚ ਪਰਮਪਾਲ ਕੌਰ, ਰਣਜੀਤ ਸਿੰਘ ਗਿੱਲ, ਐਨ. ਕੇ ਵਰਮਾ ਅਤੇ ਮੋਹਿਤ ਗਰਗ ਵੀ ਸ਼ਾਮਲ ਸਨ। ਭਾਜਪਾ ਆਗੂਆਂ ਨੇ ਕਿਹਾ ਕਿ ਚੋਣ ਕਮਿਸ਼ਨ ਨੇ ਖੁਦ 30 ਅਪ੍ਰੈਲ 2026 ਨੂੰ ਇੱਕ ਸ਼ਡਿਊਲ ਜਾਰੀ ਕੀਤਾ ਸੀ, ਜਿਸ ਅਨੁਸਾਰ ਇਤਰਾਜ਼ਾਂ ਦੇ ਨਿਪਟਾਰੇ ਲਈ 11 ਮਈ 2026 ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਲਈ 12 ਮਈ 2026 ਦੀ ਤਰੀਕ ਤੈਅ ਕੀਤੀ ਗਈ ਸੀ। ਪਰ ਹੈਰਾਨੀ ਦੀ ਗੱਲ ਹੈ ਕਿ ਕਈ ਜ਼ਿਲ੍ਹਿਆਂ ਵਿੱਚ ਇਸ ਮਿਆਦ ਦੇ ਖ਼ਤਮ ਹੋਣ ਤੋਂ ਪਹਿਲਾਂ ਹੀ ਅੰਤਿਮ ਨੋਟੀਫਿਕੇਸ਼ਨ ਜਾਰੀ ਕਰ ਦਿੱਤੇ ਗਏ, ਜੋ ਕਿ ਸਿੱਧੇ ਤੌਰ @ਤੇ ਕਾਨੂੰਨ ਦੀ ਉਲੰਘਣਾ ਹੈ। ਉਹਨਾਂ ਦੋਸ਼ ਲਾਇਆ ਕਿ ਵਾਰਡਾਂ ਦੇ ਰਾਖਵੇਂਕਰਨ ਵਿੱਚ ਰੋਟੇਸ਼ਨ ਦੇ ਨਿਯਮਾਂ ਨੂੰ ਛਿੱਕੇ ਟੰਗਿਆ ਗਿਆ ਹੈ। ਜਿੱਥੇ ਐਸ.ਸੀ. ਆਬਾਦੀ ਜ਼ਿਆਦਾ ਹੈ, ਉਨ੍ਹਾਂ ਵਾਰਡਾਂ ਨੂੰ ਅਣਗੌਲਿਆ ਕਰਕੇ ਘੱਟ ਆਬਾਦੀ ਵਾਲੇ ਵਾਰਡਾਂ ਨੂੰ ਰਿਜ਼ਰਵ ਕਰ ਦਿੱਤਾ ਗਿਆ ਹੈ। ਪਾਰਟੀ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਦਿਖਾਈ ਜਾ ਰਹੀ ਜਲਦਬਾਜ਼ੀ ਵਿਰੋਧੀ ਧਿਰਾਂ ਨੂੰ ਤਿਆਰੀ ਦਾ ਮੌਕਾ ਨਾ ਦੇਣ ਦੀ ਇੱਕ ਸਾਜ਼ਿਸ਼ ਹੈ ਤਾਂ ਜੋ ਚੋਣਾਂ ਦੀ ਨਿਰਪੱਖਤਾ ਨੂੰ ਖਤਮ ਕੀਤਾ ਜਾ ਸਕੇ। ਭਾਜਪਾ ਦੇ ਸੀਨੀਅਰ ਆਗੂਆਂ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਚੋਣ ਕਮਿਸ਼ਨ ਨੇ ਤੁਰੰਤ ਇਹ ਗੈਰ-ਕਾਨੂੰਨੀ ਨੋਟੀਫਿਕੇਸ਼ਨ ਵਾਪਸ ਨਾ ਲਏ ਅਤੇ ਇਤਰਾਜ਼ਾਂ ਦਾ ਨਿਪਟਾਰਾ ਨਾ ਕੀਤਾ, ਤਾਂ ਪਾਰਟੀ ਹਾਈ ਕੋਰਟ ਦਾ ਦਰਵਾਜ਼ਾ ਖੜਕਾਏਗੀ ਅਤੇ ਪੂਰੀ ਚੋਣ ਪ੍ਰਕਿਰਿਆ @ਤੇ ਸਟੇਅ ਦੀ ਮੰਗ ਕਰੇਗੀ। ਉਹਨਾਂ ਮੰਗ ਕੀਤੀ ਹੈ ਚੋਣ ਪ੍ਰਕਿਰਿਆ ਨੂੰ ਤੁਰੰਤ ਮੁਲਤਵੀ ਕੀਤਾ ਜਾਵੇ, ਇਤਰਾਜ਼ਾਂ ਦੇ ਨਿਪਟਾਰੇ ਲਈ @ਸਪੀਕਿੰਗ ਆਰਡਰ@ ਜਾਰੀ ਕੀਤੇ ਜਾਣ ਅਤੇ ਵੋਟਰ ਸੂਚੀਆਂ ਦੀ ਸੋਧ ਤੋਂ ਬਾਅਦ ਉਮੀਦਵਾਰਾਂ ਦੀ ਚੋਣ ਲਈ ਨਵਾਂ ਅਤੇ ਉਚਿਤ ਸਮਾਂ ਦਿੱਤਾ ਜਾਵੇ।

ਗੜ੍ਹਿਆਂ ਤੇ ਝੱਖੜ ਨਾਲ ਫ਼ਸਲਾਂ ਤਬਾਹ, ਬੀ.ਕੇ.ਯੂ. ਏਕਤਾ ਉਗਰਾਹਾਂ ਵੱਲੋਂ ਗਿਰਦਾਵਰੀ ਅਤੇ ਮੁਆਵਜ਼ੇ ਦੀ ਮੰਗ

ਬਰਨਾਲਾ, 12 ਮਈ (ਹਮੀਰ ਸਿੰਘ) : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਰਨਾਲਾ ਦੇ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ ਜਰਨਲ ਸਕੱਤਰ ਜਰਨੈਲ ਸਿੰਘ ਬਦਰਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਜੋ 11ਮਈ ਨੂੰ ਕੁਦਰਤੀ ਆਫ਼ਤ ਨਾਲ ਕਿਸਾਨ ਮਜ਼ਦੂਰ ਹੋਰ ਵਰਗ ਜਿਵੇਂ ਕਿ ਮੱਕੀ ਮੂੰਗੀ ਹਰੀਆਂ ਸਬਜ਼ੀਆਂ ਦਾ ਗੜ੍ਹਿਆਂ ਤੇ ਝੱਖੜ ਕਾ

ਪਟਿਆਲਾ-ਆਸ/ਪਾਸ

ਡਾ. ਬਲਬੀਰ ਸਿੰਘ ਵੱਲੋਂ ਅਰਬਨ ਅਸਟੇਟ 'ਚ 10 ਕਰੋੜ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

ਪਟਿਆਲਾ, 12 ਮਈ (ਰੁਪਾਣਾ/ਅਮਰਜੀਤ) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਅਰਬਨ ਸਟੇਟ ਫੇਜ਼-1, 2 ਅਤੇ 3 ਵਿੱਚ 10 ਕਰੋੜ ਰੁਪਏ ਦੀ ਲਾਗਤ ਨਾਲ ਕਰੀਬ 52 ਕਿੱਲੋਮੀਟਰ ਸੜਕਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਅਤੇ ਰਿਹਾਇਸ਼ੀ ਕਾਲੋਨੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਜੀਵਨ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ 5 ਸਾਲ ਦੀ ਮੈਨਟੇਨੈਂਸ ਗਰੰਟੀ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਲਾਕਾ ਵਾਸੀਆਂ ਵੱਲੋਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੰਜਾਬ ਸਰਕਾਰ ਨੇ ਗੰਭੀਰਤਾ ਨਾਲ ਲੈਂਦਿਆਂ ਹੁਣ ਇਹ ਵਿਕਾਸ ਕਾਰਜ ਸ਼ੁਰੂ ਕਰਵਾਏ ਹਨ। ਉਨ੍ਹਾਂ ਕਿਹਾ ਕਿ ਚੰਗੀਆਂ ਅਤੇ ਮਜ਼ਬੂਤ ਸੜਕਾਂ ਨਾਲ ਨਾ ਸਿਰਫ ਲੋਕਾਂ ਦੀ ਆਵਾਜਾਈ ਸੁਗਮ ਹੋਵੇਗੀ, ਸਗੋਂ ਇਲਾਕੇ ਦੀ ਸੁੰਦਰਤਾ ਅਤੇ ਰਹਿਣ ਯੋਗ ਮਾਹੌਲ ਵਿੱਚ ਵੀ ਵੱਡਾ ਸੁਧਾਰ ਆਵੇਗਾ। ਸਿਹਤ ਮੰਤਰੀ ਨੇ ਇਸ ਮੌਕੇ ਇਹ ਵੀ ਐਲਾਨ ਕੀਤਾ ਕਿ ਵੱਡੀ ਨਦੀ ਦੀ ਸਫਾਈ ਦਾ ਕੰਮ ਵੀ ਜਲਦ ਸ਼ੁਰੂ ਕੀਤਾ ਜਾਵੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਵੀ ਸੜਕਾਂ ਦੇ ਨਿਰਮਾਣ ਅਤੇ ਨਦੀ ਦੀ ਸਫਾਈ ਦੇ ਕੰਮ ਸ਼ੁਰੂ ਹੋਣ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਪੀ ਡੀ ਏ ਦੇ ਮੁੱਖ ਪ੍ਰਸ਼ਾਸ਼ਕ ਮਿਸ ਅਪਰਣਾ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

ਸਿਹਤ ਮੰਤਰੀ ਨੇ 393 ਪਰਿਵਾਰਾਂ ਨੂੰ ਦਿੱਤੇ ਮਾਲਕਾਨਾ ਹੱਕ

ਪਟਿਆਲਾ 12 ਮਈ (ਰੁਪਾਣਾ/ਦੀਪਕ ਜੈਦਕਾ) : ਪਟਿਆਲਾ ਦੇ ਪਿੰਡ ਰੋੜਗੜ੍ਹ ਵਿਖੇ ਅੱਜ ਪੰਜਾਬ ਸਰਕਾਰ ਦੀ ਲੋਕ-ਹਿਤੈਸ਼ੀ ਯੋਜਨਾ ਮੇਰਾ ਘਰ ਮੇਰੇ ਨਾਮ ਤਹਿਤ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 393 ਪਰਿਵਾਰਾਂ ਨੂੰ ਮਾਲਕਾਨਾ ਹੱਕ ਸੌਂਪੇ ਅਤੇ ਲਾਭਪਾਤਰੀਆਂ ਨੂੰ ਮਲਕੀਅਤ ਦੇ ਦਸਤਾਵੇਜ਼ ਵੰਡੇ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੇਰਾ ਘਰ ਮੇਰੇ ਨਾਮ ਯੋਜਨਾ ਪੰਜਾਬ ਸਰਕਾਰ ਦੀ ਇੱਕ ਇਤਿਹਾਸਕ ਅਤੇ ਲੋਕ-ਕੇਂਦਰਿਤ ਪਹਿਲ ਹੈ, ਜਿਸ ਦਾ ਮਕਸਦ ਉਹਨਾਂ ਲੋਕਾਂ ਨੂੰ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨਾ ਹੈ, ਜੋ ਕਈ ਪੀੜ੍ਹੀਆਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਸਨ ਪਰ ਕਾਨੂੰਨੀ ਦਸਤਾਵੇਜ਼ਾਂ ਤੋਂ ਵਾਂਝੇ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਉਹਨਾਂ ਦੇ ਹੱਕ ਦੇਣ ਅਤੇ ਪ੍ਰਸ਼ਾਸਨਿਕ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਵਚਨਬੱਧ ਹੈ। ਸਿਹਤ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਪੂਰੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਅਮਲ ਵਿੱਚ ਲਿਆਂਦੀ ਗਈ ਹੈ। ਘਰਾਂ ਦਾ ਵਿਸਥਾਰਪੂਰਵਕ ਸਰਵੇ, ਰਿਕਾਰਡ ਦੀ ਜਾਂਚ ਅਤੇ ਵੇਰੀਫਿਕੇਸ਼ਨ ਤੋਂ ਬਾਅਦ ਹੀ ਯੋਗ ਪਰਿਵਾਰਾਂ ਨੂੰ ਮਲਕੀਅਤ ਦੇ ਅਧਿਕਾਰ ਦਿੱਤੇ ਗਏ ਹਨ।

ਹਲਕਾ ਸਨੌਰ 'ਚ ਅਕਾਲੀ ਦਲ ਨੂੰ ਵੱਡਾ ਝਟਕਾ

ਮਾਸਟਰ ਅਜਮੇਰ ਸਿੰਘ 'ਆਪ' 'ਚ ਸ਼ਾਮਲ

ਮਾਨ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਸਦਕਾ ਰਵਾਇਤੀ ਪਾਰਟੀਆਂ ਦਾ ਹੋ ਰਿਹੈ ਸਫ਼ਾਇਆ: ਰਣਜੋਧ ਸਿੰਘ ਹਡਾਣਾ

ਭੁਨਰਹੇੜੀ/ਦੇਵੀਗੜ੍ਹ, 12 ਮਈ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਅਕਾਲੀ ਪਾਰਟੀ ਦੇ ਟਕਸਾਲੀ ਆਗੂ ਅਤੇ ਸਾਬਕਾ ਬਲਾਕ ਸੰਮਤੀ ਮੈਂਬਰ ਤੋਂ ਇਲਾਵਾ ਪਾਰਟੀ ਵਿੱਚ ਵੱਖ-ਵੱਖ ਅਹੁਦਿਆਂ 'ਤੇ ਰਹੇ। ਮਾਸਟਰ ਅਜਮੇਰ ਸਿੰਘ ਆਪਣੇ ਵੱਡੇ ਕਾਫ਼ਲੇ ਅਤੇ ਦਰਜਨਾਂ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਹਲਕਾ ਇੰਚਾਰਜ ਅਤੇ ਚੇਅਰਮੈਨ ਸ. ਰਣਜੋਧ ਸਿੰਘ ਹਡਾਣਾ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਦਿਆਂ ਨਿੱਘਾ ਸਵਾਗਤ ਕੀਤਾ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੁਧਨਸਾਧਾ, ਰਾਜਾ ਧੰਜੂ ਸਰਪੰਚ ਸਰਸੁਤੀਗੜ ਅਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਮਾਸਟਰ ਅਜਮੇਰ ਸਿੰਘ ਦੇ ਨਾਲ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ 'ਆਪ' ਦਾ ਪੱਲਾ ਫੜਿਆ, ਜਿਨ੍ਹਾਂ ਵਿੱਚ ਸੁਰਜੀਤ ਸਿੰਘ (ਸਰੁਸਤੀਗੜ੍ਹ), ਹਰਦੇਵ ਸਿੰਘ, ਹਰਜਿੰਦਰ ਸਿੰਘ, ਬਲਦੇਵ ਸਿੰਘ, ਸੁਖਜਿੰਦਰ ਸਿੰਘ, ਜਸਵੰਤ ਸਿੰਘ, ਮਨਜੀਤ ਸਿੰਘ, ਅਮਨਦੀਪ ਸਿੰਘ, ਅਮਰੀਕ ਸਿੰਘ, ਬਲਦੇਵ ਸਿੰਘ ਮੁੱਤੀ, ਬਲਵਿੰਦਰ ਸਿੰਘ, ਬਚਿੱਤਰ ਸਿੰਘ ਅਤੇ ਹਰਭਜਨ ਸਿੰਘ ਸ਼ਾਮਲ ਹਨ। ਇਨ੍ਹਾਂ ਆਗੂਆਂ ਦੇ ਆਉਣ ਨਾਲ ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦਾ ਆਧਾਰ ਹੋਰ ਵੀ ਮਜ਼ਬੂਤ ਹੋ ਗਿਆ ਹੈ।ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕਰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਥੋੜ੍ਹੇ ਸਮੇਂ ਵਿੱਚ ਹੀ ਮਿਸਾਲੀ ਕੰਮ ਕੀਤੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਹਲਕਾ ਸਨੌਰ ਦੀ ਮਜ਼ਬੂਤੀ ਅਤੇ ਲੋਕਾਂ ਦੀ ਸੇਵਾ ਲਈ ਦਿਨ-ਰਾਤ ਕੰਮ ਕਰਦੇ ਰਹਿਣਗੇ।

'ਬਿਜਲੀ ਦੀ ਬੱਚਤ ਕਿਉਂ ਤੇ ਕਿਵੇਂ ਕਰੀਏ' ਵਿਸ਼ੇ 'ਤੇ ਜਾਗਰੂਕਤਾ ਸਮਾਗਮ

ਪਟਿਆਲਾ, 12 ਮਈ (ਰੁਪਾਣਾ) : ਸਰਕਾਰੀ ਹਾਈ ਸਕੂਲ ਖੇੜੀ ਮੁਸਲਮਾਨੀਆ, ਪਟਿਆਲਾ ਵਿਖੇ ਬਿਜਲੀ ਦੀ ਬੱਚਤ ਕਿਉਂ ਤੇ ਕਿਵੇਂ ਕਰੀਏ ਵਿਸ਼ੇ ਉੱਤੇ ਜਾਗਰੂਕਤਾ ਸਮਾਗਮ ਆਯੋਜਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਊਰਜਾ ਬੱਚਤ ਬਾਰੇ ਜਾਣੂੰ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਡੀ.ਐਸ.ਐਮ ਦਫਤਰ ਦੇ ਇੰਜ: ਸ਼ੰਮੀ ਜਿੰਦਲ ਵਧੀਕ ਨਿਗਰਾਨ ਇੰਜ:, ਇੰਜ: ਭੁਪਿੰਦਰ ਸਿੰਘ ਏ.ਈ.ਈ:, ਇੰਜ: ਗਰੀਸ਼ ਕੁਮਾਰ ਮਹਾਜਨ ਏ.ਈ:, ਇੰਜ: ਅਮਰਜੀਤ ਸਿੰਘ ਏ.ਏ.ਈ ਅਤੇ ਇੰਜ ਕਰਮਜੀਤ ਸਿੰਘ ਏ.ਏ.ਈ ਨੇ ਹਿੱਸਾ ਲਿਆ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਬਿਜਲੀ ਦੀ ਸੰਜਮ ਨਾਲ ਵਰਤੋਂ ਕਰਨ ਲਈ ਵੱਖ-ਵੱਖ ਵਿਧੀਆਂ ਅਤੇ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਇਨ੍ਹਾਂ ਤਰੀਕਿਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਪ੍ਰਣ ਕੀਤਾ। ਪੀ.ਐਸ.ਪੀ.ਸੀ.ਐਲ ਦੇ ਡੀ.ਐਸ.ਐਮ ਦਫਤਰ ਵੱਲੋਂ ਵਿਦਿਆਰਥੀਆਂ ਨੂੰ ਊਰਜਾ ਸੰਜਮਤਾ ਵਿਸ਼ੇ ਸਬੰਧੀ ਜਾਣਕਾਰੀ ਹਾਸਿਲ ਕਰਨ ਲਈ ਪਹਿਲਾਂ ਹੀ ਪ੍ਰੇਰਿਤ ਕੀਤਾ ਗਿਆ ਸੀ ਤਾਂ ਜੋ ਕਿ ਵਿਦਿਆਰਥੀਆਂ ਵਿੱਚ ਊਰਜਾ ਬੱਚਤ ਬਾਰੇ ਰੁਚੀ ਪੈਦਾ ਹੋ ਸਕੇ। ਇਸ ਮੌਕੇ 'ਤੇ ਸਕੂਲ ਦੇ ਅਧਿਆਪਕਾ ਸ਼੍ਰੀਮਤੀ ਕੋਨਿਕ ਗੁਪਤਾ ਵੱਲੋਂ ਸਟੇਜ ਦੀ ਪ੍ਰਕਿਰਿਆ ਬਾਖੂਬੀ ਨਿਭਾਈ ਗਈ। ਪਵਨਦੀਪ ਕੌਰ, ਮਨਦੀਪ ਕੌਰ ਅਤੇ ਵਿਕਰਮਜੀਤ ਸਿੰਘ ਅਧਿਆਪਕ ਆਰਟ ਅਤੇ ਕਰਾਫਟ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਅੱਜ ਦੇ ਸਮਾਗਮ ਨਾਲ ਵਿਦਿਆਰਥੀਆਂ ਨੂੰ ਬਿਜਲੀ ਦੀ ਸੁਚੱਜੀ ਵਰਤੋਂ ਕਰਨ ਸਬੰਧੀ ਭਰਪੂਰ ਜਾਣਕਾਰੀ ਮਿਲੀ ਹੈ ਅਤੇ ਪੀ.ਐਸ.ਪੀ.ਸੀ.ਐਲ. ਵੱਲੋਂ ਭਵਿੱਖ ਵਿੱਚ ਅਜਿਹੇ ਪ੍ਰੋਗਰਾਮ ਸਕੂਲਾਂ ਵਿੱਚ ਵੱਧ ਤੋਂ ਵੱਧ ਕਰਨੇ ਚਾਹੀਦੇ ਹਨ ਤਾਂ ਜੋ ਬਿਜਲੀ ਬੱਚਤ ਸਬੰਧੀ ਵਿਦਿਆਰਥੀਆਂ ਨੂੰ ਹੋਰ ਜਾਗਰਿਤ ਕੀਤਾ ਜਾ ਸਕੇ। ਅਧਿਆਪਕਾਂ ਵੱਲੋਂ ਪੀ.ਐਸ.ਪੀ.ਸੀ.ਐਲ. ਵੱਲੋਂ ਆਯੋਜਿਤ ਕੀਤੇ ਗਏ ਬਿਜਲੀ ਬੱਚਤ ਸਬੰਧੀ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪੀ.ਐਸ.ਪੀ.ਸੀ.ਐਲ. ਦੀ DSM ਟੀਮ ਵੱਲੋਂ ਇਨਾਮ ਵਜੋਂ ਊਰਜਾ ਸੰਜਮਤਾ ਸਬੰਧੀ ਸਲੋਗਨ ਦਰਸਾਉਂਦੀਆਂ ਕਾਪੀਆਂ, ਪੈਨ ਅਤੇ ਮੱਗ ਵੰਡੇ ਗਏ।

ਪਟਿਆਲਾ 'ਚ ਫੂਡ ਟੂਰਿਜ਼ਮ ਨੂੰ ਪ੍ਰਮੋਟ ਕੀਤਾ ਜਾਵੇਗਾ: ਡੀ.ਸੀ.

ਪਟਿਆਲਾ, 12 ਮਈ (ਰੁਪਾਣਾ/ਦੀਪਕ ਜੈਦਕਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਫੂਡ ਸੇਫ਼ਟੀ ਵਿਭਾਗ ਦੀ ਜ਼ਿਲ੍ਹਾ ਪੱਧਰੀ ਐਡਵਾਈਜ਼ਰੀ ਕਮੇਟੀ ਦੀ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੌਰਾਨ ਪਟਿਆਲਾ ਵਿਚ ਫੂਡ ਟੂਰੀਜ਼ਮ ਨੂੰ ਵਿਕਸਿਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ ਗਈ। ਉਨ੍ਹਾਂ ਫੂਡ ਸੇਫਟੀ ਵਿਭਾਗ ਨੂੰ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਇਸ ਯੋਜਨਾ ਨੂੰ ਸ਼ੁਰੂ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ ਡਾ. ਹਿਮਾਂਸ਼ੂ ਅਗਰਵਾਲ ਨੇ ਫੂਡ ਸੇਫ਼ਟੀ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਓਪਰੇਟਰਾਂ ਖ਼ਿਲਾਫ਼ ਸਖ਼ਤ ਰਵੱਈਆ ਅਪਣਾਉਣ ਦੇ ਹੁਕਮ ਦਿੱਤੇ। ਓਹਨਾ ਸਪੱਸ਼ਟ ਕੀਤਾ ਕਿ ਲੋਕਾਂ ਦੀ ਸਿਹਤ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਾ. ਹਿਮਾਂਸ਼ੂ ਅਗਰਵਾਲ ਨੇ ਫੂਡ ਸੇਫ਼ਟੀ ਟੀਮ ਨੂੰ ਸ਼ਹਿਰ ਵਿੱਚ ਸਟ੍ਰੀਟ ਫੂਡ ਵੈਂਡਰਾਂ ਦੀ ਲਗਾਤਾਰ ਚੈਕਿੰਗ ਕਰਨ ਅਤੇ ਖਾਣ-ਪੀਣ ਵਾਲੀਆਂ ਵਸਤਾਂ ਵਿੱਚ ਵਰਤੇ ਜਾ ਰਹੇ ਪਾਣੀ ਦੀ ਗੁਣਵੱਤਾ ਦੀ ਜਾਂਚ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਲੋਕਾਂ ਨੂੰ ਗੰਦੇ ਅਤੇ ਦੂਸ਼ਿਤ ਪਾਣੀ ਤੋਂ ਬਚਾਇਆ ਜਾ ਸਕੇ।ਉਨ੍ਹਾਂ ਫੂਡ ਸੇਫ਼ਟੀ ਵਿਭਾਗ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਦੀ ਵਿਸਥਾਰ ਨਾਲ ਸਮੀਖਿਆ ਵੀ ਕੀਤੀ ਅਤੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਡੀ ਸੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਰੇਹੜੀ-ਫੜੀ ਵਾਲਿਆਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਜ਼ਿਲ੍ਹਾ ਸਿਹਤ ਵਿਭਾਗ ਨੂੰ ਪੂਰਾ ਸਹਿਯੋਗ ਦੇਣ ਲਈ ਕਿਹਾ। ਓਹਨਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਖਾਣ-ਪੀਣ ਵਾਲੀਆਂ ਵਸਤਾਂ ਦੀ ਉਤਪਾਦਨ ਅਤੇ ਵਿਕਰੀ ਕਰਨ ਵਾਲੀਆਂ ਇਕਾਈਆਂ ਦੀ ਚੈਕਿੰਗ ਅਤੇ ਫੂਡ ਸੈਂਪਲਿੰਗ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ।ਓਹਨਾਂ ਕਿਹਾ ਕਿ ਸੁਰੱਖਿਅਤ ਅਤੇ ਸਿਹਤਮੰਦ ਖੁਰਾਕ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ ਅਤੇ ਇਸ ਲਈ ਸਾਰੇ ਵਿਭਾਗਾਂ ਦੇ ਆਪਸੀ ਤਾਲਮੇਲ ਨਾਲ ਹੀ ਵਧੀਆ ਨਤੀਜੇ ਹਾਸਲ ਕੀਤੇ ਜਾ ਸਕਦੇ ਹਨ। ਮੀਟਿੰਗ ਦੌਰਾਨ ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੂਡ ਸੇਫ਼ਟੀ ਵਿਭਾਗ ਵੱਲੋਂ ਈਟ ਰਾਈਟ ਕੈਂਪਸ, ਈਟ ਰਾਈਟ ਸਕੂਲ ਅਤੇ ਈਟ ਰਾਈਟ ਸਟੇਸ਼ਨ ਪ੍ਰੋਗਰਾਮਾਂ ਤਹਿਤ ਸਿਹਤਮੰਦ ਖੁਰਾਕ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਸਕੂਲਾਂ, ਕੈਂਪਾਂ ਅਤੇ ਸਰਕਾਰੀ ਥਾਵਾਂ 'ਤੇ ਜਾਗਰੂਕਤਾ ਸੈਸ਼ਨ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਫੂਡ ਸੇਫਟੀ ਔਨ ਵਹੀਲਸ ਮੁਹਿੰਮ ਤਹਿਤ 168 ਸੈਂਪਲਾਂ ਦੀ ਜਾਂਚ ਕੀਤੀ ਗਈ ਅਤੇ 7 ਜਾਗਰੂਕਤਾ ਕੈਂਪ ਲਗਾਏ ਗਏ। ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਗੁਰਪ੍ਰੀਤ ਕੌਰ , ਸਿਹਤ ਅਫ਼ਸਰ ਗੌਰਵ ਕੁਮਾਰ, ਤਰੁਣ ਬਾਂਸਲ, ਜ਼ਿਲ੍ਹਾ ਸਿੱਖਿਆ ਅਫ਼ਸਰ ਸ਼ਾਲੂ ਮਹਿਰਾ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਡੀ.ਐਸ.ਪੀ. ਘਨੌਰ ਦਲਜੀਤ ਸਿੰਘ ਵਿਰਕ ਦਾ ਜਥੇਦਾਰ ਬਘੌਰਾ ਵੱਲੋਂ ਸਨਮਾਨ

ਘਨੌਰ, 12 ਮਈ (ਮਦਨ ਲਾਲ) : ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦੱਲ ਅੱਜ ਘਨੌਰ ਵਿਖੇ ਨਵੇਂ ਲੱਗੇ ਡੀ ਐਸ ਪੀ ਦਲਜੀਤ ਸਿੰਘ ਵਿੱਰਕ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਡੀ ਐਸ ਪੀ. ਤੋਂ ਆਸ ਕਰਦੇ ਹੋਏ ਕਿਹਾ ਕਿ ਇਨ੍ਹਾਂ ਦਾ ਬਹੁਤ ਪੁਰਾਣਾ ਤਜ਼ਰਬਾ ਹੋਣ ਕਰਕੇ ਹਲਕਾ ਘਨੌਰ ਵਾਸੀਆਂ ਨੂੰ ਪੂਰਨ ਤੌਰ 'ਤੇ ਇਨਸਾਫ਼ ਕਰਨ ਲਈ ਪੂਰੀ ਤਨ ਦੇਹੀ ਨਾਲ ਡਿਊਟੀ ਦੌਰਾਨ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਕਰਨਗੇ। ਇਸ ਮੌਕੇ ਦਲਜੀਤ ਸਿੰਘ ਵਿਰਕ ਡੀ ਐਸ ਪੀ ਸਾਹਿਬ ਨੇ ਵਿਸ਼ਵਾਸ ਦਿਵਾਇਆ ਕਿ ਉਹ ਹਲਕਾ ਘਨੌਰ ਵਾਸੀਆ

ਪਟਿਆਲਾ-ਆਸ/ਪਾਸ

ਭਾਸ਼ਾ ਵਿਭਾਗ ਵੱਲੋਂ ਮਹੀਨਾਵਾਰ ਪੁਸਤਕ ਬੈਠਕ

ਬਾਲ ਸਾਹਿਤਕਾਰ ਤੇ ਗਾਇਕ ਕਮਲਜੀਤ ਨੀਲੋਂ ਹੋਏ ਪਾਠਕਾਂ ਦੇ ਰੂਬਰੂ

ਪਟਿਆਲਾ, 12 ਮਈ (ਰੁਪਾਣਾ) : ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਜ ਮਹੀਨਾਵਾਰ ਪੁਸਤਕ ਬੈਠਕ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਅਪ੍ਰੈਲ ਮਹੀਨੇ ਦੌਰਾਨ ਪੜ੍ਹੀਆਂ ਪੁਸਤਕਾਂ ਬਾਰੇ ਚਰਚਾ ਕੀਤੀ ਗਈ। ਇਸ ਬੈਠਕ 'ਚ ਸ਼੍ਰੋਮਣੀ ਬਾਲ ਸਾਹਿਤਕਾਰ ਕਮਲਜੀਤ ਨੀਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਸ. ਨੀਲੋਂ ਦਾ ਸਵਾਗਤ ਕਰਦਿਆਂ ਕਿਹਾ ਕਿ ਬਾਲ ਸਾਹਿਤ ਹਰੇਕ ਸਮਾਜ ਦੀ ਨਵੀਂ ਪੀੜ੍ਹੀ ਨੂੰ ਕਿਤਾਬਾਂ ਨਾਲ ਜੋੜਨ ਲਈ ਪਹਿਲਾ ਕਦਮ ਹੈ। ਪੰਜਾਬੀਆਂ ਦੀਆਂ ਕਈ ਪੀੜ੍ਹੀਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨ ਲਈ ਕਮਲਜੀਤ ਨੀਲੋਂ ਦਾ ਵੱਡਮੁੱਲਾ ਯੋਗਦਾਨ ਹੈ। ਉਨ੍ਹਾਂ ਨੇ ਜਿੱਥੇ ਆਪਣੀਆਂ ਰਚਨਾਵਾਂ ਨੂੰ ਕਿਤਾਬੀ ਰੂਪ 'ਚ ਬੱਚਿਆਂ ਦੇ ਰੂਬਰੂ

ਕੀਤਾ ਉੱਥੇ ਗਾ ਕੇ ਵੀ ਬੱਚਿਆਂ ਦਾ ਸਿਹਤਮੰਦ ਮਨੋਰੰਜਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਬੱਚਿਆਂ ਨੂੰ ਵੱਧ ਤੋਂ ਵੱਧ ਬਾਲ ਸਾਹਿਤ ਮੁਹੱਈਆ ਕਰਵਾਇਆ ਜਾਵੇ। ਸ. ਕਮਲਜੀਤ ਨੀਲੋਂ ਨੇ ਆਪਣੇ ਸਾਹਿਤਕ ਸਫ਼ਰ ਦੇ ਆਰੰਭ ਬਾਰੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਮਰਹੂਮ ਕੁਲਵੰਤ ਨੀਲੋਂ ਜੋ ਖ਼ੁਦ ਸ਼ਾਇਰ ਸਨ, ਨੇ ਸਾਹਿਤ ਨਾਲ ਜੋੜਿਆ। ਫਿਰ ਉਹ ਆਪਣੇ ਪਿਤਾ ਦੀ ਉਂਗਲ ਫੜ੍ਹਕੇ ਬਾਲ ਸਭਾਵਾਂ 'ਚ ਗਾਉਣ ਲੱਗੇ। ਸਾਹਿਤ ਪੜ੍ਹਨ 'ਚੋਂ ਹੀ ਉਨ੍ਹਾਂ ਨੂੰ ਲਿਖਣ ਦੀ ਚੇਟਕ ਲੱਗੀ ਅਤੇ ਫਿਰ ਆਪਣੀ ਬਾਲ ਲਿਖਤਾਂ ਨੂੰ ਬੱਚਿਆਂ ਦੀਆਂ ਅਵਾਜ਼ਾਂ 'ਚ ਹੀ ਗਾਉਣਾ ਸ਼ੁਰੂ ਕੀਤਾ ਜਿਸ ਨੂੰ ਹਰ ਵਰਗ ਦੇ ਸਰੋਤਿਆਂ ਨੇ ਪ੍ਰਵਾਨਗੀ ਦਿੱਤੀ। ਸ. ਨੀਲੋਂ ਨੇ ਆਪਣੇ ਵੱਖ-ਵੱਖ ਗੀਤਾਂ ਦੀ ਸਾਰਥਕਤਾ ਦੱਸੀ ਤੇ ਨਾਲੋਂ ਨਾਲ ਸੰਗੀਤਕ ਧੁਨਾਂ ਨਾਲ ਗੀਤ ਗਾ ਕੇ ਸਰੋਤਿਆਂ ਦਾ ਮਨ ਮੋਹ ਲਿਆ। ਉਨ੍ਹਾਂ ਆਪਣੇ ਚਰਚਿਤ ਗੀਤ 'ਮਾਣੇ ਬਿੱਲੀ ਆਈ ਐ.., ਤੋਂ ਇਲਾਵਾ 'ਮੰਨ ਲੈ ਦੁਆਵਾਂ ਰੱਬਾ..', 'ਖੇਡਾਂ ਖਿਡਾਵੇ ਦਾਦੀ..', 'ਬਚਪਨ ਕੀ ਤਿਤਲੀਆਂ', 'ਪੁੱਤ ਪ੍ਰਦੇਸੀਆ ਕਦ ਪਾਏਂਗਾ ਫੇਰਾ', 'ਨੂੰਹ ਸੱਸ ਦਾ ਮੁਕਾਬਲਾ' ਤੇ 'ਚੰਗਾ ਪਿਆਰਿਓ ਆਪਾਂ ਫੇਰ ਮਿਲਾਂਗੇ' ਨਾਲ ਸਮਾਗਮ ਨੂੰ ਸੰਗੀਤਕ ਬਣਾ ਦਿੱਤਾ। 'ਬਿੱਲੀ ਬੋਲੀ ਮਿਆਊਂ' ਗੀਤ ਰਾਹੀਂ ਭਾਸ਼ਾ ਵਿਭਾਗ ਦੀਆਂ ਸਰਗਰਮੀਆਂ, ਯੋਜਨਾਵਾਂ ਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਵਿਭਾਗ ਵੱਲੋਂ ਪੁਸਤਕਾਂ ਦੇ ਸੈੱਟ ਤੇ ਵਿਭਾਗੀ ਸ਼ਾਲ ਨਾਲ ਕਮਲਜੀਤ ਨੀਲੋਂ ਦਾ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਅੰਤ ਵਿੱਚ ਖੋਜ ਅਫ਼ਸਰ ਡਾ. ਸੰਤੋਖ ਸਿੰਘ ਨੇ ਕਾਵਿਕ ਅੰਦਾਜ਼ 'ਚ ਸ. ਨੀਲੋਂ ਦਾ ਧੰਨਵਾਦ ਕੀਤਾ।

ਸ਼ਹਿਰੀ ਪ੍ਰਧਾਨ ਵਿੰਦਾ ਗਰੋਵਰ ਵੱਲੋਂ ਅਕਾਲੀ ਦਲ ਪੁਨਰ ਸੁਰਜੀਤ ਪਟਿਆਲਾ ਸ਼ਹਿਰੀ ਜੱਥੇਬੰਦਕ ਢਾਂਚੇ ਦੀ ਪਹਿਲੀ ਸੂਚੀ ਦਾ ਐਲਾਨ

ਛੇ ਸਰਕਲ ਪ੍ਰਧਾਨਾਂ ਸਮੇਤ ਹੋਰ ਕਈ ਅਹੁਦੇਦਾਰਾਂ ਦੀ ਕੀਤੀ ਨਿਯੁਕਤੀ

ਪਟਿਆਲਾ, 12 ਮਈ (ਰੁਪਾਣਾ/ਅਮਰਜੀਤ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਨੇ ਪਾਰਟੀ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਆਗਿਆ ਅਨੁਸਾਰ ਤੇ ਪਾਰਟੀ ਦੇ ਕੌਰ ਕਮੇਟੀ ਮੈਂਬਰ ਤੇ ਸਾਬਕਾ ਕੈਬਨਿਟ ਮੰਤਰੀ ਸ.ਸੁਰਜੀਤ ਸਿੰਘ ਰੱਖੜਾ ਦੇ ਦਿਸ਼ਾ-ਨਿਰਦੇਸ਼ 'ਤੇ ਪਾਰਟੀ ਨੂੰ ਪਟਿਆਲਾ ਸ਼ਹਿਰ ਵਿੱਚ ਬੂਥ ਪੱਧਰ ਤੱਕ ਮਜ਼ਬੂਤ ਕਰਨ ਦੇ ਮੰਤਵ ਨਾਲ ਮਿਹਨਤੀ ਟਕਸਾਲੀ ਆਗੂਆਂ ਨੂੰ ਮਾਣ ਸਤਿਕਾਰ ਤੇ ਨਵੇਂ ਚਿਹਰੇ ਨੂੰ ਅੱਗੇ ਲਿਆਉਣ ਲਈ ਪਟਿਆਲਾ ਸ਼ਹਿਰੀ ਦੀ ਜੱਥੇਬੰਦੀ ਦੀ ਪਹਿਲੀ ਲਿਸਟ ਸੀਨੀਅਰ ਆਗੂਆਂ ਦੀ ਹਾਜ਼ਰੀ ਵਿੱਚ ਜਾਰੀ ਕੀਤੀ, ਜਿਸ ਵਿੱਚ 6 ਸਰਕਲ

ਪ੍ਰਧਾਨ ਜਿਹਨਾਂ ਵਿੱਚ ਪ੍ਰੀਤਮ ਸਿੰਘ ਸਰਕਲ ਪ੍ਰਧਾਨ (ਬਿਸ਼ਨ ਨਗਰ), ਲਖਵਿੰਦਰ ਸਿੰਘ ਚੀਮਾ ਸਰਕਲ ਪ੍ਰਧਾਨ (ਤਫੱਜਲਪੁਰਾ), ਗੁਰਚਰਨ ਸਿੰਘ ਅੰਟਾਲ ਸਰਕਲ ਪ੍ਰਧਾਨ (ਅਰਬਨ ਅਸਟੇਟ), ਜਗਦੀਸ਼ ਮਿੱਤਲ ਸਰਕਲ ਪ੍ਰਧਾਨ (ਐਨ.ਆਈ.ਐਸ ਚੌਕ-ਮਹਿੰਦਰਾ ਕਾਲਜ), ਹਰਪ੍ਰੀਤ ਸਿੰਘ ਸਰਕਲ ਪ੍ਰਧਾਨ (ਬਹੇੜਾ ਰੋਡ), ਮਨਸਿਮਰ ਸਿੰਘ ਸਰਕਲ ਪ੍ਰਧਾਨ (ਰਾਘੋ ਮਾਜਰਾ) ਨਿਯੁਕਤ ਕੀਤੇ ਗਏ ਹਨ। ਇਸ ਤੋਂ ਇਲਾਵਾ ਸ. ਮਹਿੰਦਰਪਾਲ ਸਿੰਘ ਸੋਢੀ, ਇੰਜ: ਗੁਰਵਿੰਦਰ ਸਿੰਘ ਸ਼ਕਤੀਮਾਨ, ਜਸਵਿੰਦਰ ਸਿੰਘ ਚੀਮਾ, ਇੰਜ:ਜੀ.ਪੀ ਸਿੰਘ ਨੂੰ ਸਲਾਹਕਾਰ (ਐਡਵਾਇਜ਼ਰ), ਸਕੱਤਰ ਜਨਰਲ ਲਈ ਸਤਿੰਦਰ ਸਿੰਘ ਸ਼ੱਕੂ ਗਰੋਵਰ। ਸੀਨੀਅਰ ਮੀਤ ਪ੍ਰਧਾਨ ਲਈ ਡਾ.ਜਤਿੰਦਰਪਾਲ ਸਿੰਘ ਭੋਪਾਲ, ਜਸਪ੍ਰੀਤ ਸਿੰਘ, ਚੰਦਰਭਾਨ ਗਾਬਾ। ਜਨਰਲ ਸਕੱਤਰ ਲਈ ਐਡਵੋਕੇਟ ਮਹਿਕਪ੍ਰੀਤ ਸਿੰਘ ਸਾਹਨੀ,ਅਮਨਦੀਪ ਸਿੰਘ, ਰਸ਼ਪਾਲ ਸਿੰਘ,ਵਰਿੰਦਰ ਸ਼ਰਮਾ, ਗੁਰਜੀਤ ਸਿੰਘ ਚੋਪੜਾ, ਜਸ਼ਨਜੋਤ ਸਿੰਘ ਚੱਢਾ ਚੁਣੇ ਗਏ। ਮੀਤ ਪ੍ਰਧਾਨ ਲਈ ਸ਼ਮਸ਼ੇਰ ਸਿੰਘ, ਨਵਦੀਪ ਸਿੰਘ ਬਬਲੂ, ਜਸਪਾਲ ਸਿੰਘ, ਗੁਰਜੀਤ ਸਿੰਘ ਛਾਬੜਾ, ਹਰਦਿਆਲ ਸਿੰਘ, ਏਕਮਮੀਤ ਸਿੰਘ ਚੱਢਾ, ਰਮਾਨੰਦ ਮੱਕੜ ਚੁਣੇ ਗਏ। ਜੱਥੇਬੰਦਕ ਸਕੱਤਰ ਲਈ ਗੁਰਪਾਲਇੰਦਰ ਸਿੰਘ, ਤੇਜਿੰਦਰ ਸਿੰਘ ਸੇਠੀ, ਮੁਕੇਸ਼ ਕੁਮਾਰ, ਗੁਰਮੀਤ ਸਿੰਘ, ਧਰਮਿੰਦਰ ਸਿੰਘ,ਹਰਦੀਪ ਸਿੰਘ, ਸੁਖਦੇਵ ਸਿੰਘ ਨੂੰ ਨਿਯੁਕਤ ਕੀਤਾ ਗਿਆ। ਜਥੇਦਾਰ ਵਿੰਦਾ ਨੇ ਚੁਣੀ ਜਥੇਬੰਦੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਲਦੀ ਹੀ ਦੂਜੀ ਲਿਸਟ ਜਾਰੀ ਕੀਤੀ ਜਾਵੇਗੀ, ਜਿਸ ਵਿੱਚ ਬਾਕੀ ਰਹਿੰਦੇ ਸਰਕਲ ਪ੍ਰਧਾਨਾ, ਵਰਕਿੰਗ ਕਮੇਟੀ ਮੈਂਬਰਾਂ, ਹੋਰ ਅਹੁਦੇਦਾਰ ਤੇ ਵਾਰਡ ਪ੍ਰਧਾਨਾ ਦਾ ਐਲਾਨ ਕੀਤਾ ਜਾਵੇਗਾ।

ਵਿਦਿਆਰਥੀਆਂ ਨੂੰ ਸਰਕਾਰੀ ਦਫ਼ਤਰਾਂ ਨਾਲ ਰੂਬਰੂ ਕਰਵਾਉਣ ਲਈ ਚੇਤਨਾ ਤੇ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਹੋਣਗੇ ਸ਼ੁਰੂ

ਪਟਿਆਲਾ, 12 ਮਈ (ਰੁਪਾਣਾ/ਅਮਰਜੀਤ) : ਪਟਿਆਲਾ ਜ਼ਿਲ੍ਹੇ ਵਿੱਚ ਵਿਦਿਆਰਥੀਆਂ ਨੂੰ ਪ੍ਰਸ਼ਾਸਨਿਕ ਕਾਰਗੁਜ਼ਾਰੀ ਤੋਂ ਜਾਣੂੰ ਕਰਵਾਉਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਿਵੇਕਲੀ ਪਹਿਲਕਦਮੀ ਕਰਦਿਆਂ 'ਚੇਤਨਾ' ਤੇ 'ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ' ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਇਨ੍ਹਾਂ ਪ੍ਰੋਗਰਾਮਾਂ ਦਾ ਲਾਭ ਵੱਧ ਤੋਂ ਵੱਧ ਵਿਦਿਆਰਥੀਆਂ ਤੱਕ ਪੁੱਜਦਾ ਕਰਨ ਲਈ ਜ਼ਿਲ੍ਹੇ ਦੀਆਂ ਸਮੂਹ ਵਿੱਦਿਅਕ ਸੰਸਥਾਵਾਂ ਦੇ ਮੁਖੀਆਂ ਨੂੰ ਆਪਣੇ ਵਿਦਿਆਰਥੀਆਂ ਨੂੰ ਇਨ੍ਹਾਂ ਪ੍ਰੋਗਰਾਮਾਂ ਨਾਲ ਜੋੜਨ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ ਹੈ। ਅੱਜ ਇੱਥੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਚੇਤਨਾ ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੂਹਾਂ ਦੇ ਰੂਪ 'ਚ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਦਫ਼ਤਰਾਂ ਦੇ ਰੂਬਰੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਲੋੜ ਪੈਣ 'ਤੇ ਸਰਕਾਰੀ ਦਫ਼ਤਰਾਂ ਤੇ ਸੇਵਾ ਕੇਂਦਰਾਂ ਵਿੱਚੋਂ ਸੁਖਾਲੇ ਢੰਗ ਨਾਲ ਪ੍ਰਸ਼ਾਸਨਿਕ ਸੇਵਾਵਾਂ ਪ੍ਰਾਪਤ ਕਰਨ ਲਈ ਸਿੱਖਿਅਤ ਬਣਾਉਣਾ ਹੈ। ਇਸ ਤੋਂ ਇਲਾਵਾ ਤਹਿਸੀਲ ਤੇ ਆਰ.ਟੀ.ਓ ਦਫ਼ਤਰਾਂ ਸਮੇਤ ਪੁਲਿਸ ਥਾਣਿਆਂ ਆਦਿ ਵਿੱਚ ਵੀ ਇਨ੍ਹਾਂ ਦਾ ਸੰਪਰਕ ਟੂਰ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਸਕੂਲਾਂ ਦੇ ਕਾਲਜਾਂ ਦੇ ਵਿਦਿਆਰਥੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਜੁੜਕੇ 3 ਮਹੀਨਿਆਂ ਦੀ ਇੰਟਰਨਸ਼ਿਪ ਕਰਨਗੇ, ਜਿਸ ਤਹਿਤ ਉਹ ਜਿੱਥੇ ਕਿਸੇ ਵੀ ਆਪਣੇ

ਮਨਪਸੰਦੀਦਾ ਵਿਭਾਗ ਦੀ ਕਾਰਗੁਜ਼ਾਰੀ ਤੋਂ ਜਾਣੂ ਹੋਣਗੇ, ਉਥੇ ਹੀ ਇਸ ਨੂੰ ਹੋਰ ਸੁਚਾਰੂ ਤੇ ਲੋਕ ਪੱਖੀ ਬਣਾਉਣ ਸਮੇਤ ਇਸ ਦੀ ਕਾਰਗੁਜ਼ਾਰੀ ਨੂੰ ਹੋਰ ਸੁਧਾਰਨ ਹਿੱਤ ਆਪਣੇ ਸੁਝਾਉ ਵੀ ਦੇ ਸਕਣਗੇ। ਉਨ੍ਹਾਂ ਕਿਹਾ ਕਿ ਅਜਿਹੇ ਵਿਦਿਆਰਥੀਆਂ ਨੂੰ ਜ਼ਿਲ੍ਹਾ ਮੈਜਿਸਟ੍ਰੇਟ ਦੇ ਦਸਤਖ਼ਤਾਂ ਹੇਠ ਸਰਟੀਫਿਕੇਟ ਜਾਰੀ ਕਰਨ ਸਮੇਤ ਉਹ ਖ਼ੁਦ ਇਨ੍ਹਾਂ ਨਾਲ ਨਿਜੀ ਮੁਲਾਕਾਤ ਵੀ ਕਰਨਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਹੋਰ ਦੱਸਿਆ ਕਿ ਮੌਜੂਦਾ ਸਮੇਂ ਨਵਜਨਮੇ ਬੱਚਿਆਂ ਤੇ ਜਣੇਪੇ ਬਾਅਦ ਮਾਵਾਂ ਦੀ ਦੇਖਭਾਲ ਲਈ ਹੁਨਰਮੰਦ ਵਰਕਰਾਂ ਦੀ ਬਹੁਤ ਮੰਗ ਹੈ, ਜਿਸ ਲਈ ਜ਼ਿਲ੍ਹੇ ਵਿੱਚ ਮਹਿਲਾ ਉਮੀਦਵਾਰਾਂ ਲਈ ਜਾਪਾ ਮੇਡ ਦੀ ਹੁਨਰ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਨੇ ਜ਼ਿਲ੍ਹਾ ਉਦਯੋਗ ਕੇਂਦਰ ਦੇ ਜੀ.ਐਮ ਨੂੰ ਹਦਾਇਤ ਕੀਤੀ ਕਿ ਪਟਿਆਲਾ ਸਮੇਤ ਹੋਰ ਨੇੜਲੇ ਜ਼ਿਲ੍ਹਿਆਂ ਵਿੱਚਲੇ ਉਦਯੋਗਾਂ ਵਿੱਚ ਮੰਗ ਮੁਤਾਬਕ ਜ਼ਿਲ੍ਹੇ ਅੰਦਰਲੀਆਂ ਆਈ.ਟੀ.ਆਈਜ ਤੇ ਤਕਨੀਕੀ ਸਿੱਖਿਆ ਸੰਸਥਾਵਾਂ ਵਿੱਚ ਸਿਖਿਆਰਥੀਆਂ ਨੂੰ ਹੁਨਰਮੰਦ ਸਿਖਲਾਈ ਦਿੱਤੀ ਜਾਣੀ ਯਕੀਨੀ ਬਣਾਈ ਜਾਵੇ।ਡਿਪਟੀ ਕਮਿਸ਼ਨਰ ਨੇ ਸਕੂਲਾਂ, ਕਾਲਜਾਂ 'ਚ ਪੜ੍ਹਦੀਆਂ ਲੜਕੀਆਂ ਨੂੰ ਸਵੈ ਰੱਖਿਆ ਦੇ ਢੰਗ ਤਰੀਕੇ ਸਿਖਾਉਣ 'ਤੇ ਵੀ ਜ਼ੋਰ ਦਿੱਤਾ ਅਤੇ ਇਸ ਲਈ ਸਿਖਲਾਈ ਕੋਰਸ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਜ਼ਿਲ੍ਹੇ ਦੇ ਨਸ਼ਾ ਮੁਕਤੀ ਕੇਂਦਰਾਂ 'ਚ ਇਲਾਜ ਲਈ ਦਾਖਲ ਵਿਅਕਤੀਆਂ ਨੂੰ ਹੁਨਰਮੰਦ ਬਣਾ ਕੇ ਆਤਮ ਨਿਰਭਰ ਬਣਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਾ ਛੱਡਣ ਦੀ ਰਾਹ 'ਤੇ ਚੱਲ ਰਹੇ ਵਿਅਕਤੀਆਂ ਦਾ ਨਿਰੰਤਰ ਫਾਲੋਅਪ ਲਿਆ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਦੇ ਸੀਨੀਅਰ ਸੈਕੰਡਰੀ ਸਕੂਲਾਂ ਤੇ ਕਾਲਜਾਂ ਦੇ ਗਰਾਊਂਡਾਂ ਵਿਖੇ ਵਿਦਿਆਰਥੀਆਂ ਨੂੰ ਫੌਜ, ਬੀ.ਐਸ.ਐਫ. ਤੇ ਪੁਲਿਸ ਦੀ ਭਰਤੀ ਲਈ ਲੋੜੀਂਦੇ ਮਾਪਦੰਡਾਂ ਬਾਰੇ ਜਾਗਰੂਕ ਕਰਨ ਲਈ ਫਲੈਕਸ ਬੋਰਡ ਲਗਾਉਣ ਦੇ ਵੀ ਨਿਰਦੇਸ਼ ਦਿੱਤੇ।ਡੀ.ਬੀ.ਈ.ਈ. ਵੱਲੋਂ ਚਲਾਏ ਜਾ ਰਹੇ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਕੋਚਿੰਗ ਸੈਂਟਰ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਕੋਚਿੰਗ ਸੈਂਟਰ ਦੀਆਂ ਕਲਾਸਾਂ ਨੂੰ ਨਿਯਮਤ ਕਰਕੇ ਲੰਬੇ ਸਮੇਂ ਦੇ ਚੰਗੇ ਨਤੀਜੇ ਪ੍ਰਾਪਤ ਕਰਨ ਵੱਲ ਧਿਆਨ ਕੇਂਦਰਤ ਕੀਤਾ ਜਾਵੇ। ਉਨ੍ਹਾਂ ਨੇ ਬਿਊਰੋ ਦੀਆਂ ਹੋਰ ਗਤੀਵਿਧੀਆਂ ਤੇ ਪ੍ਰਾਜੈਕਟਾਂ ਦਾ ਵੀ ਜਾਇਜ਼ਾ ਲੈਂਦਿਆਂ ਹਦਾਇਤ ਕੀਤੀ ਕਿ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀਆਂ ਸੇਵਾਵਾਂ ਦਾ ਲਾਭ ਜ਼ਿਲ੍ਹੇ ਦੇ ਹਰ ਨੌਜਵਾਨ ਵਿਦਿਆਰਥੀ ਤੱਕ ਪੁੱਜਦਾ ਕਰਨਾ ਯਕੀਨੀ ਬਣਾਇਆ ਜਾਵੇ।ਇਸ ਦੌਰਾਨ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਮੇਜਰ ਹਰਪ੍ਰੀਤ ਸਿੰਘ ਮਾਨਸ਼ਾਹੀਆ, ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਦੇ ਸਕੱਤਰ ਡਾ. ਪ੍ਰਿਤਪਾਲ ਸਿੰਘ ਸਿੱਧੂ ਸਮੇਤ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਪ੍ਰਿੰਸੀਪਲ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਨਗਰ ਕੌਂਸਲ ਸਨੌਰ ਦੇ ਨਵੇਂ ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦਾ ਸਵਾਗਤ

ਸਨੌਰ, 12 ਮਈ (ਪ੍ਰਥਮ ਕੁਮਾਰ) : ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਅਤੇ ਦ ਕਲਾਸ ਫੋਰਥ ਗੌਰਮਿੰਟ ਇੰਪਲਾਇਜ਼ ਯੂਨੀਅਨ ਰਜਿ. ਨੰਬਰ 1680 ਪੰਜਾਬ ਦੀ ਇਕਾਈ ਨਗਰ ਕੌਂਸਲ ਸਨੌਰ ਵੱਲੋਂ ਨਗਰ ਕੌਂਸਲ ਦੇ ਨਵੇਂ ਚੁਣੇ ਗਏ ਸੀਨੀਅਰ ਮੀਤ ਪ੍ਰਧਾਨ

ਯੁਵਰਾਜ ਸਿੰਘ ਕੰਬੋਜ ਅਤੇ ਮੀਤ ਪ੍ਰਧਾਨ ਮਲਕੀਤ ਰਾਮ ਸ਼ਕੀਨ ਦਾ ਸਮੂਹ ਦਫ਼ਤਰੀ ਅਤੇ ਸਫਾਈ ਕਰਮਚਾਰੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਦਫ਼ਤਰ ਯੂਨੀਅਨ ਦੇ ਪ੍ਰਧਾਨ ਹੰਸਰਾਜ ਅਤੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਅਜੈ ਕੁਮਾਰ ਹੈਪੀ ਨੇ ਨਵੇਂ ਅਹੁਦੇਦਾਰਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਕਰਮਚਾਰੀ ਹਮੇਸ਼ਾ ਸ਼ਹਿਰ ਦੀ ਸਫਾਈ, ਵਿਕਾਸ ਅਤੇ ਲੋਕ ਸੇਵਾਵਾਂ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਦੇ ਹਨ ਅਤੇ ਉਮੀਦ ਹੈ ਕਿ ਨਵੇਂ ਚੁਣੇ ਗਏ ਅਹੁਦੇਦਾਰ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਗੇ। ਇਸ ਮੌਕੇ ਹਰਿੰਦਰ ਸਿੰਘ, ਕੁਲਦੀਪ ਸਿੰਘ, ਵਿਕਰਮਜੀਤ ਸਿੰਘ, ਮਨੋਜ ਕੁਮਾਰ, ਕੁਲਵੰਤ ਸਿੰਘ, ਡਿੰਪਲ, ਜਗਸੀਰ ਸਿੰਘ, ਵਰਿੰਦਰ ਸਿੰਘ, ਰਾਜ ਕੁਮਾਰ, ਰੀਆ, ਨੀਲਮ ਰਾਣੀ ਅਤੇ ਸਾਰ ਕੌਰ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

ਸ. ਹਰਦਮ ਸਿੰਘ ਪਬਲਿਕ ਸਕੂਲ ਜਿੰਦਲਪੁਰ ਨੇ ਕਰਾਟੇ ਚੈਂਪੀਅਨਸ਼ਿਪ 'ਚ ਜਿੱ